@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 10 February 2025

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 10 ਫਰਵਰੀ 2025, 26 ਮਾਘ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 43, ਅੰਕ 91, qpatrika@gmail.com ਫੋਨ : 9971359517 www.qaumipatrika.org

# ਆਤਿਸ਼ੀ ਨੇ ਦਿੱਲੀ ਦੇ ਮੁੱਖ ਮੰਤਰੀ ਅਹੁਦੇ ਤੋਂ ਦਿੱਤਾ ਅਸਤੀਫ਼ਾ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 9 ਫਰਵਰੀ। ਦਿੱਲੀ ਦੀ ਮੁੱਖ ਮੰਤਰੀ ਆਤਿਸ਼ੀ ਨੇ ਅੱਜ ਯਾਨੀ ਕਿ ਐਤਵਾਰ ਨੂੰ ਮੁੱਖ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਨੇ ਉਪ ਰਾਜਪਾਲ ਵੀ. ਕੇ. ਸਕਸੈਨਾ ਨਾਲ ਮੁਲਾਕਾਤ ਕਰ ਕੇ ਆਪਣਾ ਅਸਤੀਫ਼ਾ ਸੌਂਪ ਦਿੱਤਾ ਹੈ। ਇਸ ਦੇ ਨਾਲ ਹੀ ਉਪ ਰਾਜਪਾਲ ਨੇ ਪਿਛਲੀ ਵਿਧਾਨ ਸਭਾ ਨੂੰ ਭੰਗ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਇਸ ਨੋਟੀਫਿਕੇਸ਼ਨ ਨਾਲ ਨਵੀਂ ਵਿਧਾਨ ਸਭਾ ਦੇ ਗਠਨ ਦਾ ਰਾਹ ਪੱਧਰਾ ਹੋ ਗਿਆ ਹੈ। ਨਵੀਂ ਵਿਧਾਨ ਸਭਾ ਦੇ ਗਠਨ ਤੋਂ ਬਾਅਦ ਸਰਕਾਰ ਬਣਾਉਣ ਦੀ ਪ੍ਰਕਿਰਿਆ ਵੀ ਸ਼ੁਰੂ ਹੋ ਜਾਵੇਗੀ। 8 ਫਰਵਰੀ ਨੂੰ ਆਏ ਦਿੱਲੀ ਚੋਣ ਨਤੀਜਿਆਂ ਨੇ ਭਾਜਪਾ ਦੀ ਜਿੱਤ ਨੂੰ ਸਾਫ਼ ਕਰ ਦਿੱਤਾ ਅਤੇ ਇਸ ਦੇ ਨਾਲ ਹੀ 27 ਸਾਲ ਬਾਅਦ ਭਾਜਪਾ ਦੀ ਦਿੱਲੀ ਦੀ ਸੱਤਾ 'ਤੇ ਵਾਪਸੀ ਹੋਈ ਹੈ। ਅਜਿਹੇ ਵਿਚ ਆਤਿਸ਼ੀ ਨੇ ਆਪਣਾ ਅਸਤੀਫ਼ਾ ਦੇ ਦਿੱਤਾ ਹੈ। ਹਾਲਾਂਕਿ ਆਤਿਸ਼ੀ ਕਾਲਕਾਜੀ ਸੀਟ ਤੋਂ ਜਿੱਤੀ ਹੈ। ਆਤਿਸ਼ੀ ਇਸ ਸੀਟ 'ਤੇ ਭਾਜਪਾ ਦੇ ਉਮੀਦਵਾਰ ਰਮੇਸ਼ ਬਿਧੂੜੀ ਖਿਲਾਫ਼ ਮੈਦਾਨ ਵਿਚ ਸੀ। ਚੋਣ ਕਮਿਸ਼ਨ ਮੁਤਾਬਕ ਦੋਹਾਂ ਵਿਚਾਲੇ ਟੱਕਰ ਦਾ ਮੁਕਾਬਲਾ ਸੀ। ਆਤਿਸ਼ੀ ਨੇ ਰਮੇਸ਼ ਨੂੰ 3580 ਵੋਟਾਂ ਦੇ ਫਰਕ ਨਾਲ ਹਰਾਇਆ। ਆਤਿਸ਼ੀ ਨੂੰ ਕੁੱਲ 52058 ਵੋਟਾਂ ਪਈਆਂ।



ਉੱਥੇ ਹੀ ਆਮ ਆਦਮੀ ਪਾਰਟੀ ਦੇ ਕਈ ਵੱਡੇ ਨੇਤਾ ਚੋਣਾਂ ਹਾਰ ਗਏ। ਅਰਵਿੰਦ ਕੇਜਰੀਵਾਲ ਨਵੀਂ ਦਿੱਲੀ ਸੀਟ ਤੋਂ ਹਾਰ ਗਏ। ਮਨੀਸ਼ ਸਿਸੋਦੀਆ ਨੂੰ ਵੀ ਜੰਗਪੁਰਾ ਸੀਟ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ। ਸ਼ਰਾਬ ਘਪਲੇ ਮਾਮਲੇ ਵਿਚ ਅਰਵਿੰਦ ਕੇਜਰੀਵਾਲ ਜੇਲ੍ਹ ਚੱਲੇ ਗਏ ਸਨ। ਜੇਲ੍ਹ ਵਿਚੋਂ ਬਾਹਰ ਆਉਣ ਮਗਰੋਂ ਕੇਜਰੀਵਾਲ ਨੇ ਮੁੱਖ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ। ਫਿਰ 21 ਸਤੰਬਰ 2024 ਨੂੰ ਆਤਿਸ਼ੀ ਨੂੰ ਦਿੱਲੀ ਦੀ ਮੁੱਖ ਮੰਤਰੀ ਦਾ ਅਹੁਦਾ ਸੌਂਪਿਆ ਗਿਆ। ਇਸ ਤੋਂ ਬਾਅਦ 43 ਸਾਲਾ ਦੀ ਆਤਿਸ਼ੀ ਦਿੱਲੀ ਦੀ ਤੀਜੀ ਮਹਿਲਾ ਮੁੱਖ ਮੰਤਰੀ ਬਣੀ। ਸਾਲ 2015 ਵਿਚ ਆਤਿਸ਼ੀ ਨੂੰ ਤੱਤਕਾਲੀਨ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਦਾ ਸਲਾਹਕਾਰ ਨਿਯੁਕਤ ਕੀਤਾ ਗਿਆ ਸੀ। ਆਤਿਸ਼ੀ ਐਜੂਕੇਸ਼ਨ ਸਿਸਟਮ ਨੂੰ ਸੁਧਾਰਨ ਅਤੇ ਬੁਨਿਆਦੀ ਢਾਂਚੇ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਆਮ ਆਦਮੀ ਪਾਰਟੀ ਸਰਕਾਰ ਨਾਲ ਕੰਮ ਕਰ ਰਹੀ ਸੀ। ਉਨ੍ਹਾਂ ਨੇ ਕੈਬਨਿਟ ਮੰਤਰੀ ਦੇ ਰੂਪ ਵਿਚ ਕਈ ਵਿਭਾਗਾਂ ਦਾ ਕੰਜਕਾਜ ਸੰਭਾਲਿਆ। ਦੱਸ ਦੇਈਏ ਕਿ ਦਿੱਲੀ ਵਿਚ ਭਾਜਪਾ ਦੇ ਖਾਤੇ 48 ਸੀਟਾਂ ਆਈਆਂ ਹਨ ਅਤੇ ਆਮ ਆਦਮੀ ਪਾਰਟੀ (ਆਪ) ਨੂੰ 22 ਸੀਟਾਂ ਮਿਲੀਆਂ। 10 ਸਾਲਾਂ ਵਿਚ ਪਹਿਲੀ ਵਾਰ ਅਜਿਹਾ ਹੋਇਆ ਹੈ ਕਿ ਆਮ ਆਦਮੀ ਪਾਰਟੀ ਨੂੰ ਸਿਰਫ 22 ਸੀਟਾਂ ਹੀ ਮਿਲੀਆਂ। ਇਸ ਦੇ ਨਾਲ ਹੀ ਭਾਜਪਾ ਦਿੱਲੀ ਵਿਚ ਵੱਡੇ ਬਹੁਮਤ ਨਾਲ ਵਾਪਸ ਆਈ ਹੈ। ਭਾਜਪਾ ਨੇ ਦਿੱਲੀ ਦੀਆਂ 70 ਵਿਧਾਨ ਸਭਾ ਸੀਟਾਂ ਵਿਚੋਂ 48 ਸੀਟਾਂ ਲੈ ਕੇ ਬਹੁਮਤ ਦਾ ਅੰਕੜਾ ਪਾਰ ਕੀਤਾ ਹੈ, ਉੱਥੇ ਹੀ ਕਾਂਗਰਸ ਇਕ ਵੀ ਸੀਟ ਹਾਸਲ ਕਰਨ ਵਿਚ ਨਾਕਾਮ ਰਹੀ।

## ਕੇਂਦਰ ਸਰਕਾਰ ਸੰਵਿਧਾਨ ਨੂੰ ਕਮਜ਼ੋਰ ਕਰਨ ਦੀ ਕਰ ਰਹੀ ਹੈ ਕੋਸ਼ਿਸ਼ : ਪ੍ਰਿਅੰਕਾ

ਵਾਇਨਾਡ 9 ਫਰਵਰੀ। ਕਾਂਗਰਸ ਦੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਨੇ ਐਤਵਾਰ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਇਤਿਹਾਸ 'ਚ ਪਹਿਲੀ ਵਾਰ ਕੋਈ ਸਰਕਾਰ ਦੇਸ਼ ਦੇ ਸੰਵਿਧਾਨ ਤੇ ਲੋਕਤੰਤਰ ਦੋਵਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਕੇਰਲ ਦੇ ਏਰਾਨਾਡ ਵਿਧਾਨ ਸਭਾ ਹਲਕੇ 'ਚ ਪਾਰਟੀ ਦੇ ਬੂਥ-ਪੱਧਰ ਦੇ ਆਗੂਆਂ ਨੂੰ ਸੰਬੋਧਨ ਕਰਦਿਆਂ ਵਾਇਨਾਡ ਦੀ ਸੰਸਦ ਮੈਂਬਰ ਪ੍ਰਿਅੰਕਾ ਨੇ ਕਿਹਾ ਕਿ ਤੁਹਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਅੱਜ ਅਸੀਂ ਜੋ ਲੜਾਈ ਲੜ ਰਹੇ ਹਾਂ, ਉਹ ਸਿਰਫ਼ ਸਾਡੀ ਆਪਣੀ ਰਾਜਨੀਤੀ ਤੇ ਵਿਚਾਰਧਾਰਾ ਦੀ ਲੜਾਈ ਨਹੀਂ ਸਗੋਂ ਭਾਰਤ ਨੇ ਜੋ ਕੁਝ ਹਾਸਲ ਕੀਤਾ ਹੈ, ਉਸ ਨੂੰ ਬਚਾਉਣ ਦੀ ਲੜਾਈ ਹੈ। ਵਾਇਨਾਡ ਦੇ ਆਪਣੇ ਤਿੰਨ ਦਿਨਾਂ ਦੌਰੇ ਦੇ ਦੂਜੇ ਦਿਨ ਪ੍ਰਿਅੰਕਾ ਨੇ ਮਨੁੱਖ-ਪਸ਼ੂ ਸੰਘਰਸ਼ ਦੇ ਮੁੱਦੇ 'ਤੇ ਗੱਲ ਕੀਤੀ ਤੇ ਕਿਹਾ ਕਿ ਉਹ ਕੇਂਦਰ ਤੇ ਸੂਬਾ ਸਰਕਾਰ ਨੂੰ ਹੋਰ ਫੰਡ ਅਲਾਟ ਕਰਨ ਲਈ ਲਿਖੇਗੀ ਕਿਉਂਕਿ ਪ੍ਰਭਾਵਸ਼ਾਲੀ ਸੁਰੱਖਿਆ ਉਪਾਵਾਂ ਲਈ ਲੋੜੀਂਦੇ ਫੰਡਾਂ ਦੀ ਲੋੜ ਹੈ। ਮੀਟਿੰਗ ਤੋਂ ਬਾਅਦ ਮਨੁੱਖ-ਪਸ਼ੂ ਸੰਘਰਸ਼ ਦੇ ਮੁੱਦੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਮੈਂ ਇਹ ਮੁੱਦਾ ਪਹਿਲਾਂ ਵੀ ਉਠਾਇਆ ਹੈ ਤੇ ਭਵਿੱਖ 'ਚ ਵੀ ਅਜਿਹਾ ਕਰਨਾ ਜਾਰੀ ਰੱਖਾਂਗੀ। ਉਨ੍ਹਾਂ ਕਿਹਾ ਕਿ ਜੰਗਲਾਤ ਗਾਰਡਾਂ, ਚੌਕੀਦਾਰਾਂ ਤੇ ਹੋਰਾਂ ਦੀ ਸੁਰੱਖਿਆ ਨੂੰ ਵਧਾਉਣ ਲਈ ਬਿਹਤਰ ਨਿਗਰਾਨੀ, ਬਿਹਤਰ ਸੁਰੱਖਿਆ ਉਪਾਅ ਤੇ ਫੰਡਿੰਗ ਵਧਾਉਣ ਦੀ ਲੋੜ ਹੈ।



## ਬਜ਼ੁਰਗਾਂ ਦੇ ਨਾਲ ਖੜ੍ਹੀ ਪੰਜਾਬ ਸਰਕਾਰ, ਪੈਨਸ਼ਨ ਦੇ ਤੌਰ 'ਤੇ ਵੰਡ ਰਹੀ ਕਰੋੜਾਂ ਰੁਪਏ

ਜਲੰਧਰ 9 ਫਰਵਰੀ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਜ਼ੁਰਗਾਂ ਨੂੰ ਹਰ ਸਹੂਲਤ ਦੇਣ ਲਈ ਤਰ੍ਹਾਂ-ਤਰ੍ਹਾਂ ਦੇ ਉਪਰਾਲੇ ਕਰ ਰਹੀ ਹੈ। ਇਸ ਦੇ ਤਹਿਤ ਪੰਜਾਬ ਸਰਕਾਰ ਵਲੋਂ ਸੂਬੇ ਦੇ ਬਜ਼ੁਰਗਾਂ ਨੂੰ ਪੈਨਸ਼ਨ ਦੇ ਤੌਰ 'ਤੇ ਹਰ ਮਹੀਨੇ 1500 ਰੁਪਏ ਦਿੱਤੇ ਜਾ ਰਹੇ ਹਨ, ਤਾਂ ਜੋ ਬਜ਼ੁਰਗਾਂ ਨੂੰ ਕਿਸੇ ਦੂਜੇ ਦੇ ਹੱਥਾਂ ਵੱਲ ਨਾ ਦੇਖਣਾ ਪਵੇ। ਹਾਲ ਹੀ 'ਚ ਸੂਬੇ ਦੇ ਬਜ਼ੁਰਗਾਂ ਲਈ ਪੰਜਾਬ ਸਰਕਾਰ ਵਲੋਂ ਪੈਨਸ਼ਨ ਸਕੀਮ ਤਹਿਤ 3368.89 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਪੰਜਾਬ ਸਰਕਾਰ ਨੇ 34.90 ਲੱਖ ਲਾਭਪਾਤਰੀਆਂ ਨੂੰ 4,532.60 ਕਰੋੜ ਰੁਪਏ ਦੀ ਪੈਨਸ਼ਨ ਵੰਡੀ ਹੈ। ਪੰਜਾਬ ਸਰਕਾਰ ਦਾ ਮੰਨਣਾ ਹੈ ਕਿ ਬਜ਼ੁਰਗ ਸਾਡਾ ਮਾਣ ਅਤੇ ਸਾਡੀ ਪੂੰਜੀ ਹਨ। ਅਸੀਂ ਉਨ੍ਹਾਂ ਲਈ ਮਹੀਨੇਵਾਰ ਪੈਨਸ਼ਨ ਯਕੀਨੀ ਕਰਕੇ ਆਪਣਾ ਇਹ ਫ਼ਰਜ਼ ਪੂਰਾ ਕਰ ਰਹੇ ਹਾਂ। ਮੁੱਖ ਮੰਤਰੀ ਭਗਵੰਤ ਮਾਨ ਦਾ ਕਹਿਣਾ ਹੈ ਕਿ ਮੈਂ ਇਕ ਅਜਿਹੇ ਰੰਗਲੇ ਪੰਜਾਬ ਦਾ ਸੁਫ਼ਨਾ ਦੇਖਦਾ ਹਾਂ, ਜਿੱਥੇ ਹਰ ਨਾਗਰਿਕ ਇਕ ਖ਼ੁਸ਼ਹਾਲ ਅਤੇ ਸੰਤੁਸ਼ਟ ਜੀਵਨ ਦਾ ਆਨੰਦ ਲੈ ਸਕੇ। ਪੰਜਾਬ ਸਰਕਾਰ ਨੇ ਬਜ਼ੁਰਗਾਂ ਦੇ ਨਾਲ-ਨਾਲ ਵਿਧਵਾਵਾਂ, ਬੇਸਹਾਰਾ ਔਰਤਾਂ, ਬੱਚਿਆਂ ਅਤੇ ਦਿਵਿਆਂਗ ਲੋਕਾਂ ਨੂੰ ਵੀ ਆਰਥਿਕ ਸਹਾਇਤਾ ਮੁਹੱਈਆ ਕਰਵਾਈ ਹੈ। ਇਨ੍ਹਾਂ ਲੋਕਾਂ ਲਈ 5,924.50 ਕਰੋੜ ਰੁਪਏ ਦਾ ਬਜਟ ਪ੍ਰਾਵਧਾਨ ਰੱਖਿਆ ਗਿਆ ਹੈ।



# ਮਣੀਪੁਰ ਦੇ ਮੁੱਖ ਮੰਤਰੀ ਬੀਰੇਨ ਸਿੰਘ ਨੇ ਦਿੱਤਾ ਅਸਤੀਫਾ

**ਏਜੰਸੀਆਂ**

ਨੈਸ਼ਨਲ ਡੈਸਕ 9 ਫਰਵਰੀ। ਮਣੀਪੁਰ ਵਿੱਚ ਸਿਆਸੀ ਹਲਚਲ ਵਧ ਗਈ ਹੈ, ਸੂਬੇ ਦੇ ਮੁੱਖ ਮੰਤਰੀ ਐਨ. ਬੀਰੇਨ ਸਿੰਘ ਨੇ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਬੀਰੇਨ ਸਿੰਘ ਭਾਜਪਾ ਸੰਸਦ ਮੈਂਬਰ ਸੰਬਿਤ ਪਾਤਰਾ, ਮਣੀਪੁਰ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਨਾਲ ਰਾਜਪਾਲ ਨੂੰ ਮਿਲਣ ਲਈ ਰਾਜ ਭਵਨ ਪਹੁੰਚੇ ਸਨ। ਇਸ ਫੈਸਲੇ ਤੋਂ ਪਹਿਲਾਂ ਬੀਰੇਨ ਸਿੰਘ ਨੇ ਐਤਵਾਰ ਨੂੰ ਦਿੱਲੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਵੀ ਮੁਲਾਕਾਤ ਕੀਤੀ ਸੀ। ਇਸ ਦੌਰਾਨ ਗ੍ਰਹਿ ਮੰਤਰਾਲੇ ਨੇ ਸਾਰੀਆਂ ਸੁਰੱਖਿਆ ਏਜੰਸੀਆਂ ਨੂੰ ਹਾਈ ਅਲਰਟ 'ਤੇ ਰਹਿਣ ਲਈ ਕਿਹਾ ਹੈ। ਲੰਬੇ ਸਮੇਂ ਤੋਂ ਭਾਜਪਾ ਵਿਧਾਇਕਾਂ ਵਿੱਚ ਬੀਰੇਨ ਸਿੰਘ ਪ੍ਰਤੀ ਨਾਰਾਜ਼ਗੀ ਸੀ। ਪਿਛਲੇ ਸਾਲ ਅਕਤੂਬਰ ਵਿੱਚ ਮਣੀਪੁਰ ਵਿੱਚ 19 ਭਾਜਪਾ ਵਿਧਾਇਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਭੇਜ ਕੇ ਐੱਨ. ਬੀਰੇਨ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਸੀ। ਪੱਤਰ 'ਤੇ ਦਸਤਖਤ ਕਰਨ ਵਾਲਿਆਂ ਵਿੱਚ ਵਿਧਾਨ ਸਭਾ ਸਪੀਕਰ ਥੋਕਚੋਮ ਸੱਤਿਆਬ੍ਰਤ ਸਿੰਘ, ਮੰਤਰੀ ਥੋਂਗਮ ਵਿਸ਼ਵਜੀਤ ਸਿੰਘ ਅਤੇ ਯੁਮਨਮ ਖੇਮਚੰਦ ਸਿੰਘ ਸ਼ਾਮਲ ਸਨ। ਪੱਤਰ ਵਿੱਚ ਕਿਹਾ ਗਿਆ ਸੀ ਕਿ ਮਣੀਪੁਰ ਦੇ ਲੋਕ ਭਾਜਪਾ ਸਰਕਾਰ ਤੋਂ ਸਵਾਲ ਕਰ ਰਹੇ ਹਨ ਕਿ ਸੂਬੇ ਵਿੱਚ ਅਜੇ ਤੱਕ ਸ਼ਾਂਤੀ ਕਿਉਂ ਬਹਾਲ ਨਹੀਂ ਹੋਈ। ਜੇਕਰ ਜਲਦੀ ਹੀ ਕੋਈ ਹੱਲ ਨਾ ਨਿਕਲਿਆ ਤਾਂ ਵਿਧਾਇਕਾਂ ਤੋਂ ਅਸਤੀਫ਼ੇ ਦੀ ਮੰਗ ਕੀਤੀ ਜਾਵੇਗੀ। ਦੱਸ ਦੇਈਏ ਕਿ ਮਣੀਪੁਰ ਵਿੱਚ ਹਿੰਸਾ ਲੰਬੇ ਸਮੇਂ ਤੋਂ ਇੱਕ ਗੰਭੀਰ ਮੁੱਦਾ ਰਿਹਾ ਹੈ। ਸੂਬੇ ਵਿੱਚ ਮੀਤੇਈ ਅਤੇ ਕੁਕੀ ਭਾਈਚਾਰਿਆਂ ਵਿਚਕਾਰ ਵਧਦੇ ਤਣਾਅ ਕਾਰਨ ਕਈ ਹਿੰਸਕ ਝੜਪਾਂ ਹੋਈਆਂ ਸਨ, ਜਿਨ੍ਹਾਂ ਵਿੱਚ ਸੈਂਕੜੇ ਲੋਕਾਂ ਦੀ ਜਾਨ ਗਈ ਹੈ ਅਤੇ ਹਜ਼ਾਰਾਂ ਲੋਕਾਂ ਨੂੰ ਆਪਣੇ ਘਰ ਛੱਡਣ ਲਈ ਮਜਬੂਰ ਹੋਣਾ ਪਿਆ ਹੈ। ਮੀਤੇਈ ਅਤੇ ਕੁਕੀ ਭਾਈਚਾਰਿਆਂ ਵਿਚਕਾਰ ਜ਼ਮੀਨ, ਰਾਖਵੇਂਕਰਨ ਅਤੇ ਰਾਜਨੀਤਿਕ ਪ੍ਰਤੀਨਿਧਤਾ ਨੂੰ ਲੈ ਕੇ ਲੰਬੇ ਸਮੇਂ ਤੋਂ ਵਿਵਾਦ ਚੱਲ ਰਿਹਾ ਹੈ। ਇਸ ਦੌਰਾਨ ਇੱਕ ਭਾਈਚਾਰਾ ਸਰਕਾਰ 'ਤੇ ਸੂਬੇ ਵਿੱਚ ਪੱਖਪਾਤੀ ਰਵੱਈਆ ਅਪਣਾਉਣ ਦਾ ਦੋਸ਼ ਲਗਾ ਰਿਹਾ ਹੈ। ਸੂਬੇ ਵਿੱਚ ਪਿਛਲੇ ਕੁਝ ਮਹੀਨਿਆਂ ਵਿੱਚ ਵੱਡੇ ਪੱਧਰ 'ਤੇ ਝੜਪਾਂ ਹੋਈਆਂ ਹਨ ਜਿਨ੍ਹਾਂ ਵਿੱਚ ਬਹੁਤ ਸਾਰੇ ਲੋਕ ਮਾਰੇ ਗਏ ਹਨ ਅਤੇ ਕੇਂਦਰ ਸਰਕਾਰ ਨੇ ਸਥਿਤੀ ਨੂੰ ਕਾਬੂ ਕਰਨ ਲਈ ਵਾਧੂ ਸੁਰੱਖਿਆ ਬਲ ਤਾਇਨਾਤ ਕੀਤੇ ਹਨ।



## ਡੱਲੇਵਾਲ ਦੀ ਸਿਹਤ ਸਬੰਧੀ ਵੱਡੀ ਅਪਡੇਟ, ਡਰਿੱਪ ਲਾਉਣ ਲਈ ਨਹੀਂ ਮਿਲ ਰਹੀ ਨਾੜ, ਇਲਾਜ ਬੰਦ !

ਪਟਿਆਲਾ/ਸਨੌਰ 9 ਫਰਵਰੀ। ਖਨੌਰੀ ਬਾਰਡਰ 'ਤੇ 26 ਨਵੰਬਰ 2024 ਤੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਹੱਕੀਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਮਰਨ ਵਰਤ ਦੇ 75ਵੇਂ ਦਿਨ 'ਚ ਪੁੱਜੇ ਜਗਜੀਤ ਸਿੰਘ ਡੱਲੇਵਾਲ ਦੀ ਹਾਲਤ ਮੁੜ ਨਾਜ਼ੁਕ ਬਣਦੀ ਜਾ ਰਹੀ ਹੈ। ਪਿਛਲੇ 5 ਦਿਨਾਂ ਤੋਂ ਉਨ੍ਹਾਂ ਨੂੰ ਡਾਕਟਰੀ ਸਹਾਇਤਾ ਦੇਣ 'ਚ ਮੁਸ਼ਕਲ ਆ ਰਹੀ ਹੈ ਕਿਉਂਕਿ ਡਾਕਟਰਾਂ ਨੂੰ ਡਰਿੱਪ ਲਗਾਉਣ ਲਈ ਨਾੜ ਨਹੀਂ ਦਿਖ ਰਹੀ ਹੈ ਅਤੇ ਉਨ੍ਹਾਂ ਦਾ ਇਲਾਜ ਨਾ ਦੇ ਬਰਾਬਰ ਚੱਲ ਰਿਹਾ ਹੈ। ਡੱਲੇਵਾਲ ਦੇ ਹੱਥਾਂ ਦੀਆਂ ਜ਼ਿਆਦਾਤਰ ਨਾੜਾਂ ਬੰਦ ਹੋ ਗਈਆਂ ਹਨ। ਡਾਕਟਰ ਉਨ੍ਹਾਂ ਨੂੰ ਲੱਤਾਂ ਦੀਆਂ ਨਾੜੀਆਂ ਰਾਹੀਂ ਡਰਿੱਪ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਮੌਕੇ ਕਿਸਾਨ ਨੇਤਾ ਕਾਕਾ ਸਿੰਘ ਕੋਟੜਾ, ਜਸਵੀਰ ਸਿੰਘ ਸਿੱਧੂਪੁਰ ਨੇ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਕਿਸਾਨ ਦੇ ਪਰਿਵਾਰ ਨੂੰ ਸਹਾਇਤਾ ਦਿੱਤੀ ਜਾਵੇ। ਕਿਸਾਨਾਂ ਵੱਲੋਂ ਖ਼ਨੌਰੀ ਬਾਰਡਰ 'ਤੇ ਜ਼ੋਰਦਾਰ ਰੋਸ ਰੈਲੀ ਕੀਤੀ ਗਈ ਅਤੇ 11, 12 ਅਤੇ 13 ਤਾਰੀਖ਼ ਦੀਆਂ ਮਹਾਪੰਚਾਇਤਾਂ ਲਈ ਤਿਆਰੀਆਂ ਕੀਤੀਆਂ ਗਈਆਂ। ਕਿਸਾਨਾਂ ਦਾ ਕਹਿਣਾਂ ਹੈ ਕਿ ਮੋਦੀ ਨੂੰ ਝੁਕਣ ਲਈ ਮਜਬੂਰ ਹੋਣਾ ਪਵੇਗਾ ਅਤੇ ਕਿਸਾਨਾਂ ਦੀਆਂ ਮੰਗਾਂ ਮੰਨਣੀਆਂ ਪੈਣਗੀਆਂ।



## ਦਿੱਲੀ 'ਚ ਸ਼ਾਨਦਾਰ ਜਿੱਤ ਹਾਸਲ ਕਰਨ ਵਾਲੇ ਮਨਜਿੰਦਰ ਸਿਰਸਾ ਨੂੰ ਮਿਲ ਸਕਦੀ ਹੈ ਪੰਜਾਬ ਭਾਜਪਾ ਦੀ ਕਮਾਨ

ਲੁਧਿਆਣਾ 9 ਫਰਵਰੀ। ਦਿੱਲੀ ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸ਼ਾਨਦਾਰ ਜਿੱਤ ਹਾਸਲ ਕਰਨ ਨੂੰ ਲੈ ਕੇ ਉਤਸ਼ਾਹਿਤ ਭਾਜਪਾ ਨੇ ਪੰਜਾਬ 'ਚ ਆਪਣੀ ਪਕੜ ਮਜ਼ਬੂਤ ਕਰਨ ਲਈ ਤਿਆਰੀ ਸ਼ੁਰੂ ਕਰ ਦਿੱਤੀ ਹੈ। ਇਸ ਨੂੰ ਲੈ ਕੇ ਇਹ ਚਰਚਾ ਸੁਣਨ ਨੂੰ ਮਿਲ ਰਹੀ ਹੈ ਕਿ ਦਿੱਲੀ 'ਚ ਜਿੱਤ ਹਾਸਲ ਕਰਨ ਵਾਲੇ ਮਨਜਿੰਦਰ ਸਿਰਸਾ ਨੂੰ ਪੰਜਾਬ ਭਾਜਪਾ ਦੀ ਕਮਾਨ ਮਿਲ ਸਕਦੀ ਹੈ। ਸਿਰਸਾ ਪਹਿਲਾਂ ਅਕਾਲੀ ਦਲ ਵਿਚ ਰਹੇ ਹਨ ਅਤੇ ਭਾਜਪਾ 'ਚ ਅਮਿਤ ਸ਼ਾਹ ਦੇ ਨਜ਼ਦੀਕੀ ਮੰਨੇ ਜਾਂਦੇ ਹਨ। ਜੇਕਰ ਪੰਜਾਬ ਦੀ ਗੱਲ ਕਰੀਏ ਤਾਂ ਭਾਜਪਾ ਨੂੰ ਸਿੱਖ ਚਿਹਰੇ ਦੀ ਲੋੜ ਹੈ, ਜਿਸ ਦੇ ਲਈ ਭਾਜਪਾ ਵਲੋਂ ਰਵਨੀਤ ਬਿੱਟੂ ਨੂੰ ਲੋਕ ਸਭਾ ਚੋਣ 'ਚ ਹਾਰਨ ਦੇ ਬਾਵਜੂਦ ਕੇਂਦਰੀ ਮੰਤਰੀ ਬਣਾਇਆ ਗਿਆ ਹੈ। ਇਸ ਲਿਸਟ 'ਚ ਆਉਣ ਵਾਲੇ ਸਮੇਂ ਦੌਰਾਨ ਸਿਰਸਾ ਦਾ ਨਾਂ ਸ਼ਾਮਲ ਹੋ ਸਕਦਾ ਹੈ, ਕਿਉਂਕਿ ਹੁਣ ਜੋ ਪੰਜਾਬ ਦੇ ਇੰਚਾਰਜ ਵਿਜੇ ਰੁਪਾਣੀ ਹਨ, ਉਹ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਰਹੇ ਹਨ। ਉਨ੍ਹਾਂ ਨਾਲ ਸਿਰਸਾ ਨੂੰ ਪੰਜਾਬ ਭਾਜਪਾ ਲਈ ਅਟੈਚ ਕੀਤਾ ਜਾ ਸਕਦਾ ਹੈ। ਉਨ੍ਹਾਂ ਨੂੰ ਪੰਜਾਬ ਦੀ ਰਾਜਨੀਤੀ ਦੀ ਕਾਫੀ ਸਮਝ ਹੈ।



# ਮਾਰੇ ਗਏ 31 ਨਕਸਲੀ, ਦੋ ਸੁਰੱਖਿਆ ਕਰਮੀ ਵੀ ਸ਼ਹੀਦ

**ਨਵਦੀਪ ਸਿੰਘ ਸਾਹਨੀ**

ਬੀਜਾਪੁਰ 9 ਫਰਵਰੀ। ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ 'ਚ ਐਤਵਾਰ ਨੂੰ ਸੁਰੱਖਿਆ ਕਰਮੀਆਂ ਨਾਲ ਹੋਏ ਮੁਕਾਬਲੇ 'ਚ 31 ਨਕਸਲੀ ਮਾਰੇ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਮੁਕਾਬਲੇ ਵਿਚ ਦੋ ਸੁਰੱਖਿਆ ਕਰਮੀਆਂ ਦੀ ਵੀ ਸ਼ਹੀਦ ਹੋ ਗਏ ਹਨ ਅਤੇ ਕਈ ਹੋਰ ਜ਼ਖਮੀ ਹੋ ਗਏ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਐਤਵਾਰ ਸਵੇਰੇ ਇੰਦਰਾਵਤੀ ਨੈਸ਼ਨਲ ਪਾਰਕ ਖੇਤਰ ਦੇ ਜੰਗਲ 'ਚ ਮੁਕਾਬਲਾ ਸ਼ੁਰੂ ਹੋਇਆ ਜਦੋਂ ਸੁਰੱਖਿਆ ਬਲਾਂ ਦੀ ਇਕ ਟੀਮ ਨਕਸਲ ਵਿਰੋਧੀ ਮੁਹਿੰਮ 'ਤੇ ਨਿਕਲੀ ਸੀ। ਪੁਲਸ ਅਧਿਕਾਰੀ ਨੇ ਕਿਹਾ ਕਿ ਸ਼ੁਰੂਆਤੀ ਜਾਣਕਾਰੀ ਮੁਤਾਬਕ ਮੁਕਾਬਲੇ ਵਿਚ 31 ਨਕਸਲੀ ਮਾਰੇ ਗਏ ਹਨ। ਸਾਰੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਪੁਲਸ ਅਧਿਕਾਰੀ ਨੇ ਦੱਸਿਆ ਕਿ ਮੁਕਾਬਲੇ 'ਚ ਦੋ ਸੁਰੱਖਿਆ ਕਰਮੀ ਵੀ ਸ਼ਹੀਦ ਹੋ ਗਏ, ਜਿਨ੍ਹਾਂ 'ਚੋਂ ਇਕ ਸੂਬਾ ਪੁਲਸ ਦੇ ਜ਼ਿਲ੍ਹਾ ਰਿਜ਼ਰਵ ਗਾਰਡ ਅਤੇ ਦੂਜਾ ਸਪੈਸ਼ਲ ਟਾਸਕ ਫੋਰਸ ਦਾ ਸੀ। ਦੋ ਹੋਰ ਸੁਰੱਖਿਆ ਕਰਮੀ ਜ਼ਖਮੀ ਹੋ ਗਏ। ਉਨ੍ਹਾਂ ਕਿਹਾ ਕਿ ਸੁਰੱਖਿਆ ਕਰਮੀਆਂ ਦੀਆਂ ਲਾਸ਼ਾਂ ਅਤੇ ਜ਼ਖਮੀ ਜਵਾਨਾਂ ਨੂੰ ਕੱਢਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਦੱਸ ਦੇਈਏ ਕਿ ਨਵੰਬਰ 2023 ਵਿਚ ਛੱਤੀਸਗੜ੍ਹ 'ਚ ਭਾਜਪਾ ਦੀ ਸਰਕਾਰ ਬਣੀ ਸੀ ਅਤੇ ਵਿਸ਼ਨੂੰ ਦੇਵ ਸਾਏ ਮੁੱਖ ਮੰਤਰੀ ਬਣੇ ਸਨ। ਉਸ ਤੋਂ ਬਾਅਦ ਸੂਬੇ ਵਿਚ ਨਕਸਲ ਰੋਧੀ ਮੁਹਿੰਮ 'ਚ ਕਾਫੀ ਤੇਜ਼ੀ ਆਈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮਾਰਚ 2026 ਤੱਕ ਸੂਬੇ ਨੂੰ ਨਕਸਲ ਮੁਕਤ ਕਰਨ ਦਾ ਐਲਾਨ ਕੀਤਾ ਹੈ। ਸੂਬੇ 'ਚ ਇਸ ਸਾਲ ਹੁਣ ਤੱਕ ਮਾਰੇ ਗਏ 81 ਨਕਸਲੀਆਂ ਵਿਚੋਂ 65 ਬਸਤਰ ਡਿਵੀਜ਼ਨ ਵਿਚ ਮਾਰੇ ਗਏ, ਜਿਸ 'ਚ ਬੀਜਾਪੁਰ ਸਮੇਤ ਸੱਤ ਜ਼ਿਲ੍ਹੇ ਸ਼ਾਮਲ ਹਨ। ਪੁਲਸ ਮੁਤਾਬਕ ਪਿਛਲੇ ਸਾਲ ਛੱਤੀਸਗੜ੍ਹ ਵਿਚ ਵੱਖ-ਵੱਖ ਮੁਕਾਬਲਿਆਂ 'ਚ ਸੁਰੱਖਿਆ ਕਰਮੀਆਂ ਵੱਲੋਂ 219 ਨਕਸਲੀ ਮਾਰੇ ਗਏ ਸਨ।



## ਭਾਰਤ ਨੇ ਹਾਸਲ ਕੀਤੀ 100 ਗੀਗਾਵਾਟ ਦੀ ਸੌਰ ਊਰਜਾ ਸਮਰੱਥਾ : ਪ੍ਰਹਿਲਾਦ ਜੋਸ਼ੀ

ਨਵੀਂ ਦਿੱਲੀ 9 ਫਰਵਰੀ। ਕੇਂਦਰੀ ਨਵੀਨ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਭਾਰਤ ਨੇ 100 ਗੀਗਾਵਾਟ ਸੌਰ ਊਰਜਾ ਸਮਰੱਥਾ ਦਾ ਮੀਲ ਦਾ ਪੱਥਰ ਹਾਸਲ ਕਰ ਲਿਆ ਹੈ। ਉਨ੍ਹਾਂ ਨੇ 2030 ਤੱਕ 500 ਗੀਗਾਵਾਟ ਨਵਿਆਉਣਯੋਗ ਊਰਜਾ ਸਮਰੱਥਾ ਹਾਸਲ ਕਰਨ ਦੇ ਦੇਸ਼ ਦੇ ਟੀਚੇ ਨੂੰ ਰੇਖਾਂਕਿਤ ਕੀਤਾ। ਜੋਸ਼ੀ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਪੋਸਟ 'ਚ ਕਿਹਾ,"ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੂਰਦਰਸ਼ੀ ਅਗਵਾਈ 'ਚ ਭਾਰਤ ਨੇ 100 ਗੀਗਾਵਾਟ ਸੌਰ ਸਮਰੱਥਾ ਦਾ ਇਤਿਹਾਸਕ ਮੀਲ ਦਾ ਪੱਥਰ ਹਾਸਲ ਕੀਤਾ ਹੈ। ਇਹ ਉਪਲੱਬਧੀ ਸਵੱਛ, ਹਰਿਤ ਭਵਿੱਖ ਦੇ ਪ੍ਰਤੀ ਸਾਡੀ ਲਗਾਤਾਰ ਵਚਨਬੱਧਤਾ ਤੋਂ ਪ੍ਰੇਰਿਤ ਹੈ।" ਇਸ ਤੋਂ ਪਹਿਲੇ ਭਾਰਤ ਨੇ 2022 ਤੱਕ 100 ਗੀਗਾਵਾਟ ਸੌਰ ਊਰਜਾ ਸਮੇਤ 175 ਗੀਗਾਵਾਟ ਨਵਿਆਉਣਯੋਗ ਊਰਜਾ ਸਮਰੱਥਾ ਹਾਸਲ ਕਰਨ ਦੀ ਯੋਜਨਾ ਬਣਾਈ ਸੀ। ਹਾਲਾਂਕਿ ਕੋਰੋਨਾ ਮਹਾਮਾਰੀ ਦੌਰਾਨ ਲੌਕਡਾਊਨ ਲੱਗਣ ਕਾਰਨ ਇਸ ਨੂੰ ਹਾਸਲ ਨਹੀਂ ਕੀਤਾ ਜਾ ਸਕਿਆ। ਪੋਸਟ ਅਨੁਸਾਰ, ਭਾਰਤ ਨੇ ਸੰਯੁਕਤ ਪ੍ਰਗਤੀਸ਼ੀਲ ਗਠਜੋੜ (ਯੂਪੀਏ) ਸਰਕਾਰ ਦੇ ਸ਼ਾਸਨ ਦੌਰਾਨ 2004-14 ਦੌਰਾਨ 2.82 ਗੀਗਾਵਾਟ ਸੌਰ ਸਮਰੱਥਾ ਜੋੜੀ ਸੀ। ਉੱਥੇ ਹੀ ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਸਰਕਾਰ ਨੇ 2014 ਤੋਂ 2025 ਦੇ ਕਾਰਜਕਾਲ 'ਚ 100 ਗੀਗਾਵਾਟ ਸੌਰ ਸਮਰੱਥਾ ਜੋੜੀ ਗਈ ਹੈ।



## ਦਿੱਲੀ 'ਚ ਭਾਜਪਾ ਦੀ ਜਿੱਤ ਮਗਰੋਂ ਸੁਨੀਲ ਜਾਖੜ ਨੇ ਪੰਜਾਬ ਨੂੰ ਲੈ ਕੇ ਕਰ'ਤੀ ਵੱਡੀ ਭਵਿੱਖਬਾਣੀ

ਚੰਡੀਗੜ੍ਹ 9 ਫਰਵਰੀ। 27 ਸਾਲਾਂ ਦੇ ਸੋਕੇ ਨੂੰ ਖਤਮ ਕਰਨ ਤੋਂ ਬਾਅਦ ਭਾਜਪਾ ਦਿੱਲੀ ਵਿੱਚ ਸਰਕਾਰ ਬਣਾਉਣ ਜਾ ਰਹੀ ਹੈ। ਭਾਜਪਾ ਦੀ ਜਿੱਤ 'ਤੇ ਆਗੂਆਂ ਦੀਆਂ ਪ੍ਰਤੀਕਿਰਿਆਵਾਂ ਆਉਣੀਆਂ ਸ਼ੁਰੂ ਹੋ ਗਈਆਂ ਹਨ। ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਾਹਮਣੇ ਇੱਕ ਮੰਗ ਰੱਖੀ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ ਤੋਂ ਮੰਗ ਕੀਤੀ ਹੈ ਕਿ ਉਹ ਪੰਜਾਬ ਨੂੰ ਵੀ 'ਆਪ' ਮੁਕਤ ਬਣਾਉਣ ਲਈ ਪਹਿਲ ਕਰਨ। ਸੁਨੀਲ ਜਾਖੜ ਨੇ ਸ਼ਨੀਵਾਰ ਨੂੰ '✓' 'ਤੇ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੂੰ ਵਧਾਈ ਦਿੱਤੀ ਅਤੇ ਲਿਖਿਆ, "ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦਿੱਲੀ ਨੂੰ ਆਫ਼ਤ ਮੁਕਤ ਬਣਾਉਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਅਤੇ ਸਾਰੇ ਭਾਜਪਾ ਵਰਕਰਾਂ ਨੂੰ ਵਧਾਈਆਂ। ਜਿਨ੍ਹਾਂ ਦੀ ਮਿਹਨਤ ਸਦਕਾ 27 ਸਾਲਾਂ ਬਾਅਦ ਦਿੱਲੀ 'ਚ ਕਮਲ ਖਿੜਿਆ ਹੈ। ਹੁਣ ਪ੍ਰਧਾਨ ਮੰਤਰੀ ਨੂੰ ਪੰਜਾਬ ਨੂੰ 'ਆਪ'-ਦਾ' ਮੁਕਤ ਬਣਾਉਣ ਦਾ ਕੰਮ ਕਰਨਾ ਪਵੇਗਾ। ਪੰਜਾਬੀ ਹੁਣ ਮੋਦੀ ਜੀ ਵੱਲ ਦੇਖ ਰਹੇ ਹਨ ਕਿ ਉਨ੍ਹਾਂ ਦੀ ਅਗਵਾਈ 'ਚ ਪੰਜਾਬ ਵਿਚ ਫੈਲਿਆ ਡਰ ਦਾ ਮਾਹੌਲ ਕਦੋਂ ਖ਼ਤਮ ਹੋਵੇਗਾ ਅਤੇ ਲੋਕ ਸ਼ਾਂਤੀ ਨਾਲ ਰਹਿ ਸਕਣਗੇ।" ਜਾਖੜ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕਾਂ ਦੇ ਦਿਲ ਜਿੱਤਣਾ ਜਾਣਦੇ ਹਨ, ਪੀ.ਐੱਮ. ਮੋਦੀ ਹੁਣ ਪੰਜਾਬੀਆਂ ਦੇ ਵੀ ਦਿਲ ਜਿੱਤਣਗੇ। ਦਿੱਲੀ ਚੋਣਾਂ ਦਾ ਸਿੱਧਾ ਅਸਰ ਪੰਜਾਬ ਵਿੱਚ ਵੀ ਦਿਖਾਈ ਦੇਵੇਗਾ। ਚੋਣ ਕਮਿਸ਼ਨ ਦੀ ਵੈੱਬਸਾਈਟ 'ਤੇ ਉਪਲੱਬਧ ਅੰਕੜਿਆਂ ਮੁਤਾਬਕ, ਭਾਜਪਾ ਨੇ ਦਿੱਲੀ 'ਚ 48 ਸੀਟਾਂ ਹਾਸਲ ਕਰਕੇ ਰਿਕਾਰਡਤੋੜ ਮਹੁਮਤ ਹਾਸਲ ਕੀਤਾ ਹੈ।



# ਮੰਤਰੀ ਮੰਡਲ ਸਕਿੱਲ ਇੰਡੀਆ ਪ੍ਰੋਗਰਾਮ ਲਈ 8,800 ਕਰੋੜ ਰੁਪਏ ਦੇ ਫੰਡਿੰਗ ਨੂੰ ਦਿੱਤੀ ਪ੍ਰਵਾਨਗੀ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 9 ਫਰਵਰੀ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਐਲਾਨ ਕੀਤਾ ਕਿ ਕੇਂਦਰੀ ਮੰਤਰੀ ਮੰਡਲ ਨੇ ਸ਼ੁੱਕਰਵਾਰ ਨੂੰ ਸਕਿੱਲ ਇੰਡੀਆ ਪ੍ਰੋਗਰਾਮ ਨੂੰ ਹੋਰ ਮਜ਼ਬੂਤ ??ਕਰਨ ਲਈ 8,800 ਕਰੋੜ ਰੁਪਏ ਦੀ ਮਹੱਤਵਪੂਰਨ ਵੰਡ ਨੂੰ ਮਨਜ਼ੂਰੀ ਦੇ ਦਿੱਤੀ। ਇਸ ਫੰਡਿੰਗ ਦਾ ਉਦੇਸ਼ ਦੇਸ਼ ਦੇ ਹੁਨਰ ਵਿਕਾਸ ਪਹਿਲਕਦਮੀਆਂ ਨੂੰ ਵਧਾਉਣਾ ਅਤੇ ਨੌਜਵਾਨਾਂ ਲਈ ਉਦਯੋਗ-ਸੰਬੰਧਿਤ ਹੁਨਰ ਹਾਸਲ ਕਰਨ ਦੇ ਹੋਰ ਮੌਕੇ ਪੈਦਾ ਕਰਨਾ ਹੈ। ਸਕਿੱਲ ਇੰਡੀਆ ਪ੍ਰੋਗਰਾਮ ਦੇ ਤਹਿਤ ਤਿੰਨ ਪ੍ਰਮੁੱਖ ਯੋਜਨਾਵਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ - ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ 4.0 , ਪ੍ਰਧਾਨ ਮੰਤਰੀ ਰਾਸ਼ਟਰੀ ਅਪ੍ਰੈਂਟਿਸਸ਼ਿਪ ਪ੍ਰਮੋਸ਼ਨ ਯੋਜਨਾ ਅਤੇ ਹੁਨਰ ਵਿਕਾਸ ਲਈ ਜਨ ਸਿੱਖਿਆ ਸੰਸਥਾਨ। ਪ੍ਰੈਸ ਬ੍ਰੀਫਿੰਗ ਦੌਰਾਨ ਕੇਂਦਰੀ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਲਈ ਮੌਕੇ ਪੈਦਾ ਕਰਨਾ ਪ੍ਰਧਾਨ ਮੰਤਰੀ ਮੋਦੀ ਦਾ ਮਿਸ਼ਨ ਹੈ। ਇਸ ਲਈ, 8,800 ਕਰੋੜ ਰੁਪਏ ਦੇ ਸਕਿੱਲ ਇੰਡੀਆ ਪ੍ਰੋਗਰਾਮ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ ਅਤੇ ਇਸਦਾ ਧਿਆਨ ਕਨਵਰਜੈਂਸ ਅਤੇ ਗੁਣਵੱਤਾ 'ਤੇ ਹੋਵੇਗਾ। ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ 4.0 ਮੰਗ-ਅਧਾਰਿਤ ਹੁਨਰ ਵਿਕਾਸ 'ਤੇ ਕੇਂਦ੍ਰਿਤ ਹੈ, ਜੋ ਕਿ ਨੌਜਵਾਨਾਂ ਨੂੰ ਉਦਯੋਗ-ਸੰਬੰਧਿਤ ਹੁਨਰਾਂ ਵਿੱਚ ਸਿਖਲਾਈ ਅਤੇ ਪ੍ਰਮਾਣੀਕਰਣ ਪ੍ਰਦਾਨ ਕਰਦਾ ਹੈ। ਇਹ ਯੋਜਨਾ ਥੋੜ੍ਹੇ ਸਮੇਂ ਦੀ ਸਿਖਲਾਈ ਦੇ ਨਾਲ-ਨਾਲ ਹੁਨਰ ਵਿਕਾਸ ਅਤੇ ਮੁੜ ਹੁਨਰ ਵਿਕਾਸ ਦੇ ਮੌਕਿਆਂ 'ਤੇ ਕੇਂਦ੍ਰਿਤ ਹੋਵੇਗੀ। ਇਸ ਦੌਰਾਨ, ਪ੍ਰਧਾਨ ਮੰਤਰੀ ਰਾਸ਼ਟਰੀ ਅਪ੍ਰੈਂਟਿਸਸ਼ਿਪ ਪ੍ਰਮੋਸ਼ਨ ਸਕੀਮ ਉਹਨਾਂ ਉਦਯੋਗਾਂ ਨੂੰ ਵਿੱਤੀ ਪ੍ਰੋਤਸਾਹਨ ਪ੍ਰਦਾਨ ਕਰੇਗੀ ਜੋ ਅਪ੍ਰੈਂਟਿਸਾਂ ਨੂੰ ਨਿਯੁਕਤ ਕਰਦੇ ਹਨ, ਜਿਸ ਨਾਲ ਵਿਹਾਰਕ ਤਜਰਬੇ ਦੁਆਰਾ ਸਕੂਲ ਤੋਂ ਕੰਮ 'ਤੇ ਇੱਕ ਨਿਰਵਿਘਨ ਤਬਦੀਲੀ ਯਕੀਨੀ ਬਣਾਈ ਜਾਵੇਗੀ। ਇਹ ਅਪ੍ਰੈਂਟਿਸ ਐਕਟ, 1961 ਦੇ ਉਪਬੰਧਾਂ ਦੇ ਅਨੁਸਾਰ ਨਿਰਮਾਣ ਅਤੇ ਸੇਵਾ ਖੇਤਰਾਂ ਦੋਵਾਂ ਨੂੰ ਕਵਰ ਕਰੇਗਾ। ਹੁਨਰ ਵਿਕਾਸ ਲਈ ਜਨ ਸਿੱਖਿਆ ਸੰਸਥਾਨ ਹਾਸ਼ੀਏ 'ਤੇ ਪਏ ਸਮੂਹਾਂ ਨੂੰ ਭਾਈਚਾਰਾ-ਅਧਾਰਤ ਹੁਨਰ ਸਿਖਲਾਈ ਪ੍ਰਦਾਨ ਕਰੇਗਾ, ਜਿਸ ਵਿੱਚ ਔਰਤਾਂ ਅਤੇ ਪੇਂਡੂ ਨੌਜਵਾਨਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਯੋਜਨਾ ਦਾ ਉਦੇਸ਼ ਸਵੈ-ਰੁਜ਼ਗਾਰ ਅਤੇ ਸਥਾਨਕ ਉੱਦਮਤਾ ਨੂੰ ਉਤਸ਼ਾਹਿਤ ਕਰਨਾ ਹੈ, ਅਤੇ ਲਾਭਪਾਤਰੀਆਂ ਦੇ ਦਰਵਾਜ਼ੇ 'ਤੇ ਲਚਕਦਾਰ ਸਿਖਲਾਈ ਦੇ ਮੌਕੇ ਪ੍ਰਦਾਨ ਕਰਨਾ ਹੈ।



## ਪ੍ਰਧਾਨ ਮੰਤਰੀ ਮੋਦੀ ਦੇ ਅਮਰੀਕਾ ਤੋਂ ਪਰਤਣ ਮਗਰੋਂ ਹੋਵੇਗਾ ਦਿੱਲੀ 'ਚ ਸਹੁੰ ਚੁੱਕ ਸਮਾਗਮ

ਨਵੀਂ ਦਿੱਲੀ 9 ਫਰਵਰੀ। ਦਿੱਲੀ ਵਿਧਾਨ ਸਭਾ ਚੋਣਾਂ 'ਚ ਭਾਜਪਾ ਦੀ ਸ਼ਾਨਦਾਰ ਜਿੱਤ ਤੋਂ ਬਾਅਦ ਹਰ ਕਿਸੇ ਦੀਆਂ ਨਜ਼ਰਾਂ ਨਵੀਂ ਸਰਕਾਰ ਦੇ ਗਠਨ 'ਤੇ ਟਿਕੀਆਂ ਹੋਈਆਂ ਹਨ। ਸਾਰਿਆਂ ਦੇ ਮਨ ਵਿਚ ਇਕ ਹੀ ਸਵਾਲ ਹੈ ਕਿ ਦਿੱਲੀ 'ਚ ਮੁੱਖ ਮੰਤਰੀ ਦਾ ਚਿਹਰਾ ਕੌਣ ਹੋਵੇਗਾ। ਇਸ ਦਰਮਿਆਨ ਨਵੇਂ ਮੁੱਖ ਮੰਤਰੀ ਦੇ ਸਹੁੰ ਚੁੱਕਣ ਦੀ ਤਰੀਕ ਵੀ ਸਾਹਮਣੇ ਆ ਗਈ ਹੈ। ਜਾਣਕਾਰੀ ਅਨੁਸਾਰ ਦਿੱਲੀ ਦੇ ਮੁੱਖ ਮੰਤਰੀ ਦਾ ਸਹੁੰ ਚੁੱਕ ਸਮਾਗਮ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਮਰੀਕਾ ਦੌਰੇ ਤੋਂ ਬਾਅਦ ਹੋ ਸਕਦਾ ਹੈ। 13 ਫਰਵਰੀ ਤੋਂ ਬਾਅਦ ਦਿੱਲੀ ਦੇ ਮੁੱਖ ਮੰਤਰੀ ਦਾ ਸਹੁੰ ਚੁੱਕ ਸਮਾਗਮ ਹੋ ਸਕਦਾ ਹੈ। ਇਸ ਲਈ ਕਈ ਨਾਵਾਂ 'ਤੇ ਚਰਚਾ ਜ਼ੋਰਾਂ 'ਤੇ ਹੈ। ਇਸ ਦਰਮਿਆਨ ਭਾਜਪਾ 'ਚ ਦਿੱਲੀ ਦੇ ਮੁੱਖ ਮੰਤਰੀ ਨੂੰ ਲੈ ਕੇ ਵੀ ਚਰਚਾ ਸ਼ੁਰੂ ਹੋ ਗਈ ਹੈ। ਇਕ ਪਾਸੇ ਜਿੱਥੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇ. ਪੀ. ਨੱਡਾ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੀਟਿੰਗ ਕੀਤੀ ਤਾਂ ਉੱਥੇ ਹੀ ਦਿੱਲੀ ਭਾਜਪਾ ਪ੍ਰਧਾਨ ਵੀਰੇਂਦਰ ਸਚਦੇਵਾ ਨੇ ਵੀ ਪਾਰਟੀ ਵਿਧਾਇਕਾਂ ਦੀ ਮੀਟਿੰਗ ਬੁਲਾਈ ਹੈ। ਜਾਣਕਾਰੀ ਅਨੁਸਾਰ ਇਸ ਮੀਟਿੰਗ 'ਚ ਜਿੱਤ ਦੀ ਵਧਾਈ ਦੇਣ ਤੋਂ ਬਾਅਦ ਸਰਕਾਰ ਨੂੰ ਲੈ ਕੇ ਚਰਚਾ ਹੋ ਸਕਦੀ ਹੈ। ਇਸ ਦੇ ਨਾਲ ਹੀ ਜੇ. ਪੀ. ਨੱਡਾ ਤੇ ਅਮਿਤ ਸ਼ਾਹ ਨੇ ਸਰਕਾਰ ਬਣਾਉਣ ਬਾਰੇ ਵੀ ਚਰਚਾ ਕੀਤੀ ਹੈ। ਇਸ ਤੋਂ ਇਕ ਦਿਨ ਪਹਿਲਾਂ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਸੀਨੀਅਰ ਆਗੂਆਂ ਨੇ ਸ਼ਨੀਵਾਰ ਨੂੰ ਭਾਜਪਾ ਹੈੱਡਕੁਆਰਟਰ 'ਚ ਵਿਚਾਰ-ਵਟਾਂਦਰਾ ਕੀਤਾ ਸੀ।

# ਸਰਕਾਰ ਨੇ ਸਿਹਤ ਸੰਭਾਲ ਲਈ ਅਲਾਟ ਕੀਤੇ 99,858.56 ਕਰੋੜ ਰੁਪਏ

ਨਵੀਂ ਦਿੱਲੀ 9 ਫਰਵਰੀ। ਭਾਰਤ ਦੀ ਸਿਹਤ ਸੰਭਾਲ ਪ੍ਰਣਾਲੀ ਗੁੰਝਲਦਾਰ ਅਤੇ ਵਿਭਿੰਨ ਹੈ। 21ਵੀਂ ਸਦੀ 'ਚ ਦੇਸ਼ ਦੀ ਸਿਹਤ ਸੰਭਾਲ ਪ੍ਰਣਾਲੀ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਨਾਲ ਜੂਝ ਰਹੀ ਹੈ, ਜੋ ਇਸਦੇ ਨਾਗਰਿਕਾਂ ਲਈ ਬਰਾਬਰ ਅਤੇ ਪ੍ਰਭਾਵਸ਼ਾਲੀ ਦੇਖਭਾਲ ਪ੍ਰਦਾਨ ਕਰਨ ਦੀ ਯੋਗਤਾ ਨੂੰ ਚੁਣੌਤੀ ਦਿੰਦੀ ਹੈ। ਇਹ ਚੁਣੌਤੀਆਂ ਸ਼ਹਿਰੀ-ਪੇਂਡੂ ਪਾੜੇ, ਸਹੂਲਤਾਂ ਅਤੇ ਸਿਖਲਾਈ ਪ੍ਰਾਪਤ ਪੇਸ਼ੇਵਰਾਂ ਦੀ ਘਾਟ, ਵਧਦੀ ਡਾਕਟਰੀ ਲਾਗਤਾਂ, ਬਜ਼ੁਰਗ ਆਬਾਦੀ ਅਤੇ ਸ਼ੂਗਰ, ਦਿਲ ਦੀ ਬਿਮਾਰੀ ਅਤੇ ਕੈਂਸਰ ਵਰਗੇ ਗੈਰ-ਸੰਚਾਰੀ ਬਿਮਾਰੀਆਂ ਦੇ ਵਧਦੇ ਪ੍ਰਚਲਨ ਦੁਆਰਾ ਹੋਰ ਵੀ ਵਧ ਗਈਆਂ ਹਨ। ਸਿਹਤਮੰਦ ਜੀਵਨ ਨੂੰ ਯਕੀਨੀ ਬਣਾਉਣ ਅਤੇ ਹਰ ਉਮਰ ਵਿੱਚ ਸਾਰਿਆਂ ਲਈ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦੇ →8@ ਦੇ ਟਿਕਾਊ ਵਿਕਾਸ ਟੀਚੇ ਪ੍ਰਤੀ ਭਾਰਤ ਦੀ ਵਚਨਬੱਧਤਾ ਨੂੰ ਦੇਖਦੇ ਹੋਏ, ਇਹਨਾਂ ਪ੍ਰਣਾਲੀਗਤ ਮੁੱਦਿਆਂ ਨੂੰ ਹੱਲ ਕਰਨ ਵਾਲੇ ਸੁਧਾਰਾਂ ਦੀ ਜ਼ਰੂਰਤ ਕਦੇ ਵੀ ਇੰਨੀ ਜ਼ਰੂਰੀ ਨਹੀਂ ਰਹੀ ਹੈ। ਮਾਨਯੋਗ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦੁਆਰਾ 1 ਫਰਵਰੀ ਨੂੰ ਐਲਾਨੇ ਗਏ ਕੇਂਦਰੀ ਬਜਟ 2025-26 ਨੇ ਹੁਣ ਭਾਰਤ ਵਿੱਚ ਇੱਕ ਹੋਰ ਮਜ਼ਬੂਤ ??ਅਤੇ ਸਮਾਵੇਸ਼ੀ ਸਿਹਤ ਸੰਭਾਲ ਪ੍ਰਣਾਲੀ ਬਣਾਉਣ ਲਈ ਨੀਂਹ ਰੱਖੀ ਹੈ। ਜੀਵਨ-ਰੱਖਿਅਕ ਦਵਾਈਆਂ ਤੱਕ ਪਹੁੰਚ ਵਧਾਉਣ, ਸਿਹਤ ਸੰਭਾਲ ਬੁਨਿਆਦੀ ਢਾਂਚੇ ਵਿੱਚ ਨਿਵੇਸ਼, ਬੀਮਾ ਕਵਰੇਜ ਅਤੇ ਰੋਕਥਾਮ ਦੇਖਭਾਲ 'ਤੇ ਧਿਆਨ ਕੇਂਦਰਿਤ ਕਰਦੇ ਹੋਏ, ਇਹ ਸਿਹਤ ਸੰਭਾਲ ਬਜਟ ਦੇਸ਼ ਦੇ ਸਿਹਤ ਸੰਭਾਲ ਦ੍ਰਿਸ਼ ਨੂੰ ਬਿਹਤਰ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ??ਕਰਦਾ ਹੈ। ਸ਼ੁਰੂਆਤ ਕਰਨ ਲਈ, ਸਰਕਾਰ ਨੇ 2025-26 ਵਿੱਚ ਸਿਹਤ ਸੰਭਾਲ ਲਈ 99,858.56 ਕਰੋੜ ਰੁਪਏ ਅਲਾਟ ਕੀਤੇ ਹਨ, ਜੋ ਕਿ ਪਿਛਲੇ ਸਾਲ ਨਾਲੋਂ 9.78% ਦਾ ਮਹੱਤਵਪੂਰਨ ਵਾਧਾ ਹੈ। ਇਹ ਵਿੱਤੀ ਵਾਧਾ ਨਾ ਸਿਰਫ਼ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ ਸਗੋਂ ਡਾਕਟਰੀ ਖੋਜ ਅਤੇ ਜਨਤਕ ਸਿਹਤ ਪ੍ਰੋਗਰਾਮਾਂ ਨੂੰ ਵਧਾਉਣ ਲਈ ਵੀ ਮਹੱਤਵਪੂਰਨ ਹੋਵੇਗਾ। ਧਿਆਨ ਦੇਣ ਯੋਗ ਗੱਲ ਇਹ ਹੈ ਕਿ ਬਜਟ ਇਸ ਸਾਲ ਮੈਡੀਕਲ ਕਾਲਜਾਂ ਵਿੱਚ 10,000 ਨਵੀਆਂ ਸੀਟਾਂ ਜੋੜ ਕੇ ਡਾਕਟਰੀ ਸਿੱਖਿਆ ਦੇ ਵਿਸਥਾਰ ਲਈ ਰਾਹ ਪੱਧਰਾ ਕਰਦਾ ਹੈ, ਜਿਸ ਵਿੱਚ ਅਗਲੇ 5 ਸਾਲਾਂ ਵਿੱਚ 75,000 ਸੀਟਾਂ ਜੋੜਨ ਦਾ ਟੀਚਾ ਹੈ। ਇਹ ਯਤਨ ਭਾਰਤ ਨੂੰ 2030 ਤੱਕ ਸਾਡੇ ਮੌਜੂਦਾ ਡਾਕਟਰ-ਤੋਂ-ਆਬਾਦੀ ਅਨੁਪਾਤ 1:1263 ਤੋਂ →8@ ਦੇ ਮਿਆਰ 1:1000 ਤੱਕ ਵਧਾਉਣ ਵਿੱਚ ਮਦਦ ਕਰਨਗੇ, ਇਹ ਯਕੀਨੀ ਬਣਾਉਣਗੇ ਕਿ ਸਾਡੇ ਲੋਕਾਂ (ਖਾਸ ਕਰਕੇ ਘੱਟ ਸੇਵਾ ਵਾਲੇ ਖੇਤਰਾਂ ਵਿੱਚ) ਕੋਲ ਦੇਸ਼ ਦੀਆਂ ਵਧਦੀਆਂ ਸਿਹਤ ਸੰਭਾਲ ਮੰਗਾਂ ਨੂੰ ਪੂਰਾ ਕਰਨ ਲਈ ਇੱਕ ਵਧੀਆ ਸਿਖਲਾਈ ਪ੍ਰਾਪਤ ਕਾਰਜਬਲ ਹੋਵੇ। ਨੌਜਵਾਨਾਂ ਵਿੱਚ ਵਿਗਿਆਨਕ ਸੋਚ ਨੂੰ ਉਤਸ਼ਾਹਿਤ ਕਰਨ ਲਈ 5,000 ਨਵੀਆਂ ਅਟਲ ਟਿੰਕਰਿੰਗ ਲੈਬਾਂ ਸਥਾਪਤ ਕਰਨ ਦੀਆਂ ਯੋਜਨਾਵਾਂ ਦੁਆਰਾ ਵੀ ਅਜਿਹੀਆਂ ਪਹਿਲਕਦਮੀਆਂ ਦਾ ਸਮਰਥਨ ਕੀਤਾ ਜਾ ਰਿਹਾ ਹੈ। ਸਮਾਜ ਲਈ ਇੱਕ ਗੰਭੀਰ ਅਤੇ ਵਧਦਾ ਖ਼ਤਰਾ, ਕੁਆਕਰੀ, ਦੇਸ਼ ਦੇ ਕਈ ਖੇਤਰਾਂ, ਖਾਸ ਕਰਕੇ ਪੇਂਡੂ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ, ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਸਿਹਤ ਸੰਭਾਲ ਪੇਸ਼ੇਵਰਾਂ ਦੀ ਘਾਟ ਕਾਰਨ ਪੈਦਾ ਹੋਏ ਖਾਲੀਪਣ ਨੂੰ ਭਰਨ ਲਈ ਵਧਿਆ ਹੈ। ਦੇਸ਼ ਭਰ ਵਿੱਚ ਰਵਾਇਤੀ ਵਿਗਿਆਨਕ ਅਤੇ ਡਾਕਟਰੀ ਸਿੱਖਿਆ ਦਾ ਵਿਸਥਾਰ, ਜਿਵੇਂ ਕਿ ਨਵੇਂ ਬਜਟ ਵਿੱਚ ਪ੍ਰਸਤਾਵਿਤ ਹੈ, ਉਮੀਦ ਹੈ ਕਿ ਕੁਆਕਰੀ ਦਾ ਅੰਤ ਕਰੇਗਾ। ਇਲਾਜ ਦੀਆਂ ਲਾਗਤਾਂ ਨੂੰ ਘਟਾਉਣ ਵੱਲ ਇੱਕ ਵੱਡੀ ਤਰੱਕੀ ਵਿੱਚ - ਖਾਸ ਕਰਕੇ ਕੈਂਸਰ, ਦੁਰਲੱਭ ਬਿਮਾਰੀਆਂ ਅਤੇ ਹੋਰ ਗੰਭੀਰ ਪੁਰਾਣੀਆਂ ਬਿਮਾਰੀਆਂ ਲਈ - ਬਜਟ 36 ਜੀਵਨ-ਰੱਖਿਅਕ ਦਵਾਈਆਂ ਅਤੇ ਦਵਾਈਆਂ ਲਈ ਬੁਨਿਆਦੀ ਕਸਟਮ ਡਿਊਟੀ (234) ਛੋਟਾਂ ਅਤੇ 6 ਹੋਰਾਂ ਨੂੰ ਰਿਆਇਤਾਂ ਪ੍ਰਦਾਨ ਕਰਦਾ ਹੈ। ਇਹ ਛੋਟਾਂ ਅਤੇ ਰਿਆਇਤਾਂ ਨਿਰਮਾਣ ਲਈ ਥੋਕ ਦਵਾਈਆਂ 'ਤੇ ਵੀ ਲਾਗੂ ਹੁੰਦੀਆਂ ਹਨ। ਫਾਰਮਾਸਿਊਟੀਕਲ ਕੰਪਨੀਆਂ ਦੁਆਰਾ ਚਲਾਏ ਜਾ ਰਹੇ ਮਰੀਜ਼ ਸਹਾਇਤਾ ਪ੍ਰੋਗਰਾਮਾਂ ਦੇ ਤਹਿਤ, ਨਿਰਧਾਰਤ ਦਵਾਈਆਂ ਅਤੇ ਦਵਾਈਆਂ ਨੂੰ 234 ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਜਾਣੀ ਚਾਹੀਦੀ ਹੈ ਜਦੋਂ ਤੱਕ ਦਵਾਈਆਂ ਮਰੀਜ਼ਾਂ ਨੂੰ ਮੁਫਤ ਸਪਲਾਈ ਕੀਤੀਆਂ ਜਾਂਦੀਆਂ ਹਨ। ਇਨ੍ਹਾਂ ਟੈਰਿਫ ਕਟੌਤੀਆਂ ਤੋਂ ਇਲਾਵਾ, ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਰਜਿਸਟ?ਰੇਸ਼ਨ ਨੂੰ ਵਧਾਉਣ ਦੇ ਨਵੇਂ ਉਪਾਅ ਲਗਭਗ 1 ਕਰੋੜ ਗਿਗ ਵਰਕਰਾਂ ਨੂੰ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨਗੇ, ਜਿਸ ਨਾਲ ਆਯੁਸ਼ਮਾਨ ਭਾਰਤ ਯੋਜਨਾ ਨੂੰ ਮਜ਼ਬੂਤੀ ਮਿਲੇਗੀ। ਇਹ ਮਰੀਜ਼-ਕੇਂਦ੍ਰਿਤ ਰਾਹਤ ਉਪਾਅ ਸਿਹਤ ਸੰਭਾਲ ਪਹੁੰਚ ਦਾ ਵਿਸਤਾਰ ਕਰਨਗੇ, ਜਿਸ ਨਾਲ ਕਈ ਜਾਨਾਂ ਬਚ ਜਾਣਗੀਆਂ। ਮਰੀਜ਼ਾਂ ਅਤੇ ਸਿਹਤ ਸੰਭਾਲ ਕਰਮਚਾਰੀਆਂ ਦੋਵਾਂ ਨੂੰ ਪ੍ਰਾਇਮਰੀ ਸਿਹਤ ਕੇਂਦਰਾਂ ਨੂੰ ਬ੍ਰੌਡਬੈਂਡ ਕਨੈਕਟੀਵਿਟੀ ਨਾਲ ਲੈਸ ਕਰਨ ਦੇ ਕਦਮ ਤੋਂ ਕਾਫ਼ੀ ਲਾਭ ਪ੍ਰਾਪਤ ਹੋਣਗੇ, ਜਿਸ ਨਾਲ ਟੈਲੀਮੈਡੀਸਨ ਨੂੰ ਦੇਖਭਾਲ ਦੇ ਪਾੜੇ ਨੂੰ ਪੂਰਾ ਕਰਨ ਦੇ ਯੋਗ ਬਣਾਇਆ ਜਾਵੇਗਾ। ਮੌਜੂਦਾ ਚੁਣੌਤੀਆਂ ਨੂੰ ਹੱਲ ਕਰਨ ਤੋਂ ਇਲਾਵਾ, ਸਿਹਤ ਸੰਭਾਲ ਬਜਟ ਨੇ ਇੱਕ ਸ਼ਾਨਦਾਰ ਅਗਾਂਹਵਧੂ ਦ੍ਰਿਸ਼ਟੀਕੋਣ ਵੀ ਦਿਖਾਇਆ ਹੈ, ਜਿਸ ਨਾਲ ਭਾਰਤ ਦੇ ਭਵਿੱਖ ਵਿੱਚ ਆਉਣ ਵਾਲੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਨੀਂਹ ਰੱਖੀ ਗਈ ਹੈ। ਅਪੋਲੋ ਹਸਪਤਾਲਾਂ ਦੁਆਰਾ 2024 ਦੀ ਇੱਕ ਰਿਪੋਰਟ ਸੁਝਾਅ ਦਿੰਦੀ ਹੈ ਕਿ ਭਾਰਤ ਜਲਦੀ ਹੀ ਦੁਨੀਆ ਦੀ ਕੈਂਸਰ ਰਾਜਧਾਨੀ ਬਣ ਸਕਦਾ ਹੈ, ਜਿਸ ਵਿੱਚ ਕੈਂਸਰ ਦੇ ਮਾਮਲਿਆਂ ਦੀ ਗਿਣਤੀ ਵਿਸ਼ਵ ਔਸਤ ਨਾਲੋਂ ਤੇਜ਼ੀ ਨਾਲ ਵਧਣ ਦੀ ਉਮੀਦ ਹੈ। ਇਸ ਸੰਦਰਭ ਵਿੱਚ, ਬਜਟ ਵਿੱਚ ਸਭ ਤੋਂ ਵਾਅਦਾ ਕਰਨ ਵਾਲੀਆਂ ਪਹਿਲਕਦਮੀਆਂ ਵਿੱਚੋਂ ਇੱਕ 3 ਸਾਲਾਂ ਦੇ ਅੰਦਰ ਸਾਰੇ ਜ਼ਿਲ੍ਹਿਆਂ ਵਿੱਚ 200 ਕੈਂਸਰ ਡੇਅਕੇਅਰ ਸੈਂਟਰਾਂ ਦੀ ਪ੍ਰਸਤਾਵਿਤ ਸਥਾਪਨਾ ਹੈ। ਇਹ ਪਹਿਲ ਕੈਂਸਰ ਦੇਖਭਾਲ ਤੱਕ ਪਹੁੰਚ ਨੂੰ ਲੋਕਤੰਤਰੀਕਰਨ ਕਰੇਗੀ, ਇਹ ਯਕੀਨੀ ਬਣਾਏਗੀ ਕਿ ਮਰੀਜ਼ਾਂ ਨੂੰ ਘਰ ਦੇ ਨੇੜੇ ਸਮੇਂ ਸਿਰ ਇਲਾਜ ਮਿਲੇ, ਅਤੇ ਤੀਜੇ ਦਰਜੇ ਦੇ ਦੇਖਭਾਲ ਹਸਪਤਾਲਾਂ 'ਤੇ ਬੋਝ ਨੂੰ ਮਹੱਤਵਪੂਰਨ ਤੌਰ 'ਤੇ ਘੱਟ ਕੀਤਾ ਜਾਵੇਗਾ। ਅਜਿਹੇ ਕੈਂਸਰ ਕੇਅਰ ਸੈਂਟਰ ਮਰੀਜ਼ਾਂ ਵਿੱਚ ਇਲਾਜ ਪ੍ਰਤੀ ਪਾਲਣਾ ਨੂੰ ਬਿਹਤਰ ਬਣਾਉਣਗੇ, ਇਲਾਜ ਵਿੱਚ ਦੇਰੀ ਨੂੰ ਘਟਾਉਣਗੇ, ਮਨੋਵਿਗਿਆਨਕ ਸਹਾਇਤਾ ਪ੍ਰਦਾਨ ਕਰਨਗੇ ਅਤੇ ਸੰਪੂਰਨ ਕੈਂਸਰ ਕੇਅਰ ਨੂੰ ਸਮਰੱਥ ਬਣਾਉਣਗੇ ਕੁੱਲ ਮਿਲਾ ਕੇ, ਬਜਟ ਭਾਰਤ ਦੀ ਵਧਦੀ ਆਬਾਦੀ ਨੂੰ ਵਿਆਪਕ ਅਤੇ ਕਿਫਾਇਤੀ ਸਿਹਤ ਸੰਭਾਲ ਪ੍ਰਦਾਨ ਕਰਨ ਦੀ ਕੋਸ਼ਿਸ਼ ਕਰਦਾ ਹੈ। ਬੇਸ਼ੱਕ, ਇਹ ਸਿਰਫ਼ ਨਿਰੰਤਰ ਵਿਕਾਸ ਅਤੇ ਵਿਕਾਸ 'ਤੇ ਕੇਂਦ੍ਰਿਤ ਇੱਕ ਮਜ਼ਬੂਤ ??ਸਿਹਤ ਸੰਭਾਲ ਬੁਨਿਆਦੀ ਢਾਂਚੇ ਨਾਲ ਹੀ ਸੰਭਵ ਹੈ। ਦੋ-ਪੱਖੀ ਪਹੁੰਚ - ਜਨਤਕ-ਨਿੱਜੀ ਭਾਈਵਾਲੀ (ਪੀਪੀਪੀ) ਦੀ ਸਥਾਪਨਾ ਅਤੇ ਹੀਲ ਇਨ ਇੰਡੀਆ ਪਹਿਲਕਦਮੀ - ਰਾਹੀਂ ਬਜਟ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਭਾਰਤ ਆਪਣੀ ਰਾਸ਼ਟਰੀ ਸਿਹਤ ਸੰਭਾਲ ਪ੍ਰਣਾਲੀ ਵਿੱਚ ਨਵੀਨਤਾ ਨੂੰ ਮਜ਼ਬੂਤ ਕਰਨ ਲਈ ਉਤਸੁਕ ਹੈ।

## ਭਿਆਨਕ ਹਾਦਸੇ ਨੇ ਤਬਾਹ ਕਰ'ਤਾ ਪਰਿਵਾਰ

ਨਾਭਾ 9 ਫਰਵਰੀ। ਪੰਜਾਬ 'ਚ ਇਕ ਬੇਹੱਦ ਦਰਦਨਾਕ ਹਾਦਸਾ ਵਾਪਰ ਗਿਆ ਹੈ, ਜਿੱਥੋਂ ਦੇ ਨਾਭਾ-ਭਾਦਸੋਂ ਰੋਡ ਨੇੜੇ ਮਲਕੀਤ ਐਗਰੋ ਕੋਲ ਇਕ ਤੇਜ਼ ਰਫਤਾਰ ਟਰਾਲੇ ਨੇ ਮੋਟਰਸਾਈਕਲ ਸਵਾਰ 2 ਸਕੇ ਭਰਾਵਾਂ ਨੂੰ ਟੱਕਰ ਮਾਰ ਦਿੱਤੀ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਦੋਵਾਂ ਭਰਾਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟੱਕਰ ਮਾਰਨ ਮਗਰੋਂ ਟਰਾਲਾ ਚਾਲਕ ਟਰਾਲਾ ਛੱਡ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਸ ਚੌਕੀ ਰੋਹਟੀ ਪੁਲ ਦੇ ਜਾਂਚ ਅਧਿਕਾਰੀ ਮਨਿੰਦਰ ਸਿੰਘ ਨੇ ਦੱਸਿਆ ਕਿ ਹਾਦਸੇ 'ਚ ਮਾਰੇ ਗਏ ਦੋਵਾਂ ਭਰਾਵਾਂ ਦੀ ਪਛਾਣ ਸਾਗਰ ਕੁਮਾਰ (25) ਤੇ ਆਕਾਸ਼ ਕੁਮਾਰ (23) ਪੁੱਤਰ ਰਾਜੂ ਵਾਸੀ ਵਾਰਡ ਨੰਬਰ 8 ਰਾਮ ਸਿੰਘ ਕਾਲੋਨੀ ਭਾਦਸੋਂ ਵਜੋਂ ਹੋਈ ਹੈ। ਪੁਲਸ ਨੇ ਟਰਾਲਾ ਕਬਜ਼ੇ 'ਚ ਲੈ ਕੇ ਅਣਪਛਾਤੇ ਡਰਾਈਵਰ ਖਿਲਾਫ਼ ਮਾਮਲਾ ਦਰਜ ਕਰ ਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਜਾਦੂ ਟੂਣੇ ਲਈ ਜੋੜੇ ਨੇ ਚਾੜ੍ਹ'ਤੀ ਮਾਸੂਮ ਦੀ ਬਲੀ ! ਪੁਲਸ ਜਾਂਚ 'ਚ ਹੋਇਆ ਵੱਡਾ ਖੁਲਾਸਾ

ਵੈੱਬ ਡੈਸਕ 9 ਫਰਵਰੀ। ਲਖਨਊ ਦੇ ਦੁਬੱਗਾ ਇਲਾਕੇ 'ਚ ਇੱਕ ਦੁਖਦਾਈ ਘਟਨਾ 'ਚ, ਇੱਕ ਅੱਠ ਸਾਲ ਦੀ ਲੜਕੀ ਦਾ ਕਤਲ ਕਰ ਦਿੱਤਾ ਗਿਆ। ਹੁਣ ਪੁਲਸ ਨੇ ਇਸ ਮਾਮਲੇ ਵਿੱਚ ਇੱਕ ਸਨਸਨੀਖੇਜ਼ ਖੁਲਾਸਾ ਕੀਤਾ ਹੈ, ਜਿਸ 'ਚ ਇਹ ਖੁਲਾਸਾ ਹੋਇਆ ਹੈ ਕਿ ਕੁੜੀ ਦਾ ਕਤਲ ਕਾਲੇ ਜਾਦੂ ਕਾਰਨ ਹੋਇਆ ਸੀ। ਇਸ ਮਾਮਲੇ ਵਿੱਚ ਇੱਕ ਮਹਿਲਾ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਦੋਂ ਕਿ ਉਸਦੇ ਪਤੀ ਨੂੰ ਪਹਿਲਾਂ ਗ੍ਰਿਫ਼ਤਾਰ ਕੀਤਾ ਗਿਆ ਸੀ, ਉਸਨੇ ਖੁਦਕੁਸ਼ੀ ਕਰ ਲਈ। ਪੁਲਸ ਅਨੁਸਾਰ, ਲੜਕੀ ਦਾ ਕਤਲ ਜੁਗਨੂੰ ਨਾਮ ਦੀ ਔਰਤ ਅਤੇ ਉਸਦੇ ਪਤੀ ਸੋਨੂੰ ਪੰਡਿਤ ਨੇ ਕੀਤਾ ਸੀ। ਉਸਨੇ ਕੁੜੀ ਨੂੰ ਚਾਹ ਪੀਣ ਦੇ ਬਹਾਨੇ ਆਪਣੇ ਘਰ ਬੁਲਾਇਆ



ਅਤੇ ਫਿਰ ਉਸਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਕਤਲ ਦਾ ਕਾਰਨ ਕੋਈ ਕਾਲਾ ਜਾਦੂ ਦੱਸਿਆ ਜਾ ਰਿਹਾ ਹੈ। ਪੁਲਸ ਨੇ ਦੱਸਿਆ ਕਿ ਕਤਲ ਤੋਂ ਪਹਿਲਾਂ ਜੁਗਨੂੰ ਅਤੇ ਸੋਨੂੰ ਪੰਡਿਤ ਨੇ ਤਾਂਤਰਿਕ ਰਸਮਾਂ ਦਾ ਸਹਾਰਾ ਲਿਆ ਸੀ। ਫਿਰ ਮੰਤਰ ਦਾ ਜਾਪ ਕੀਤਾ। ਫੁੱਲ ਤੇ ਲੌਂਗ ਭੇਟ ਕੀਤੇ। ਇਸ ਤੋਂ ਬਾਅਦ, ਉਸਨੇ ਇਸ ਤੰਤਰ ਮੰਤਰ ਦੀ ਖ਼ਾਤਰ ਕੁੜੀ ਨੂੰ ਮਾਰ ਦਿੱਤਾ। ਪੁਲਸ ਨੇ ਹੁਣ ਇਸ ਮਾਮਲੇ ਵਿੱਚ ਸੋਨੂੰ ਪੰਡਿਤ ਦੀ ਪਤਨੀ ਜੁਗਨੂੰ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦੋਂ ਕਿ ਸੋਨੂੰ ਪੰਡਿਤ ਨੇ ਪੁਲਿਸ ਪੁੱਛਗਿੱਛ ਦੌਰਾਨ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਪੁਲਸ ਨੇ ਦੱਸਿਆ ਕਿ ਉਨ੍ਹਾਂ ਨੂੰ ਮ੍ਰਿਤਕ ਲੜਕੀ ਦੇ ਮੋਬਾਈਲ ਫੋਨ ਤੋਂ ਇਸ ਮਾਮਲੇ ਵਿੱਚ ਇੱਕ ਮਹੱਤਵਪੂਰਨ ਸੁਰਾਗ ਮਿਲਿਆ ਹੈ। ਦਰਅਸਲ, ਉਸ ਮੋਬਾਈਲ ਵਿੱਚ ਇੱਕ ਸੁਨੇਹਾ ਸੀ ਜਿਸ ਵਿੱਚ ਸੋਨੂੰ ਪੰਡਿਤ ਨੇ ਕਿਸੇ ਨੂੰ ਸੁਨੇਹਾ ਭੇਜਿਆ ਸੀ ਕਿ ਉਸਦੇ ਨੰਬਰ 'ਤੇ ਕਾਲ ਨਾ ਕਰੋ, ਇਹ ਨਿਗਰਾਨੀ ਹੇਠ ਹੈ।

## ਇਨਸਾਨੀਅਤ ਸ਼ਰਮਸਾਰ ! ਚੱਲਦੀ ਟਰੇਨ 'ਚ ਗਰਭਵਤੀ ਨਾਲ ਜਬਰ ਜ਼ਿਨਾਹ ਦੀ ਕੋਸ਼ਿਸ਼ ਤੇ ਫਿਰ

ਕੋਇੰਬਟੂਰ 9 ਫਰਵਰੀ। ਤਾਮਿਲਨਾਡੂ ਦੇ ਕੋਇੰਬਟੂਰ ਜ਼ਿਲ੍ਹੇ 'ਚ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਇਕ ਘਟਨਾ ਸਾਹਮਣੇ ਆਈ ਹੈ। ਵੀਰਵਾਰ ਨੂੰ ਇਕ ਆਦਮੀ ਨੇ ਇਕ ਗਰਭਵਤੀ ਔਰਤ ਨੂੰ ਚਲਦੀ ਰੇਲ ਗੱਡੀ 'ਚੋਂ ਬਾਹਰ ਸੁੱਟ ਦਿੱਤਾ। ਔਰਤ ਦਾ ਇਕੋ ਇੱਕ ਕਸੂਰ ਸੀ ਕਿ ਉਹ ਜਬਰ ਜ਼ਿਨਾਹ ਦੀ ਕੋਸ਼ਿਸ਼ ਦਾ ਵਿਰੋਧ ਕਰ ਰਹੀ ਸੀ। ਜਿਵੇਂ ਹੀ ਔਰਤ ਨੇ ਇਸ ਘਟਨਾ ਦਾ ਵਿਰੋਧ ਕੀਤਾ, ਦੋਸ਼ੀ ਨੇ ਉਸ ਨੂੰ ਚਲਦੀ ਰੇਲ ਗੱਡੀ ਤੋਂ ਧੱਕਾ ਦੇ ਦਿੱਤਾ। ਇਹ ਘਟਨਾ ਵੀਰਵਾਰ ਸਵੇਰੇ ਕਰੀਬ 10:30 ਵਜੇ ਵਾਪਰੀ। ਪੀੜਤ ਕੋਇੰਬਟੂਰ-ਤਿਰੂਪਤੀ ਇੰਟਰਸਿਟੀ ਐਕਸਪ੍ਰੈਸ ਟ?ਰੇਨ ਰਾਹੀਂ ਤਿਰੂਪੁਰ ਤੋਂ ਆਂਧਰਾ ਪ੍ਰਦੇਸ਼ ਦੇ ਚਿਤੂਰ ਜਾ ਰਿਹਾ ਸੀ। ਘਟਨਾ ਦੇ ਸਮੇਂ ਉਹ ਇਕੱਲੀ ਯਾਤਰਾ ਕਰ ਰਹੀ ਸੀ। ਗਰਭਵਤੀ ਔਰਤ ਦੀ ਟਿਕਟ ਕਨਫਰਮ ਨਹੀਂ ਸੀ। ਉਹ ਸਵੇਰੇ ਕਰੀਬ 6.40 ਵਜੇ ਟਰੇਨ 'ਚ ਚੜ੍ਹੀ ਅਤੇ ਮਹਿਲਾ ਕੋਚ 'ਚ ਬੈਠ ਗਈ। ਅਧਿਕਾਰੀਆਂ ਨੇ ਦੱਸਿਆ ਕਿ ਉਸ



ਸਮੇਂ ਕੋਚ 'ਚ 8 ਹੋਰ ਔਰਤਾਂ ਵੀ ਬੈਠੀਆਂ ਹੋਈਆਂ ਸਨ। ਸਵੇਰੇ ਕਰੀਬ 10.15 ਵਜੇ ਟਰੇਨ ਜਦੋਂ ਜੋਲਾਰਪੇਟਈ ਰੇਲਵੇ ਸਟੇਸ਼ਨ ਪਹੁੰਚੀ ਤਾਂ ਬਾਕੀ ਦੀਆਂ ਔਰਤਾਂ ਕੋਚ ਤੋਂ ਹੇਠਾਂ ਉਤਰ ਗਈਆਂ। ਪੀੜਤਾ ਉੱਥੇ ਇਕੱਲੀ ਰਹਿ ਗਈ। ਰੇਲ ਗੱਡੀ ਜਿਵੇਂ ਹੀ ਚੱਲਣ ਲੱਗੀ 27 ਸਾਲਾ ਹੇਮਰਾਜ ਕੋਚ 'ਚ ਚੜ੍ਹ ਗਿਆ। ਉਹ ਕੁਝ ਦੇਰ ਬਾਅਦ ਉੱਥੇ ਬੈਠਾ ਰਿਹਾ। ਜਦੋਂ ਉਸ ਨੇ ਔਰਤ ਨੂੰ ਬਿਲਕੁੱਲ ਇਕੱਲੇ ਦੇਖਇਆ ਤਾਂ ਉਸ ਨਾਲ ਜਬਰ ਜ਼ਿਨਾਹ ਦੀ ਕੋਸ਼ਿਸ਼ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਜਦੋਂ ਪੀੜਤਾ ਨੂੰ ਉਸ ਨੂੰ ਲੱਤ ਮਾਰ ਕੇ ਇਸ ਘਟਨਾ ਦਾ ਵਿਰੋਧ ਕੀਤਾ ਤਾਂ ਦੋਸ਼ੀ ਨੇ ਉਸ ਨੂੰ ਚੱਲਦੀ ਟਰੇਨ ਤੋਂ ਬਾਹਰ ਸੁੱਟ ਦਿੱਤਾ। ਇਸ ਘਟਨਾ 'ਚ ਔਰਤ ਦੇ ਹੱਥ, ਪੈਰ ਅਤੇ ਸਿਰ 'ਤੇ ਸੱਟਾਂ ਲੱਗੀਆਂ ਹਨ। ਅਧਿਕਾਰੀਆਂ ਨੇ ਉਸ ਨੂੰ ਇਲਾਜ ਲਈ ਤੁਰੰਤ ਵੇਲੋਰ ਸਰਕਾਰੀ ਹਸਪਤਾਲ 'ਚ ਦਾਖ਼ਲ ਕਰਵਾਇਆ। ਜਾਣਕਾਰੀ ਅਨੁਸਾਰ ਗਰਭਵਤੀ ਔਰਤ ਹਾਦਸੇ ਦੇ ਸਮੇਂ ਆਪਣੀ ਪੇਕੇ ਜਾ ਰਹੀ ਸੀ। ਪੀੜਤਾ ਦੇ ਬਿਆਨ ਦੇ ਆਧਾਰ 'ਤੇ ਮਾਮਲਾ ਦਰਜ ਕਰ ਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਦੋਸ਼ੀ ਹੇਮਰਾਜ ਆਦਤਨ ਅਪਰਾਧੀ ਹੈ।

## ਜਲੰਧਰ ਪੁਲਸ ਨੂੰ ਮਿਲੀ ਵੱਡੀ ਸ.ਫਲਤਾ ; ਚੋਰੀ ਤੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ 3 ਕੀਤੇ ਕਾਬੂ

ਜਲੰਧਰ 9 ਫਰਵਰੀ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਚੋਰੀ ਅਤੇ ਸਨੈਚਿੰਗ ਸਮੇਤ ਕਈ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਐੱਫ.ਆਈ.ਆਰ. ਨੰ: 24, ਮਿਤੀ: 04.02.2025, ਧਾਰਾ: 3(5), 304(2), ਬੀ.ਐੱਨ.ਐੱਸ. ਥਾਣਾ ਰਾਮਾਮੰਡੀ, ਜਲੰਧਰ ਵਿਖੇ ਦਰਜ ਕੀਤੀ ਗਈ ਸੀ ਕਿਉਂਕਿ ਪੁਲਸ ਨੇ ਚੋਰੀ ਅਤੇ ਲੁੱਟ-ਖੋਹ ਦੀਆਂ ਕਈ ਵਾਰਦਾਤਾਂ ਨਾਲ ਜੁੜੇ ਤਿੰਨ ਸ਼ੱਕੀ



ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਸਾਹਿਲ ਕੁਮਾਰ ਪੁੱਤਰ ਅਜੈ ਕੁਮਾਰ ਵਾਸੀ ਬਗੇਚੂ ਮੁਹੱਲਾ ਪਿੰਡ ਜਮਸ਼ੇਰ ਖਾਸ, ਜਲੰਧਰ, ਵੰਸ਼ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਨੇੜੇ ਗੁਰਦੁਆਰਾ ਜੀਵਨ ਸਿੰਘ, ਬਗੇਚੂ ਮੁਹੱਲਾ, ਪਿੰਡ ਜਮਸ਼ੇਰ ਖਾਸ, ਜਲੰਧਰ ਅਤੇ ਹਰਮਨ ਪੁੱਤਰ ਹੀਰਾ ਲਾਲ, ਪਿੰਡ ਜਮਸ਼ੇਰ ਖਾਸ, ਜ਼ਿਲ੍ਹਾ ਜਲੰਧਰ ਅਤੇ ਹਰਮਨ ਪੁੱਤਰ ਹੀਰਾ ਲਾਲ, ਪਿੰਡ ਖੈਚੂ ਜਮਸ਼ੇਰ, ਮੁਹੱਲਾ ਰਾਮ ਵਜੋਂ ਹੋਈ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ 2 ਕਲੀਵਰ, 2 ਮੋਟਰਸਾਈਕਲ, 6 ਮੋਬਾਈਲ ਫ਼ੋਨ, ਵੱਖ-ਵੱਖ ਚਾਰ ਪਹੀਆ ਵਾਹਨਾਂ ਦਾ ਸਮਾਨ ਅਤੇ ਹੋਰ ਸਾਮਾਨ ਬਰਾਮਦ ਕੀਤੇ ਹਨ। ਉਨ੍ਹਾਂ ਦੱਸਿਆ ਕਿ ਤਿੰਨਾਂ ਮੁਲਜ਼ਮਾਂ ਖ਼?ਲਾਫ਼ ਪਹਿਲਾਂ ਹੀ ਵੱਖ-ਵੱਖ ਕੇਸ ਚੱਲ ਰਹੇ ਹਨ। ਸਵਪਨ ਸ਼ਰਮਾ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਜੇਕਰ ਕੋਈ ਵੇਰਵੇ ਹਨ ਤਾਂ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

## ਪਹਾੜਾਂ 'ਤੇ ਪੈ ਰਹੀ ਬਰਫ਼ ਨੇ ਬਦਲਿਆ ਪੰਜਾਬ ਦੇ ਮੌਸਮ ਦਾ ਮਿਜਾਜ਼

ਜਲੰਧਰ 9 ਫਰਵਰੀ। ਪਹਾੜਾਂ 'ਤੇ ਪੈ ਰਹੀ ਬਰਫ਼ ਦਾ ਅਸਰ ਪੰਜਾਬ 'ਚ ਦੇਖਣ ਨੂੰ ਮਿਲ ਰਿਹਾ ਹੈ, ਭਾਵ ਪੰਜਾਬ 'ਚ ਠੰਡੀਆਂ ਹਵਾਵਾਂ ਚੱਲ ਰਹੀਆਂ ਹਨ। ਜਿਸ ਕਾਰਨ ਪੰਜਾਬ 'ਚ ਠੰਡ ਵਧ ਰਹੀ ਹੈ। ਇਸ ਦੇ ਨਾਲ ਹੀ ਮੌਸਮ ਵਿਭਾਗ ਦੇ ਅਨੁਸਾਰ ਹੁਣ ਪੰਜਾਬ ਦੇ ਮੌਸਮ ਵਿੱਚ ਮਾਮੂਲੀ ਤਬਦੀਲੀ ਦੇਖੀ ਜਾ ਰਹੀ ਹੈ। ਸੂਬੇ ਦੇ ਘੱਟੋ-ਘੱਟ ਤਾਪਮਾਨ ਵਿੱਚ ਥੋੜ੍ਹੀ ਜਿਹੀ ਗਿਰਾਵਟ ਆਵੇਗੀ। ਇਸ ਦੇ ਨਾਲ ਹੀ ਅੱਜ ਤੋਂ ਇੱਕ ਨਵਾਂ ਪੱਛਮੀ ਗੜਬੜ ਵੀ ਸਰਗਰਮ ਹੋ ਰਿਹਾ ਹੈ। ਮੌਸਮ ਵਿਗਿਆਨ ਕੇਂਦਰ ਦੇ ਅਨੁਸਾਰ ਸੂਰਜ ਨਿਕਲਣ ਤੋਂ ਬਾਅਦ ਸੂਬੇ ਵਿੱਚ ਤਾਪਮਾਨ ਲਗਾਤਾਰ ਵਧ ਰਿਹਾ ਹੈ। ਅੱਜ ਤੋਂ ਇੱਕ ਨਵੀਂ ਪੱਛਮੀ ਗੜਬੜੀ ਦੇ ਸਰਗਰਮ ਹੋਣ ਦੀ ਸੰਭਾਵਨਾ ਹੈ, ਪਰ ਇਸਦਾ ਪ੍ਰਭਾਵ ਸੂਬੇ ਵਿੱਚ ਨਹੀਂ ਦਿਖਾਈ ਦੇਵੇਗਾ। ਆਉਣ ਵਾਲਾ ਹਫ਼ਤਾ ਸੁੱਕਾ ਰਹਿਣ ਦੀ ਉਮੀਦ ਹੈ ਅਤੇ ਕੋਈ ਮੀਂਹ ਅਤੇ ਧੁੰਦ ਦਾ ਅਲਰਟ ਨਹੀਂ ਹੈ। ਹਾਲਾਂਕਿ ਹਿਮਾਚਲ ਪ੍ਰਦੇਸ਼ 'ਚ ਸੀਤ ਲਹਿਰ ਦੀ ਚੇਤਾਵਨੀ ਦਾ ਪ੍ਰਭਾਵ ਮੈਦਾਨੀ ਇਲਾਕਿਆਂ ਵਿੱਚ ਵੀ ਦਿਖਾਈ ਦੇਵੇਗਾ, ਜਿਸ ਕਾਰਨ ਸਵੇਰ ਅਤੇ ਰਾਤ ਨੂੰ ਠੰਡ ਤਾਂ ਰਹੇਗੀ ਪਰ ਦਿਨ ਵੇਲੇ ਸੂਰਜ ਦੇਵਤਾ ਦੇ ਦਰਸ਼ਨ ਵੀ ਹੋ ਸਕਣਗੇ। ਮੌਸਮ ਵਿਭਾਗ ਮੁਤਾਬਕ ਅਗਲਾ ਹਫਤਾ ਪੰਜਾਬ ਲਈ ਖੁਸ਼ਕ ਰਹਿ ਸਕਦਾ ਹੈ।

## ਇਸ ਧਰਮ ਦੇ ਲੋਕਾਂ ਕੋਲ ਹੈ ਸਭ ਤੋਂ ਜ਼ਿਆਦਾ ਪੈਸਾ ! ਦੌਲਤ ਜਾਣ ਰਹਿ ਜਾਓਗੇ ਹੈਰਾਨ

ਵੈੱਬ ਡੈਸਕ 9 ਫਰਵਰੀ। ਦੁਨੀਆ ਦੇ ਸਭ ਤੋਂ ਅਮੀਰ ਲੋਕ ਕਿਸ ਧਰਮ ਨਾਲ ਸਬੰਧਤ ਹਨ? ਇੱਕ ਨਵੀਂ ਰਿਪੋਰਟ ਦੇ ਅਨੁਸਾਰ, ਈਸਾਈਆਂ ਕੋਲ ਦੁਨੀਆ 'ਚ ਸਭ ਤੋਂ ਵੱਧ ਦੌਲਤ ਹੈ। ਇਸ ਤੋਂ ਬਾਅਦ ਮੁਸਲਮਾਨਾਂ ਦੀ ਵਾਰੀ ਆਉਂਦੀ ਹੈ ਅਤੇ ਫਿਰ ਹਿੰਦੂਆਂ ਦੀ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਦੁਨੀਆ ਦੀ ਕੁੱਲ ਦੌਲਤ ਦਾ ਇੱਕ ਵੱਡਾ ਹਿੱਸਾ ਉਨ੍ਹਾਂ ਲੋਕਾਂ ਕੋਲ ਹੈ ਜੋ ਕਿਸੇ ਵੀ ਧਰਮ 'ਚ ਵਿਸ਼ਵਾਸ ਨਹੀਂ ਰੱਖਦੇ। ਨਿਊ ਵਰਲਡ ਵੈਲਥ ਰਿਪੋਰਟ ਦੇ ਅਨੁਸਾਰ, ਧਰਮ ਦੇ ਆਧਾਰ 'ਤੇ ਸਭ ਤੋਂ ਵੱਧ ਦੌਲਤ ਰੱਖਣ ਵਾਲੇ ਲੋਕ ਈਸਾਈ ਹਨ। ਈਸਾਈਆਂ ਕੋਲ 107,280 ਬਿਲੀਅਨ ਅਮਰੀਕੀ ਡਾਲਰ ਦੀ ਦੌਲਤ ਹੈ, ਜੋ ਕਿ ਦੁਨੀਆ ਦੀ ਕੁੱਲ ਦੌਲਤ ਦਾ 55 ਪ੍ਰਤੀਸ਼ਤ ਹੈ। ਈਸਾਈਆਂ ਤੋਂ ਬਾਅਦ, ਮੁਸਲਮਾਨ ਆਉਂਦੇ ਹਨ। ਦੁਨੀਆ ਭਰ ਦੇ ਮੁਸਲਿਮ ਭਾਈਚਾਰੇ ਕੋਲ 11,335 ਬਿਲੀਅਨ ਅਮਰੀਕੀ ਡਾਲਰ ਦੀ ਦੌਲਤ ਹੈ, ਜੋ ਕਿ ਕੁੱਲ ਦੌਲਤ ਦਾ 5.9 ਪ੍ਰਤੀਸ਼ਤ ਹੈ। ਹਿੰਦੂ ਧਰਮ ਦੇ ਲੋਕ ਤੀਜੇ ਸਥਾਨ 'ਤੇ ਹਨ,



ਜਿਨ੍ਹਾਂ ਕੋਲ 6,505 ਬਿਲੀਅਨ ਅਮਰੀਕੀ ਡਾਲਰ (3.3 ਪ੍ਰਤੀਸ਼ਤ) ਦੀ ਦੌਲਤ ਹੈ। ਫਰਿੱਜ 'ਚੋਂ 'ਲੱਡੂ' ਕੱਢ ਕੇ ਖਾਣਾਦੁਨੀਆ ਦੀ ਕੁੱਲ ਦੌਲਤ ਦਾ ਇੱਕ ਵੱਡਾ ਹਿੱਸਾ ਉਨ੍ਹਾਂ ਲੋਕਾਂ ਕੋਲ ਹੈ ਜੋ ਕਿਸੇ ਵੀ ਧਰਮ 'ਚ ਵਿਸ਼ਵਾਸ ਨਹੀਂ ਰੱਖਦੇ। ਨਿਊ ਵਰਲਡ ਵੈਲਥ ਰਿਪੋਰਟ ਦੇ ਅਨੁਸਾਰ, ਧਰਮ ਦੇ ਆਧਾਰ 'ਤੇ ਸਭ ਤੋਂ ਵੱਧ ਦੌਲਤ ਰੱਖਣ ਵਾਲੇ ਲੋਕ ਈਸਾਈ ਹਨ। ਈਸਾਈਆਂ ਕੋਲ 107,280 ਮਾਸੂਮ ਲਈ ਬਣ ਗਿਆ ਜ਼ੁਰਮ! ਮਤਰੇਈ ਮਾਂ ਨੇ ਗਰਮ ਤਵੇ 'ਤੇ ਬਿਠਾ ਕੇ ਸਾੜਿਆ ਇਸ ਤੋਂ ਇਲਾਵਾ, ਯਹੂਦੀ ਧਰਮ ਦੇ ਲੋਕਾਂ ਕੋਲ 2,079 ਬਿਲੀਅਨ ਅਮਰੀਕੀ ਡਾਲਰ ਦੀ ਦੌਲਤ ਹੈ, ਜੋ ਕਿ ਕੁੱਲ ਦੌਲਤ ਦਾ 1.1 ਪ੍ਰਤੀਸ਼ਤ ਹੈ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਦੁਨੀਆ ਦੇ 10 ਸਭ ਤੋਂ ਅਮੀਰ ਦੇਸ਼ਾਂ ਵਿੱਚੋਂ ਸੱਤ ਈਸਾਈ ਬਹੁਗਿਣਤੀ ਵਾਲੇ ਹਨ। ਇਸ ਤੋਂ ਇਲਾਵਾ, ਦੁਨੀਆ ਦੀ ਕੁੱਲ ਦੌਲਤ (67,832 ਬਿਲੀਅਨ ਅਮਰੀਕੀ ਡਾਲਰ) ਦਾ ਇੱਕ ਵੱਡਾ ਹਿੱਸਾ ਉਨ੍ਹਾਂ ਲੋਕਾਂ ਕੋਲ ਹੈ ਜੋ ਕਿਸੇ ਵੀ ਧਰਮ ਨੂੰ ਨਹੀਂ ਮੰਨਦੇ, ਜੋ ਕਿ ਕੁੱਲ ਦੌਲਤ ਦਾ 34.8 ਪ੍ਰਤੀਸ਼ਤ ਹੈ।

## ਮਾਰੂਤੀ ਸੁਜ਼ੂਕੀ ਨੇ ਭਾਰਤ-ਤਿੱਬਤ ਸਰਹੱਦ ਪੁਲਸ ਨੂੰ ਜਿਮਨੀ ਦੀਆਂ 8 ਇਕਾਈਆਂ ਸੌਂਪੀਆਂ

ਨਵੀਂ ਦਿੱਲੀ, 9 ਫਰਵਰੀ। ਮਾਰੂਤੀ ਸੁਜ਼ੂਕੀ ਇੰਡੀਆ ਲਿਮਟਿਡ ਨੇ ਸ਼ੁੱਕਰਵਾਰ ਨੂੰ ਭਾਰਤ-ਤਿੱਬਤ ਸਰਹੱਦ ਪੁਲਸ (ਆਈ. ਟੀ. ਬੀ. ਪੀ.) ਨੂੰ 60 ਜਿਮਨੀ ਵਾਹਨ ਸੌਂਪੇ ਜਾਣ ਦਾ ਐਲਾਨ ਕੀਤਾ, ਜੋ ਸੀ. ਆਰ. ਪੀ. ਐੱਫ. ਵਿਚ ਜਿਮਨੀ ਨੂੰ ਪਹਿਲੀ ਵਾਰ ਸ਼ਾਮਲ ਕੀਤੇ ਜਾਣ ਦੀ ਪ੍ਰਤੀਕ ਹੈ। ਇਨ੍ਹਾਂ ਵਾਹਨਾਂ ਨੂੰ ਲੇਹ-ਲੱਦਾਖ ਅਤੇ ਅਰੁਣਾਚਲ ਪ੍ਰਦੇਸ਼ ਦੇ ਸਰਹੱਦੀ ਖੇਤਰਾਂ ਵਿਚ ਤਾਇਨਾਤ ਕੀਤਾ ਜਾਏਗਾ। ਨਵੀਂ ਦਿੱਲੀ ਵਿਚ ਆਈ. ਟੀ. ਬੀ. ਪੀ. ਹੈੱਡਕੁਆਰਟਰ ਵਿਚ ਸ਼੍ਰੀ ਅਬਦੁਲ ਗਨੀ ਮੀਰ (ਆਈ. ਪੀ. ਐੱਸ.), ਵਧੀਕ ਡਾਇਰੈਕਟਰ ਜਨਰਲ (ਹੈੱਡਕੁਆਰਟਰ) ਭਾਰਤ-ਤਿੱਬਤ ਸਰਹੱਦ ਪੁਲਸ ਅਤੇ ਸ਼੍ਰੀ ਪਾਰਥੋ ਬੈਨਰਜੀ, ਸੀਨੀਅਰ ਕਾਰਜਕਾਰੀ ਅਧਿਕਾਰੀ, ਮਾਰਕੀਟਿੰਗ ਅਤੇ ਵਿਕਰੀ, ਮਾਰੂਤੀ ਸੁਜ਼ੂਕੀ ਦੀ ਮੌਜੂਦਗੀ ਵਿਚ ਹੈਂਡਓਵਰ ਸਮਾਰੋਹ ਆਯੋਜਿਤ ਕੀਤਾ ਗਿਆ। ਆਈ. ਟੀ. ਬੀ. ਪੀ. ਭਾਰਤ ਦੇ ਕੁਝ ਸਭ ਤੋਂ ਚੁਣੌਤੀਪੂਰਨ ਇਲਾਕਿਆਂ ਵਿਚ ਕੰਮ ਕਰਦੀ ਹੈ, ਜਿਸ ਵਿਚ ਵੱਧ ਤੋਂ ਵੱਧ ਉੱਚਾਈ ਵਾਲੇ ਹਿਮਾਲੀਆਈ ਖੇਤਰ ਸ਼ਾਮਲ ਹਨ, ਜਿਥੇ ਮੌਸਮ ਦੀ ਸਥਿਤੀ ਬਹੁਤ ਖਰਾਬ ਹੁੰਦੀ ਹੈ

## ਯੂਰਪ 'ਚ ਖੂਬ ਪਸੰਦ ਕੀਤੀ ਜਾਂਦੀ ਹੈ ਹਰਿਆਣੇ ਦੇ ਪਿੰਡ ਦੀ ਇਹ ਵਿਸਕੀ, ਮੰਤਰੀ ਨੇ ਖ਼ੁਦ ਕੀਤੀ ਤਾਰੀਫ਼

ਨਵੀਂ ਦਿੱਲੀ 9 ਫਰਵਰੀ। ਭਾਰਤ ਦੇ ਵਣਜ ਮੰਤਰੀ ਪੀਯੂਸ਼ ਗੋਇਲ ਵਿਦੇਸ਼ 'ਚ ਉਸ ਸਮੇਂ ਹੈਰਾਨ ਰਹਿ ਗਏ ਜਦੋਂ ਸਵਿਟਜ਼ਰਲੈਂਡ ਦੇ ਇਕ ਮੰਤਰੀ ਨੇ ਉਨ੍ਹਾਂ ਕੋਲ ਆ ਕੇ, ਹਰਿਆਣਾ ਦੇ ਪਿੰਡ 'ਚ ਬਣੀ 'ਸਿੰਗਲ ਮਾਲਟ ਵ?ਹਿਸਕੀ' ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਹ ਯੂਰਪ 'ਚ ਬਹੁਤ ਮਸ਼ਹੂਰ ਹੈ, ਜਦੋਂ ਕਿ ਗੋਇਲ ਨੇ ਇਸ ਬਾਰੇ ਸੁਣਿਆ ਵੀ ਨਹੀਂ ਸੀ। ਗੋਇਲ ਨੇ ਇਹ ਗੱਲ ਸ਼ੁੱਕਰਵਾਰ ਨੂੰ ਰਾਜ ਸਭਾ 'ਚ ਇਕ ਪੂਰਕ ਸਵਾਲ ਦੇ ਜਵਾਬ 'ਚ ਕਹੀ। ਆਜ਼ਾਦ ਮੈਂਬਰ ਕਾਰਤੀਕੇਯ ਸ਼ਰਮਾ ਦੇ ਇਕ ਪੂਰਕ ਸਵਾਲ ਦੇ ਜਵਾਬ 'ਚ, ਉਨ੍ਹਾਂ ਕਿਹਾ ਕਿ ਤਿੰਨ ਮਹੀਨੇ ਪਹਿਲਾਂ ਉਹ ਇਕ ਬੈਠਕ ਲਈ ਜ਼ਿਊਰਿਖ (ਸਵਿਟਜ਼ਰਲੈਂਡ) 'ਚ ਸਨ। ਉਨ੍ਹਾਂ ਕਿਹਾ,''ਮੈਂ ਹੈਰਾਨ ਰਹਿ ਗਿਆ ਜਦੋਂ ਇਕ ਸਵਿਸ ਮੰਤਰੀ ਨੇ ਉਨ੍ਹਾਂ ਨੂੰ ਕਿਹਾ ਕਿ ਭਾਰਤ ਦੀ ਇਕ ਵ?ਹਿਸਕੀ ਹੈ ਜੋ ਦੁਨੀਆ ਭਰ 'ਚ ਮਸ਼ਹੂਰ ਹੈ ਅਤੇ ਯੂਰਪ 'ਚ ਵੀ ਕਾਫ਼ੀ ਪਸੰਦ ਕੀਤੀ ਜਾਂਦੀ ਹੈ।'' ਗੋਇਲ ਨੇ ਕਿਹਾ,''ਮੈਂ ਵ?ਹਿਸਕੀ



ਨਹੀਂ ਪੀਂਦਾ ਅਤੇ ਮੈਂ ਇਹ ਕਿ ਇਹ ਯੂਰਪ 'ਚ ਬਹੁਤ ਮਸ਼ਹੂਰ ਹੈ, ਜਦੋਂ ਕਿ ਗੋਇਲ ਨੇ ਇਸ ਬਾਰੇ ਸੁਣਿਆ ਵੀ ਨਹੀਂ ਸੀ। ਗੋਇਲ ਨੇ ਇਹ ਗੱਲ ਸ਼ੁੱਕਰਵਾਰ ਨੂੰ ਰਾਜ ਸਭਾ 'ਚ ਇਕ ਪੂਰਕ ਸਵਾਲ ਦੇ ਜਵਾਬ 'ਚ ਕਹੀ। ਆਜ਼ਾਦ ਮੈਂਬਰ ਸੁਣ ਕੇ ਹੈਰਾਨ ਰਹਿ ਗਿਆ...ਮੈਨੂੰ ਨਹੀਂ ਪਤਾ ਸੀ ਕਿ ਇਹ ਵ?ਹਿਸਕੀ ਯੂਰਪ ਦੇ ਬਜ਼ਾਰਾਂ 'ਚ ਪ੍ਰੀਮੀਅਮ ਵ?ਹਿਸਕੀ ਵਜੋਂ ਵਿਕਦੀ ਹੈ ਅਤੇ ਆਸਾਨੀ ਨਾਲ ਉਪਲੱਬਧ ਨਹੀਂ ਹੁੰਦੀ।'' ਉਨ੍ਹਾਂ ਕਿਹਾ ਕਿ ਯੂਰਪ ਦੀ ਇਸ ਵ?ਹਿਸਕੀ ਦਾ ਉਤਪਾਦਨ ਹਰਿਆਣਾ ਦੇ ਇਕ ਛੋਟੇ ਜਿਹੇ ਪਿੰਡ ਇੰਦਰੀ 'ਚ ਹੁੰਦਾ ਹੈ, ਜੋ ਸਵਿਸ ਮੰਤਰੀ ਅਨੁਸਾਰ ਯੂਰਪ ਦੀ ਵ?ਹਿਸਕੀ ਤੋਂ ਕਿਤੇ ਜ਼ਿਆਦਾ ਸੁਆਦ ਹੈ।

## 15 ਗ੍ਰਾਮ ਹੈਰੋਇਨ ਸਣੇ ਵਿਅਕਤੀ ਗ੍ਰਿਫ਼ਤਾਰ

ਜ਼ੀਰਾ 9 ਫਰਵਰੀ। ਥਾਣਾ ਸਦਰ ਜ਼ੀਰਾ ਦੀ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ 15 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਕੇ ਉਸ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਅਤੇ ਚੈਕਿੰਗ ਦੇ ਸਬੰਧੀ ਏਰੀਆ ਦਾਣਾ ਮੰਡੀ ਪਿੰਡ ਮਨਸੂਰ ਵਾਲ ਕਲਾਂ ਪੁੱਜੇ ਤਾਂ ਇਕ ਨੌਜਵਾਨ ਹਰਮਨਦੀਪ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਰਟੋਲ ਰੋਹੀ ਸ਼ੈੱਡ ਹੇਠਾਂ ਖੜ੍ਹਾ ਵਿਖਾਈ ਦਿੱਤਾ। ਉਹ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਅਤੇ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੇ ਆਧਾਰ 'ਤੇ ਗ੍ਰਿਫ਼ਤਾਰ ਕਰ ਕੇ ਤਲਾਸ਼ੀ ਲਈ ਤਾਂ ਇਸ ਕੋਲੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਔਰਤ ਨੇ ਪਹਿਲਾਂ ਘਰ 'ਚ ਲਗਾਈ ਅੱਗ, ਫਿਰ ਕੀਤੀ ਖ਼ੁਦਕੁਸ਼ੀ

ਚੰਡੀਗੜ੍ਹ 9 ਫਰਵਰੀ। ਮਲੋਆ ਸਥਿਤ ਈ. ਡਬਲਯੂ. ਐੱਸ. ਫਲੈਟ 'ਚ ਰਹਿਣ ਵਾਲੀ ਇਕ ਔਰਤ ਨੇ ਘਰ ਦੇ ਅੰਦਰ ਅੱਗ ਲਗਾਉਣ ਤੋਂ ਬਾਅਦ ਫ਼ਾਹਾ ਲਾ ਕੇ ਖ਼ੁਦਕੁਸ਼ੀ ਕਰ ਲਈ। ਘਟਨਾ ਦਾ ਪਤਾ ਉਸ ਸਮੇਂ ਲੱਗਿਆ, ਜਦੋਂ ਗੁਆਂਢੀਆਂ ਨੇ ਫਲੈਟ ਤੋਂ ਧੂੰਆਂ ਨਿਕਲਦਾ ਦੇਖਿਆ। ਜਿਵੇਂ ਹੀ ਪਰਿਵਾਰਕ ਮੈਂਬਰ ਅਤੇ ਗੁਆਂਢੀ ਘਰ ਦੇ ਅੰਦਰ ਦਾਖ਼ਲ ਹੋਏ, ਉਨ੍ਹਾਂ ਨੇ ਪਾਇਆ ਕਿ ਔਰਤ ਨੇ ਦਰਵਾਜ਼ੇ ਦੇ ਫ਼ਾਹਾ ਲਾਇਆ ਹੋਇਆ ਸੀ। ਲੋਕਾਂ ਨੇ ਘਟਨਾ ਦੀ ਸੂਚਨਾ ਪੁਲਸ ਨੂੰ ਦਿੰਦੇ ਹੋਏ ਔਰਤ ਨੂੰ ਫ਼ਾਹੇ ਤੋਂ ਉਤਾਰ ਕੇ ਸੈਕਟਰ-16 ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਔਰਤ ਦੀ ਪਛਾਣ ਰਾਣੀ (28) ਦੇ ਰੂਪ ਵਿਚ ਹੋਈ ਹੈ। ਪੁਲਸ ਦੇ ਅਨੁਸਾਰ ਮ੍ਰਿਤਕ ਔਰਤ ਰਾਣੀ ਮੂਲ ਰੂਪ ਤੋਂ ਯੂ. ਪੀ. ਦੇ ਗਾਜੀਪੁਰ ਦੀ ਰਹਿਣ ਵਾਲੀ ਸੀ। 8 ਸਾਲ ਪਹਿਲਾਂ ਉਸ ਦਾ ਵਿਆਹ ਮਲੋਆ ਸਥਿਤ ਈ. ਡਬਲਯੂ. ਐੱਸ ਕਾਲੋਨੀ ਦੇ ਰਹਿਣ ਵਾਲੇ ਦੇਵੇਂਦਰ ਦੇ ਨਾਲ ਹੋਇਆ ਸੀ। ਉਨ੍ਹਾਂ ਦੋਵਾਂ ਦੇ 2 ਬੱਚੇ ਹਨ, ਜਿਨ੍ਹਾਂ ਵਿਚ ਇਕ 8 ਮਹੀਨੇ ਦਾ ਅਤੇ ਦੂਜਾ ਪੁੱਤਰ 2 ਸਾਲ ਦਾ ਹੈ। ਪੁਲਸ ਨੇ ਘਟਨਾ ਦੀ ਸੂਚਨਾ ਮ੍ਰਿਤਕ ਔਰਤ ਦੇ ਪਰਿਵਾਰਕ ਮੈਂਬਰਾਂ ਨੂੰ ਦਿੱਤੀ ਹੈ। ਪੁਲਸ ਦੇ ਅਨੁਸਾਰ ਔਰਤ ਨੇ ਘਰ ਦੇ ਅੰਦਰ ਮੌਜੂਦ ਨਕਦੀ ਅਤੇ ਹੋਰ ਦਸਤਾਵੇਜ਼ ਜਲਾਉਣ ਤੋਂ ਬਾਅਦ ਫ਼ਾਹਾ ਲਗਾ ਕੇ ਖ਼ੁਦਕੁਸ਼ੀ ਕੀਤੀ।

## ਹੁਣ ਇਸ ਉਮਰ ਦੇ ਬੱਚਿਆਂ ਨੂੰ ਵੀ ਪਾਉਣਾ ਪਵੇਗਾ ਹੈਲਮੇਟ ! ਜਾਣ ਲਓ ਸ.ਖ਼ਤ ਨਿਯਮ

ਵੈੱਬ ਡੈਸਕ 9 ਫਰਵਰੀ। ਦੇਸ਼ ਭਰ 'ਚ ਹਰ ਰੋਜ਼ ਹੈਲਮੇਟ ਨਾ ਪਹਿਨਣ ਕਾਰਨ ਬਹੁਤ ਸਾਰੇ ਲੋਕਾਂ ਦੇ ਚਲਾਨ ਕੱਟੇ ਜਾਣ ਦੀਆਂ ਖ਼ਬਰਾਂ ਆਉਂਦੀਆਂ ਰਹਿੰਦੀਆਂ ਹਨ। ਬਾਈਕ ਚਲਾਉਂਦੇ ਸਮੇਂ ਹੈਲਮੇਟ ਪਾਉਣਾ ਲਾਜ਼ਮੀ ਹੈ ਅਤੇ ਹਰ ਰੋਜ਼ ਬਹੁਤ ਸਾਰੇ ਲੋਕ ਬਿਨਾਂ ਹੈਲਮੇਟ ਦੇ ਬਾਈਕ ਚਲਾਉਣ ਕਾਰਨ ਹਾਦਸਿਆਂ ਵਿੱਚ ਆਪਣੀਆਂ ਜਾਨਾਂ ਗੁਆ ਦਿੰਦੇ ਹਨ। ਸੜਕ ਸੁਰੱਖਿਆ 'ਤੇ ਹੋਈ ਸਹਿਮਤੀ 'ਤੇ ਚਰਚਾ ਕਰਨ ਲਈ ਸੁਪਰੀਮ ਕੋਰਟ ਕਮੇਟੀ ਦੇ ਚੇਅਰਮੈਨ ਜਸਟਿਸ ਅਭੈ ਮਨੋਹਰ ਸਪਰੇ ਦੀ ਪ੍ਰਧਾਨਗੀ ਹੇਠ ਯੋਜਨਾ ਭਵਨ ਵਿਖੇ ਇੱਕ ਮੀਟਿੰਗ ਹੋਈ। ਇਸ ਸਮੇਂ ਦੌਰਾਨ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਕਈ ਹਦਾਇਤਾਂ ਦਿੱਤੀਆਂ ਗਈਆਂ। ਇਹ ਵੀ ਹਦਾਇਤ ਕੀਤੀ ਗਈ ਕਿ ਦੋਪਹੀਆ ਵਾਹਨਾਂ ਦੇ ਪਿੱਛੇ ਬੈਠੇ ਲੋਕਾਂ ਨੂੰ ਵੀ ਹੈਲਮੇਟ ਪਹਿਨਣ ਲਈ ਜਾਗਰੂਕ ਕੀਤਾ ਜਾਵੇ। ਜੇਕਰ ਪਿੱਛੇ ਬੈਠਾ ਬੱਚਾ ਚਾਰ ਸਾਲ ਤੋਂ ਵੱਧ ਉਮਰ ਦਾ ਹੈ ਤਾਂ ਉਸਨੂੰ ਵੀ ਹੈਲਮੇਟ ਪਹਿਨਣਾ ਜ਼ਰੂਰੀ ਹੈ। ਜੇਕਰ ਅਜਿਹਾ ਨਹੀਂ ਹੁੰਦਾ ਤਾਂ ਡਰਾਈਵਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਇਸ ਸਮੇਂ ਦੌਰਾਨ ਸੜਕ ਹਾਦਸਿਆਂ ਵਿੱਚ 18 ਤੋਂ 25 ਸਾਲ ਦੀ ਉਮਰ ਦੇ ਨੌਜਵਾਨਾਂ ਦੀ ਮੌਤ ਦਰ ਲਗਭਗ 25 ਪ੍ਰਤੀਸ਼ਤ ਦੱਸੀ ਗਈ ਹੈ। ਇਸ ਲਈ ਯੂਪੀ ਬੋਰਡ ਵਾਂਗ, ਛੇਵੀਂ ਜਮਾਤ ਤੋਂ ਇੰਟਰਮੀਡੀਏਟ ਤੱਕ ਸੀਬੀਐਸਈ ਅਤੇ ਆਈਸੀਐਸਈ ਬੋਰਡ ਦੇ ਸਿਲੇਬਸ ਵਿੱਚ ਸੜਕ ਸੁਰੱਖਿਆ ਅਤੇ ਟ?ਰੈਫਿਕ ਨਿਯਮਾਂ ਦੇ ਸਿਲੇਬਸ ਨੂੰ ਲਾਜ਼ਮੀ ਤੌਰ 'ਤੇ ਸ਼ਾਮਲ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਕਮੇਟੀ ਦੀ ਮੀਟਿੰਗ ਵਿੱਚ ਕਿਹਾ ਗਿਆ ਕਿ ਪੁਲਸ ਹੈੱਡਕੁਆਰਟਰ ਅਤੇ ਜ਼ਿਲ੍ਹਾ ਪੱਧਰ 'ਤੇ ਤਾਇਨਾਤ ਪੁਲਸ ਅਧਿਕਾਰੀਆਂ ਨੂੰ ਵੀ ਵਿਸ਼ਵਕਰਮਾ ਐਪ ਨਾਲ ਜੋੜਿਆ ਜਾਣਾ ਚਾਹੀਦਾ ਹੈ। ਇਸ ਨਾਲ ਦੀ ਪਛਾਣ ਕਰਨ ਵਿੱਚ



ਲੱਗਣ ਵਾਲਾ ਸਮਾਂ ਘੱਟ ਜਾਵੇਗਾ। ਟਰਾਂਸਪੋਰਟ ਕਮਿਸ਼ਨਰ ਬੀ.ਐਨ. ਸਿੰਘ ਨੇ ਸੁਝਾਅ ਦਿੱਤਾ ਕਿ ਸੜਕ ਹਾਦਸਿਆਂ ਵਿੱਚ 18 ਤੋਂ 25 ਸਾਲ ਦੀ ਉਮਰ ਦੇ ਨੌਜਵਾਨਾਂ ਦੀਆਂ ਵਧੇਰੇ ਮੌਤਾਂ ਹੋ ਰਹੀਆਂ ਹਨ। ਅਜਿਹੀ ਸਥਿਤੀ ਵਿੱਚ ਸੜਕ ਸੁਰੱਖਿਆ ਅਤੇ ਟ?ਰੈਫਿਕ ਨਿਯਮਾਂ ਨੂੰ 6ਵੀਂ ਤੋਂ 12ਵੀਂ ਜਮਾਤ ਤੱਕ ਦੇ ਪਾਠਕ੍ਰਮ ਵਿੱਚ ਲਾਜ਼ਮੀ ਤੌਰ 'ਤੇ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਨਾਲ ਹੀ, ਪ੍ਰਸ਼ਨ ਪੱਤਰ ਵਿੱਚ ਸੜਕ ਸੁਰੱਖਿਆ ਨਾਲ ਸਬੰਧਤ ਸਵਾਲ ਜ਼ਰੂਰ ਪੁੱਛੇ ਜਾਣੇ ਚਾਹੀਦੇ ਹਨ। ਨਾਲ ਹੀ, ਲਾਇਸੈਂਸ ਅਰਜ਼ੀ ਪ੍ਰਕਿਰਿਆ ਵਿੱਚ, ਸਾਰੀਆਂ ਅਰਜ਼ੀਆਂ ਹਿੰਦੀ ਵਿੱਚ ਭਰਨ ਦਾ ਸੁਝਾਅ ਦਿੱਤਾ ਗਿਆ ਸੀ। ਇਸੇ ਤਰ੍ਹਾਂ, ਵਧੀਕ ਮੁੱਖ ਸਕੱਤਰ ਟਰਾਂਸਪੋਰਟ ਵੈਂਕਟੇਸ਼ਵਰ ਲੂ ਨੇ ਸੁਝਾਅ ਦਿੱਤਾ ਕਿ ਟਰਾਂਸਪੋਰਟ ਵਿਭਾਗ ਦੀਆਂ ਔਨਲਾਈਨ ਸਕੀਮਾਂ ਦੇ ਪੋਰਟਲ ਦੀ ਵਰਤੋਂ ਜਨਤਕ ਸਹੂਲਤ ਕੇਂਦਰਾਂ ਰਾਹੀਂ ਵੀ ਕੀਤੀ ਜਾਣੀ ਚਾਹੀਦੀ ਹੈ।

## ਵਿਆਹ ਦੇ ਕੁਝ ਘੰਟਿਆਂ ਬਾਅਦ ਹੀ ਲਾੜੇ ਦੀ ਦਰਦਨਾਕ ਮੌਤ

ਬਰੇਲੀ 9 ਫਰਵਰੀ। ਯੂ. ਪੀ. ਦੇ ਬਰੇਲੀ ਤੋਂ ਇਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਜਿੱਥੇ ਵਿਆਹ ਦੇ ਦੂਜੇ ਦਿਨ ਹੀ ਇਕ ਲਾੜੀ ਦਾ ਸੁਹਾਗ ਉੱਜੜ ਗਿਆ। ਦਰਅਸਲ ਵਿਆਹ ਤੋਂ ਇਕ ਦਿਨ ਬਾਅਦ ਲਾੜਾ ਸਤੀਸ਼ (25) ਆਪਣੇ ਦੋਸਤ ਨਾਲ ਬੋਲੈਰੋ ਵਿਚ ਮਠਿਆਈਆਂ ਲੈ ਕੇ ਘਰ ਵਾਪਸ ਆ ਰਿਹਾ ਸੀ ਜਦੋਂ ਇਕ ਦਰਦਨਾਕ ਸੜਕ ਹਾਦਸੇ ਵਿਚ ਉਸ ਦੀ ਮੌਤ ਹੋ ਗਈ। ਇਸ ਹਾਦਸੇ ਵਿਚ ਇਕ ਹੋਰ ਨੌਜਵਾਨ ਦੀ ਵੀ ਮੌਤ ਹੋ ਗਈ ਹੈ। ਇਸ ਦਰਦਨਾਕ ਹਾਦਸੇ ਕਾਰਨ ਖੁਸ਼ੀਆਂ ਵਾਲੇ ਘਰ ਵਿਚ ਮਾਤਮ ਛਾ ਗਿਆ। ਹੱਥਾਂ ਵਿਚ ਮਹਿੰਦੀ ਲਗਾਈ ਲਾੜੀ ਰੋਂਦੀ ਰਹਿ ਗਈ। ਇਸ ਮਾਮਲੇ ਵਿਚ ਪੁਲਸ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਰਿਠੌਰਾ ਸ਼ਹਿਰ ਵਿਚ ਹੋਏ

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਹਾਦਸਿਆਂ ਤੋਂ ਬਾਅਦ ਵੀ ਨਹੀਂ ਜਾਗਿਆ ਰੇਲਵੇ ਪ੍ਰਸਾਸਨ, ਹਾਦਸੇ ਵਾਲੇ ਟਰੈਕ ’ਤੇ 3 ਦਿਨ ਪਹਿਲਾਂ ਵੀ ਹੋਈ ਸੀ ਡੀਰੇਲਮੈਂਟ

ਜਲੰਧਰ 9 ਫਰਵਰੀ। ਰੇਲ ਗੱਡੀਆਂ ਦੀ ਡੀਰੇਲਮੈਂਟ (ਪੱਟੜੀ ਤੋਂ ਉੱਤਰਨਾ) ਕੋਈ ਨਵੀਂ ਗੱਲ ਨਹੀਂ, ਇਸ ਤੋਂ ਪਹਿਲਾਂ ਵੀ ਇਸ ਤਰ੍ਹਾਂ ਦੇ ਕਈ ਹਾਦਸੇ ਵਾਪਰ ਚੁੱਕੇ ਹਨ ਅਤੇ ਰੇਲਵੇ ਵੱਲੋਂ ਜਾਂਚ ਕਮੇਟੀ ਬਣਾ ਦਿੱਤੀ ਜਾਂਦੀ ਹੈ ਪਰ ਜਿਸ ਟਰੈਕ ’ਤੇ ਬੀਤੇ ਦਿਨ (ਸਾਧੂਗੜ੍ਹ ਅਤੇ ਸਰਹਿੰਦ ਵਿਚਕਾਰ) ਦੋ ਮਾਲ ਗੱਡੀਆਂ ਦੀ ਟੱਕਰ ਹੋਈ, ਉਸੇ ਟਰੈਕ ’ਤੇ 3 ਦਿਨ ਪਹਿਲਾਂ ਵੀ ਡੀਰੇਲਮੈਂਟ ਦੀ ਘਟਨਾ ਵਾਪਰੀ ਸੀ ਅਤੇ ਇਸ ਦੌਰਾਨ ਕਈ ਬੋਗੀਆਂ ਟਰੈਕ ਤੋਂ ਉਤਰ ਗਈਆਂ ਸਨ ਪਰ ਰੇਲਵੇ ਨੇ ਇਸ ਤੋਂ ਕੋਈ ਸਬਕ ਨਹੀਂ ਲਿਆ, ਜਿਸ ਤੋਂ ਬਾਅਦ ਅੱਜ ਫਿਰ ਹਾਦਸਾ ਵਾਪਰ ਗਿਆ। ਬੀਤੀ 30 ਮਈ ਨੂੰ ਦੁਪਹਿਰ ਤਕਰੀਬਨ 3.30 ਵਜੇ ਦਿੱਲੀ ਮਾਰਗ ’ਤੇ ਸਾਧੂਗੜ੍ਹ-ਸਰਹਿੰਦ ਨੇੜੇ ਇਕ ਮਾਲ ਗੱਡੀ ਦੇ ਪਹੀਏ ਟਰੈਕ ਤੋਂ ਉਤਰ ਗਏ ਸਨ ਅਤੇ ਇਸ ਕਾਰਨ ‘ਵੰਦੇ ਭਾਰਤ’ਸਮੇਤ ਕਈ ਰੇਲ ਗੱਡੀਆਂ ਪ੍ਰਭਾਵਿਤ ਹੋਈਆਂ ਸਨ। ਘਟਨਾ ਵਾਲੀ ਥਾਂ ਵੱਖਰੀ ਹੋ ਸਕਦੀ ਹੈ ਪਰ ਸ਼ਨੀਵਾਰ ਦਾ ਹਾਦਸਾ ਵੀ ਇਸੇ ਟਰੈਕ ’ਤੇ ਵਾਪਰਿਆ ਹੈ। ਸੂਤਰਾਂ ਦਾ ਕਹਿਣਾ ਹੈ ਕਿ ਕੁਝ ਦਿਨ ਪਹਿਲਾਂ ਇਕ ਮਾਲ ਗੱਡੀ ਦਾ ਟਰੈਕ ਤੋਂ ਉਤਰਨਾ ਅਤੇ ਅੱਜ ਉਹੀ ਹਾਦਸਾ ਮੁੜ ਵਾਪਰਨਾ ਕਈ ਸਵਾਲ ਖੜ੍ਹੇ ਕਰਦਾ ਹੈ। ਬੀਤੇ ਦਿਨ ਜਦੋਂ ਇਹ ਹਾਦਸਾ ਵਾਪਰਿਆ ਤਾਂ ਰਾਤ ਦਾ ਸਮਾਂ ਸੀ, ਜੇਕਰ ਇਹ ਹਾਦਸਾ ਦਿਨ ਵੇਲੇ ਵਾਪਰਿਆ ਹੁੰਦਾ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਜਾਣਕਾਰਾਂ ਦਾ ਕਹਿਣਾ ਹੈ ਕਿ ਪਿਛਲੇ ਦਿਨਾਂ ਦੌਰਾਨ ਵਾਪਰੇ ਹਾਦਸਿਆਂ ਤੋਂ ਬਾਅਦ ਵੀ ਰੇਲਵੇ ਵੱਲੋਂ ਢੁੱਕਵੇਂ ਕਦਮ ਨਹੀਂ ਚੁੱਕੇ ਗਏ, ਜਿਸ ਕਾਰਨ ਮੁੜ ਹਾਦਸੇ ਦਾ ਸ਼ਿਕਾਰ ਹੋਣਾ ਪਿਆ। ਇਸ ਸਾਲ ਟਰੈਕ ਤੋਂ ਉਤਰਨ ਸਮੇਤ ਕਈ ਤਰ੍ਹਾਂ ਦੇ ਹਾਦਸੇ ਵਾਪਰ ਚੁੱਕੇ ਹਨ, ਜਿਸ ਕਾਰਨ ਰੇਲਵੇ



ਦੀ ਕਾਰਜਪ੍ਰਣਾਲੀ ਸਵਾਲਾਂ ਦੇ ਘੇਰੇ ਵਿਚ ਆ ਗਈ ਹੈ। ਇਸ ਦੇ ਨਾਲ ਹੀ ਇਕ ਹੋਰ ਹਾਦਸੇ ਦੌਰਾਨ ਜਲੰਧਰ ਤੋਂ ਆਪਣੇ-ਆਪ ਚੱਲ ਕੇ ਇਕ ਮਾਲ ਗੱਡੀ ਮੁਕੇਰੀਆਂ ਪਹੁੰਚ ਗਈ ਸੀ। ਇਸ ਸਾਲ ਕੁਝ ਮਹੀਨੇ ਪਹਿਲਾਂ ਜੰਮੂ-ਕਸਮੀਰ ਤੋਂ ਇਕ ਮਾਲ ਗੱਡੀ (14806-ਆਰ) ਬਿਨਾਂ ਡਰਾਈਵਰ-ਗਾਰਡ ਦੇ ਪੰਜਾਬ ਪਹੁੰਚ ਗਈ ਸੀ। ਤਕਰੀਬਨ 80 ਕਿਲੋਮੀਟਰ ਤੱਕ ਮਾਲ ਗੱਡੀ ਨੂੰ ਨਹੀਂ ਰੋਕਿਆ ਜਾ ਸਕਿਆ, ਜਿਸ ਕਾਰਨ ਕੋਈ ਵੱਡਾ ਹਾਦਸਾ ਵਾਪਰ ਸਕਦਾ ਸੀ। ਉਸ ਸਮੇਂ ਦੱਸਿਆ ਗਿਆ ਕਿ ਡਰਾਈਵਰ ਟਰੇਨ ਨੂੰ ਸਟਾਰਟ ਕਰਕੇ ਹੈਂਡ ਬ੍ਰੇਕ ਲਗਾਉਣਾ ਭੁੱਲ ਗਿਆ ਸੀ, ਜਿਸ ਕਾਰਨ ਟਰੇਨ ਇਸੇ ਤਰ੍ਹਾਂ ਦੌੜਦੀ ਰਹੀ। ਉਸ ਸਮੇਂ ਕਈ ਸਟੇਸਨਾਂ ’ਤੇ ਟਰੇਨ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਅਤੇ ਆਖਿਰਕਾਰ ਲੱਕੜ ਦੇ ਸਟਾਪਰ ਲਗਾ ਕੇ ਟਰੇਨ ਨੂੰ ਰੋਕਿਆ ਗਿਆ ਸੀ। ਇਸ ਸਾਲ ਦੇ ਪਹਿਲੇ ਮਹੀਨੇ ਜਗਰਾਓਂ ਵਿਚ ਸੰਟਿੰਗ ਦੌਰਾਨ ਇਕ ਮਾਲ ਗੱਡੀ ਦੇ ਪਹੀਏ ਪੱਟੜੀ ਤੋਂ ਉਤਰ ਗਏ ਸਨ। ਜਦੋਂ ਮਾਲ ਗੱਡੀ ਦੀ ਸ਼ੰਟਿੰਗ ਕੀਤੀ ਜਾ ਰਹੀ ਸੀ ਤਾਂ ਦੋ ਪਹੀਏ ਟਰੈਕ ਤੋਂ ਉਤਰ ਗਏ। ਮੌਕੇ ’ਤੇ ਪਹੁੰਚੀ ਐਕਸੀਡੈਂਟ ਰਿਲੀਫ ਗੱਡੀ ਅਤੇ ਹੋਰ ਵਿਭਾਗਾਂ ਦੇ ਕਰਮਚਾਰੀਆਂ ਨੇ ਤਕਰੀਬਨ 5 ਘੰਟਿਆਂ ਦੀ ਮੁਸੱਕਤ ਤੋਂ ਬਾਅਦ ਪਹੀਆਂ ਨੂੰ ਟਰੈਕ ’ਤੇ ਚੜ੍ਹਾਇਆ। ਜਾਂਚ ਦੌਰਾਨ ਅਧਿਕਾਰੀਆਂ ਨੂੰ ਪਤਾ ਲੱਗਾ ਕਿ ਜਦੋਂ ਮਾਲ ਗੱਡੀ ਜਗਰਾਓਂ ਸਟੇਸਨ ’ਤੇ ਖੜ੍ਹੀ ਸੀ ਤਾਂ ਪੁਆਇੰਟ ਮੈਨ ਨੇ ਇਕ ਰੈਕ ਦੀ ਬ੍ਰੇਕ ਚੇਨ ਲਗਾ ਦਿੱਤੀ ਸੀ, ਜਿਸ ਕਾਰਨ ਰੈਕ ਅੱਗੇ ਨਹੀਂ ਵਧ ਸਕਦਾ ਸੀ। ਹਾਦਸੇ ਤੋਂ ਬਾਅਦ ਅਧਿਕਾਰੀ ਮੌਕੇ ’ਤੇ ਜਾ ਕੇ ਜਾਂਚ ਕਰ ਰਹੇ ਹਨ ਅਤੇ ਰਾਹਤ ਕਾਰਜ ਜਾਰੀ ਹਨ। ਇਸੇ ਸਾਲ 23 ਮਾਰਚ ਨੂੰ ਗੁਜਰਾਤ ਦੇ ਵਡੋਦਰਾ ਤੋਂ 50 ਤੇਲ ਟੈਂਕਰਾਂ ਨੂੰ ਲੈ ਕੇ ਮਾਲ ਗੱਡੀ (ਬੀ. ਟੀ. ਪੀ. ਐੱਨ.) ਜਲੰਧਰ ਦੇ ਸੁੱਚੀ ਪਿੰਡ ਵਿਚ ਰੁਕਣ ਦੀ ਬਜਾਏ 40 ਕਿਲੋਮੀਟਰ ਅੱਗੇ ਹੁਸ਼ਿਆਰਪੁਰ ਦੇ ਟਾਂਡਾ ਜਾ ਪਹੁੰਚੀ। ਜਦੋਂ ਰੇਲਵੇ ਅਧਿਕਾਰੀਆਂ ਨੂੰ ਇਸ ਗਲਤੀ ਦਾ ਪਤਾ ਲੱਗਿਆ ਤਾਂ ਉਕਤ ਟਰੇਨ ਨੂੰ ਸੁੱਚੀ ਪਿੰਡ ਵਾਪਸ ਲਿਆਂਦਾ ਗਿਆ ਸੀ। ਇਸ ਟਰੇਨ ਦੇ 47 ਟੈਂਕਰਾਂ ’ਚ ਪੈਟਰੋਲ ਅਤੇ 3 ਟੈਂਕਰਾਂ ’ਚ ਡੀਜਲ ਸੀ

## ਸਰਕਾਰੀ ਨੌਕਰੀ ਦਾ ਝਾਂਸਾ ਦੇ ਔਰਤ ਨਾਲ ਮਾਰੀ ਦੋ ਲੱਖ ਰੁਪਏ ਦੀ ਠੱਗੀ, ਦੋ ਨਾਮਜ਼ਦ

ਤਰਨਤਾਰਨ 9 ਫਰਵਰੀ। ਸਰਕਾਰੀ ਨੌਕਰੀ ਦਿਵਾਉਣ ਦਾ ਝਾਂਸਾ ਦੇ 2 ਲੱਖ 10 ਹਜ਼ਾਰ ਰੁਪਏ ਦੀ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖਿਲਾਫ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਪਰਚਾ ਦਰਜ ਕਰ ਗ੍ਰਿਫਤਾਰੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਤਿੰਦਰ ਸਿੰਘ ਪੁੱਤਰ ਕਰਮ ਸਿੰਘ ਵਾਸੀ ਪਿੰਡ ਦੁਲਚੀਪੁਰ ਨੇ ਜ਼ਿਲੇ ਦੇ ਐੱਸ. ਐੱਸ. ਪੀ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਉਸ ਨੂੰ ਸਰਕਾਰੀ ਨੌਕਰੀ ਦੇਣ ਲਈ ਗੁਰਪ੍ਰੀਤ ਸਿੰਘ ਪੁੱਤਰ ਅਮਰਜੀਤ ਸਿੰਘ ਪਾਸੀ ਪਿੰਡ ਕੰਗ ਅਤੇ ਰਣਜੀਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਕੰਗ ਨੇ 2 ਲੱਖ 10 ਹਜ਼ਾਰ ਰੁਪਏ




ਵਸੂਲ ਕੀਤੇ ਹਨ ਪਰ ਉਸਨੂੰ ਨਾ ਤਾਂ ਸਰਕਾਰੀ ਨੌਕਰੀ ਦਿੱਤੀ ਅਤੇ ਨਾ ਹੀ ਉਸਦੇ ਪੈਸੇ ਵਾਪਸ ਕੀਤੇ। ਜਿਸ ਸਬੰਧੀ ਜ਼ਿਲ੍ਹੇ ਦੇ ਐੱਸ. ਐੱਸ. ਪੀ. ਵੱਲੋਂ ਇਸ ਮਾਮਲੇ ਦੀ ਜਾਂਚ ਕਰਨ ਲਈ ਸਾਈਬਰ ਸ਼ਾਖਾ ਨੂੰ ਆਦੇਸ਼ ਜਾਰੀ ਕੀਤੇ, ਜਿਸ ਤੋਂ ਬਾਅਦ ਕੀਤੀ ਗਈ ਜਾਂਚ ਵਿਚ ਉਕਤ ਦੋਵਾਂ ਮੁਲਜ਼ਮਾਂ ਵੱਲੋਂ ਧੋਖਾਧੜੀ ਕਰਨਾ ਤਸਦੀਕ ਪਾਇਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਏ. ਐੱਸ. ਆਈ. ਮੁਖਤਿਆਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਗੁਰਪ੍ਰੀਤ ਸਿੰਘ ਅਤੇ ਰਣਜੀਤ ਸਿੰਘ ਖਿਲਾਫ ਮਾਮਲਾ ਦਰਜ ਕਰ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ।

## ਮੁੰਡਿਆਂ ਦੇ ਸਿਰ ਉਪਰੋਂ ਗੋਲੀ ਵਾਂਗ ਲੰਘਿਆ ਉੱਡਣਾ ਸੱਪ, ਜਲਾਲਾਬਾਦ ਦੀ ਵੀਡੀਓ ਦੇਖ ਹੋਵੋਗੇ ਹੈਰਾਨ

ਜਲਾਲਾਬਾਦ 9 ਫਰਵਰੀ। ਜਲਾਲਾਬਾਦ ਵਿਚ ਹਵਾ ‘ਚ ਉਡਦੇ ਸੱਪ ਦੀ ਹੈਰਾਨ ਕਰਨ ਵਾਲੀ ਵੀਡੀਓ ਸਾਹਮਣੇ ਆਈ ਹੈ। ਇਹ ਘਟਨਾ ਪਿੰਡ ਬੱਗੇ ਮੋੜ ਦੀ ਹੈ, ਜਿਥੇ ਇਕ ਸੈਲੂਨ ਦੇ ਬਾਹਰ ਬੈਠੇ ਨੌਜਵਾਨਾਂ ਦੇ ਉਪਰੋਂ ਉੱਡਣਾ ਸੱਪ ਤੇਜੀ ਨਾਲ ਲੰਘਿਆ। ਇਹ ਮੰਜਰ ਦੇਖ ਉਨ੍ਹਾਂ ਦੀ ਹੋਸ਼ ਉਡ ਗਏ। ਸੈਲੂਨ ਸੰਚਾਲਕ ਦਾ ਕਹਿਣਾ ਹੈ ਕਿ ਉਸ ਨੇ ਬੜੀ ਮੁਸਕਲ ਨਾਲ ਆਪਣੀ ਜਾਨ ਬਚਾਈ। ਸੀ. ਸੀ. ਟੀ. ਵੀ. ਕੈਮਰੇ ਵਿਚ ਉੱਡਦਾ ਸੱਪ ਸਾਫ ਦਿਖਾਈ ਦੇ ਰਿਹਾ ਹੈ ਅਤੇ ਨੌਜਵਾਨ ਤੇਜੀ ਨਾਲ ਭੱਜਦੇ ਹੋਏ ਵੀ ਨਜਰ ਆ ਰਹੇ ਹਨ। ਜਾਣਕਾਰੀ ਦਿੰਦੇ ਹੋਏ ਪਿੰਡ ਬੱਗੇ ਕੇ ਮੋੜ ਨੇੜੇ



ਹੇਅਰ ਸੈਲੂਨ ਦੇ ਸੰਚਾਲਕ ਚਰਨਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਵੀਡੀਓ 1 ਜੂਨ ਨੂੰ ਰਾਤ 8.15 ਵਜੇ ਦੇ ਕਰੀਬ ਦੀ ਹੈ। ਚੋਣਾਂ ਕਾਰਨ ਸੈਲੂਨ ‘ਚ ਜ਼ਿਆਦਾ ਕੰਮ ਨਹੀਂ ਸੀ, ਸੈਲੂਨ ਵਿਚ ਕੰਮ ਕਰਨ ਵਾਲੇ ਲੜਕੇ ਸਮੇਤ ਉਹ ਬਾਹਰ ਖੜ੍ਹਾ ਸੀ। ਇਸ ਦੌਰਾਨ ਉਨ੍ਹਾਂ ਦੇ ਸਿਰ ਉਪਰੋਂ ਉਡਣਾ ਸੱਪ ਤੇਜੀ ਨਾਲ ਲੰਘਿਆ। ਇਥੇ ਬਸ ਨਹੀਂ ਇਸ ਤੋਂ ਬਾਅਦ ਉੱਡਣਾ ਸੱਪ ਉਨ੍ਹਾਂ ਦੇ ਪਿੱਛੇ ਪੈ ਗਿਆ ਅਤੇ ਉਨ੍ਹਾਂ ਨੇ ਭੱਜ ਕੇ ਆਪਣੀ ਜਾਨ ਬਾਈ। ਇਕ ਵਾਰ ਨਹੀਂ ਸਗੋਂ ਦੋ ਵਾਰ ਸੱਪ ਉਸ ਦੀ ਦੁਕਾਨ ‘ਤੇ ਉੱਡਦਾ ਆਇਆ ਅਤੇ ਦੁਕਾਨ ਦੇ ਸ਼ੀਸ਼ੇ ਨਾਲ ਟਕਰਾਅ ਗਿਆ। ਚਰਨਪ੍ਰੀਤ ਸਿੰਘ ਦਾ ਕਹਿਣਾ ਹੈ ਕਿ ਉਸ ਨੇ ਸੈਲੂਨ ਦਾ ਸੀਸਾ ਬੰਦ ਕਰਕੇ ਆਪਣੀ ਜਾਨ ਬਚਾਈ। ਇਹ ਸੱਪ ਕਿਧਰੋਂ ਆਇਆ ਅਤੇ ਕਿਧਰ ਗਿਆ ਇਸ ਦਾ ਪਤਾ ਨਹੀਂ ਲੱਗ ਸਕਿਆ।

## ਘਰੇਲੂ ਬਿਜਲੀ ਕੁਨੈਕਸਨ ਬਾਰੇ ਰਿਪੋਰਟ ਭੇਜਣ ਬਦਲੇ ਮੰਗੀ ਰਿਸ਼ਵਤ

ਚੰਡੀਗੜ੍ਹ 9 ਫਰਵਰੀ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਵੀਰਵਾਰ ਨੂੰ ਪੀ. ਐੱਸ. ਪੀ. ਸੀ. ਐੱਲ. ਦਫਤਰ, ਫੋਕਲ ਪੁਆਇੰਟ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਲਾਈਨਮੈਨ ਸੁਖਵਿੰਦਰ ਸਿੰਘ ਨੂੰ 5,000 ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਲਾਈਨਮੈਨ ਨੂੰ ਬਲਕਾਰ ਸਿੰਘ ਵਾਸੀ ਫੈਜਪੁਰਾ, ਤਹਿਸੀਲ ਬਟਾਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ‘ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ ਲਾਇਆ ਕਿ ਉਪਰੋਕਤ ਲਾਈਨਮੈਨ ਨੇ ਉਸਦੇ ਨਵੇਂ ਲੱਗਣ ਵਾਲੇ ਘਰੇਲੂ ਬਿਜਲੀ ਕੁਨੈਕਸਨ ਬਾਰੇ ਠੀਕ ਰਿਪੋਰਟ ਭੇਜਣ ਬਦਲੇ 5,000 ਰੁਪਏ ਦੀ ਮੰਗ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਵੱਲੋਂ ਜਾਲ ਵਿਛਾਇਆ ਗਿਆ ਅਤੇ ਉਕਤ



ਮੁਲਜਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਚ ਮੁਲਜਮ ਖ਼ਿਲਾਫ ਭ੍ਰਿਸਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੁਲਜਮ ਨੂੰ ਭਲਕੇ ਅਦਾਲਤ ਵਿਚ ਪੇਸ ਕੀਤਾ ਜਾਵੇਗਾ ਅਤੇ ਹੋਰ ਪੁੱਛਗਿੱਛ ਜਾਰੀ ਹੈ।

## ਅੰਮ੍ਰਿਤਸਰ ‘ਚ ਰੇਡ ਕਰਨ ਗਈ ਪੰਜਾਬ ਪੁਲਸ, ਜਦੋਂ ਘਰ ਦੀ ਤਲਾਸ਼ੀ ਲਈ ਤਾਂ ਉੱਡੇ ਹੋਸ਼

ਲੋਪੋਕੇ 9 ਫਰਵਰੀ। ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਧੀਨ ਆਉਂਦੇ ਪੁਲਸ ਥਾਣਾ ਲੋਪੋਕੇ ਦੇ ਸਰਹੱਦੀ ਪਿੰਡ ਕੱਕੜ ਵਿਖੇ ਉਚ ਅਧਿਕਾਰੀ ਦੀਆਂ ਹਦਾਇਤਾ ਅਤੇ ਡੀ.ਐੱਸ.ਪੀ ਅਟਾਰੀ ਸੁਖਜਿੰਦਰ ਥਾਪਰ, ਬੀ. ਐੱਸ. ਐੱਫ. ਰਾਮ ਤੀਰਥ ਅਤੇ ਪੁਲਸ ਚੌਂਕੀ ਕੱਕੜ ਦੀ ਪੁਲਸ ਵੱਲੋਂ ਸਰਹੱਦੀ ਪਿੰਡ ਕੱਕੜ ਵਿਖੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪਿੰਡ ਕੱਕੜ ਦੇ ਘਰ ਰੇਡ ਦੌਰਾਨ ਕਰੋੜਾਂ ਦੀ ਡਰੱਗ ਮਨੀ ਸਮੇਤ ਦੋਵਾਂ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ. ਐੱਫ ਵਲੋਂ ਰੇਡ ਕਰਨ ‘ਤੇ ਉਕਤ ਵਿਅਕਤੀਆਂ ਘਰੋਂ ਲੋਹੇ ਵਾਲੀ ਪੇਟੀ ਵਿਚੋਂ ਇਕ ਕਰੋੜ ਕੱਕੜ ਵਿਖੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪਿੰਡ ਕੱਕੜ ਦੇ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ. ਐੱਫ ਵਲੋਂ ਰੇਡ ਕਰਨ ਘਰ ਰੇਡ ਦੌਰਾਨ ਕਰੋੜਾਂ ਦੀ ਡਰੱਗ ਮਨੀ ਸਮੇਤ ਦੋਵਾਂ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ. 97 ਲੱਖ 14 ਹਜਾਰ 650 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਇਸ ਸਬੰਧੀ ਪੁਲਸ ਥਾਣਾ ਲੋਪੋਕੇ ਵਿਖੇ ਉਕਤ ਵਿਅਕਤੀਆਂ ਖ਼ਿਲਾਫ 21, 27-ਏ, 29-61-85 ਐੱਨ.ਡੀ.ਪੀ.ਐੱਸ ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ।

## ਲੋਕ ਸਭਾ ਚੋਣਾਂ ਵਿਚ ਗੈਰ ਹਾਜ਼ਰ ਰਹਿਣ ਵਾਲੇ ਕਰਮਚਾਰੀ ਨੂੰ ਪੁਲਸ ਨੇ ਕੀਤਾ ਗ੍ਰਿਫਤਾਰ

ਤਰਨਤਾਰਨ 9 ਫਰਵਰੀ। ਲੋਕ ਸਭਾ ਚੋਣਾਂ ਵਿਚ ਰਿਟਰਨਿੰਗ ਅਫਸਰ ਵੱਲੋਂ ਵੱਖ-ਵੱਖ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ



ਗਈਆਂ ਸਨ, ਜਿਸ ਦੇ ਚੱਲਦੇ ਕਈ ਕਰਮਚਾਰੀਆਂ ਵੱਲੋਂ ਰਿਟਰਨਿੰਗ ਅਫਸਰ ਦੇ ਹੁਕਮਾਂ ਨੂੰ ਟਿੱਚ ਜਾਣਿਆ ਗਿਆ ਸੀ। ਜਿਸ ਸਬੰਧੀ ਰਿਟਰਨਿੰਗ ਅਫਸਰ ਵੱਲੋਂ ਸਖਤ ਕਾਰਵਾਈ ਕਰਦੇ ਹੋਏ ਐਕਸ਼ਨ ਲੈਣੇ ਸ਼ੁਰੂ ਕਰ ਦਿੱਤੇ ਗਏ ਹਨ। ਇਸੇ ਤਹਿਤ ਡਿਊਟੀ ਵਿਚ ਗੈਰ ਹਾਜ਼ਰ ਰਹਿਣ ਦੇ ਚੱਲਦਿਆਂ ਇਕ ਕਰਮਚਾਰੀ ਖ਼ਿਲਾਫ ਥਾਣਾ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਮਾਮਲਾ ਦਰਜ ਕਰ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਲੋਕ ਸਭਾ ਚੋਣਾਂ ਵਿਚ ਰਿਟਰਨਿੰਗ ਅਫਸਰ ਕਮ ਡਿਪਟੀ ਕਮਿਸ਼ਨਰ ਸੰਦੀਪ ਕੁਮਾਰ ਦੇ ਹੁਕਮਾਂ ਤਹਿਤ ਅਮਰਜੀਤ ਸਿੰਘ ਪੁੱਤਰ ਮਨਮੋਹਨ ਸਿੰਘ ਵਾਸੀ ਮਕਾਨ ਨੰਬਰ ਸੱਤ ਬਾਬਾ ਦੀਪ ਸਿੰਘ ਨਗਰ ਤਰਨਤਾਰਨ ਰੋਡ ਅੰਮ੍ਰਿਤਸਰ ਦੀ ਡਿਊਟੀ ਬੂਥ ਨੰਬਰ 78 ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਜਹਾਂਗੀਰ ਵਿਖੇ ਲਗਾਈ ਗਈ ਸੀ ਪ੍ਰੰਤੂ ਉਕਤ ਕਰਮਚਾਰੀ ਲਗਾਈ ਗਈ ਡਿਊਟੀ ਵਿਚ ਗੈਰ ਹਾਜ਼ਰ ਪਾਇਆ ਗਿਆ, ਜਿਸ ਦੇ ਚੱਲਦਿਆਂ ਪੋਲਿੰਗ ਪਾਰਟੀਆਂ ਦੀ ਰਵਾਨਗੀ ਵਿਚ ਅੜਿਕਾ ਪੈ ਰਿਹਾ ਸੀ । ਇਸ ਦੌਰਾਨ ਅਮਰਜੀਤ ਸਿੰਘ ਵੱਲੋਂ ਡਿਊਟੀ ਦੌਰਾਨ ਲਾਪ੍ਰਵਾਹੀ ਅਤੇ ਇਨਕਾਰੀ ਕੀਤੀ ਜਾਣੀ ਪਾਈ ਗਈ ਹੈ। ਜਿਸ ਤੋਂ ਬਾਅਦ ਰਿਟਰਨਿੰਗ ਅਫਸਰ ਦੇ ਆਦੇਸ਼ਾਂ ਤਹਿਤ ਸਹਾਇਕ ਰਿਟਰਨਿੰਗ ਕੰਮ ਉਪ ਮੰਡਲ ਮਜਿਸਟਰੇਟ ਖਡੂਰ ਸਾਹਿਬ ਸਚਿਨ ਪਾਠਕ ਦੇ ਬਿਆਨਾਂ ਤਹਿਤ ਅਮਰਜੀਤ ਸਿੰਘ ਖ਼ਿਲਾਫ ਪਰਚਾ ਦਰਜ ਕਰ ਲਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਏ. ਐੱਸ. ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਸਹਾਇਕ ਰਿਟਰਨਿੰਗ ਅਫਸਰ ਦੇ ਬਿਆਨਾਂ ਹੇਠ ਅਮਰਜੀਤ ਸਿੰਘ ਖ਼ਿਲਾਫ ਪਰਚਾ ਦਰਜ ਕਰਦੇ ਹੋਏ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

## ਉੱਤਰੀ ਰੇਲਵੇ ਫਿਰੋਜਪੁਰ ਨੇ ਮਈ ਮਹੀਨੇ ‘ਚ ਟਿਕਟਾਂ ਦੀ ਚੈਕਿੰਗ ਦੌਰਾਨ 3.04 ਕਰੋੜ ਦਾ ਜੁਰਮਾਨਾ ਵਸੂਲਿਆ

ਜੈਤੋਂ 9 ਫਰਵਰੀ। ਉੱਤਰੀ ਰੇਲਵੇ ਦੇ ਫਿਰੋਜਪੁਰ ਡਵੀਜਨ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ



ਫ਼ਿਰੋਜ਼ਪੁਰ ਡਵੀਜਨ ਦੀ ਟਿਕਟ ਚੈਕਿੰਗ ਟੀਮ ਵੱਲੋਂ ਰੇਲ ਗੱਡੀਆਂ ‘ਚ ਅਣ ਅਧਿਕਾਰਤ ਤੌਰ ‘ਤੇ ਸਫਰ ਕਰਨ ਵਾਲੇ ਯਾਤਰੀਆਂ ਦੇ ਇਸ ਰੁਝਾਨ ਨੂੰ ਰੋਕਣ ਲਈ ਲਗਾਤਾਰ ਟਿਕਟਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਡਵੀਜਨ ਦੇ ਟਿਕਟ ਚੈਕਿੰਗ ਸਟਾਫ ਅਤੇ ਚੀਫ ਟਿਕਟ ਇੰਸਪੈਕਟਰਾਂ ਵੱਲੋਂ ਮਈ, 2024 ਦੌਰਾਨ ਰੇਲ ਗੱਡੀਆਂ ਦੀ ਚੈਕਿੰਗ ਦੌਰਾਨ ਕੁੱਲ 31833 ਯਾਤਰੀ ਬਿਨਾਂ ਟਿਕਟ ਜਾਂ ਬੇਨਿਯਮੀ ਨਾਲ ਸਫਰ ਕਰਦੇ ਪਾਏ ਗਏ ਅਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ ਕਰੀਬ 3.04 ਕਰੋੜ ਰੁਪਏ ਦੀ ਵਸੂਲੀ ਕੀਤੀ ਗਈ। ਹੁਣ, ਭਾਵੇਂ ਰੇਲਗੱਡੀ ਵਿੱਚ ਯਾਤਰਾ ਕਰਦੇ ਸਮੇਂ ਕਿਸੇ ਰੇਲਵੇ ਯਾਤਰੀ ਕੋਲ ਨਕਦੀ ਨਾ ਹੋਵੇ, ਉਹ ਆਨ-ਬੋਰਡ ਟਿਕਟ ਚੈਕਿੰਗ ਸਟਾਫ ਕੋਲ ਉਪਲੱਬਧ ਹੈਂਡ ਹੈਲਡ ਟਰਮੀਨਲ () ਰਾਹੀਂ ਕੋਡ/ ਨੂੰ ਸਕੈਨ ਕਰਕੇ ਭੁਗਤਾਨ ਕਰ ਸਕਦਾ ਹੈ। ਚਾਲੂ ਵਿੱਤੀ ਸਾਲ ਦੇ ਜਨਵਰੀ ਮਹੀਨੇ ਵਿੱਚ ਫ਼ਿਰੋਜ਼ਪੁਰ ਡਿਵੀਜਨ ਨੂੰ ਕਿਊਆਰ ਕੋਡ/ਯੂਪੀਆਈ ਸਕੈਨ ਰਾਹੀਂ ਟਿਕਟ ਚੈਕਿੰਗ ਨਾਲ ਸਬੰਧਿਤ ਲੈਣ-ਦੇਣ ਤੋਂ 1.31 ਲੱਖ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ, ਜੋ ਮਈ ਮਹੀਨੇ ਵਿੱਚ ਵੱਧ ਕੇ 7.30 ਲੱਖ ਰੁਪਏ ਹੋ ਗਿਆ। ਜਨਵਰੀ ਅਤੇ ਮਈ ਦੇ ਮਹੀਨਿਆਂ ਲਈ ਕੋਡ/ ਸਕੈਨਿੰਗ ਰਾਹੀਂ ਕਮਾਈ ਕੀਤੀ ਆਮਦਨ ਦੀ ਤੁਲਨਾ ਕਰਦੇ ਹੋਏ, ਫ਼ਿਰੋਜ਼ਪੁਰ ਡਵੀਜਨ ਵਿੱਚ 557 ਫੀਸਦੀ ਵਾਧਾ ਹੋਇਆ ਹੈ। ਫ਼ਿਰੋਜ਼ਪੁਰ ਡਵੀਜਨ ਵਿੱਚ ਸਮੇਂ-ਸਮੇਂ ‘ਤੇ ਰੇਲਵੇ ਯਾਤਰੀਆਂ ਨੂੰ ਕੋਡ ਬਾਰੇ ਜਾਗਰੂਕ ਕਰਨ ਲਈ ਮੁਹਿੰਮ ਚਲਾਈ ਜਾਂਦੀ ਹੈ, ਜਿਸ ਦੇ ਨਤੀਜੇ ਵਜੋਂ ਉਪਭੋਗਤਾਵਾਂ ਦੀ ਗਿਣਤੀ ਦਿਨੋਂ-ਦਿਨ ਵੱਧ ਰਹੀ ਹੈ। ਡਵੀਜਨ ਦੇ ਰੇਲਵੇ ਸਟੇਸਨਾਂ ਨੂੰ ਸਾਫ-ਸੁਥਰਾ ਰੱਖਣ ਅਤੇ ਆਮ ਲੋਕਾਂ ਨੂੰ ਸਟੇਸਨਾਂ ‘ਤੇ ਕੂੜਾ ਸੁੱਟਣ ਤੋਂ ਰੋਕਣ ਅਤੇ ਸਫਾਈ ਪ੍ਰਤੀ ਜਾਗਰੂਕ ਕਰਨ ਲਈ ਡਵੀਜਨ ਦੇ ਮੁੱਖ ਸਟੇਸਨਾਂ ‘ਤੇ ਰੈਗੂਲਰ ਤੌਰ ‘ਤੇ ਚੈਕਿੰਗ ਕੀਤੀ ਜਾਂਦੀ ਹੈ। ਇਸ ਦੇ ਨਤੀਜੇ ਵਜੋਂ ਮਈ ਮਹੀਨੇ ਦੌਰਾਨ ਸਟੇਸਨ ਕੰਪਲੈਕਸ (ਐਂਟੀ ਲਿਟਰਿੰਗ ਐਕਟ) ਵਿੱਚ ਕੂੜਾ ਸੁੱਟਣ ਵਾਲੇ 301 ਯਾਤਰੀਆਂ ਤੋਂ 54 ਹਜਾਰ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ।

## ਸ਼ਾਰਟ ਸਰਕਟ ਕਾਰਨ ਕੱਪੜਾ ਫੈਕਟਰੀ ‘ਚ ਲੱਗੀ ਭਿਆਨਕ ਅੱਗ

ਲੁਧਿਆਣਾ 9 ਫਰਵਰੀ। ਇੱਥੇ ਅੱਜ ਦੁਪਹਿਰ ਬਾਅਦ ਇਕ ਕੱਪੜਾ ਫੈਕਟਰੀ ‘ਚ ਸਾਰਟ ਸਰਕਟ ਹੋਣ ਕਾਰਨ ਅੱਗ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਮਿਹਰਬਾਨ ਅਧੀਨ ਪੈਂਦੇ ਪਿੰਡ ਬਾਜੜਾ ‘ਚ ਫੈਕਟਰੀ ਮਾਲਕ ਦਵਿੰਦਰ ਕੁਮਾਰ ਨੇ ਦੱਸਿਆ ਕਿ ਰਾਤ ਕਰੀਬ 12.30 ਵਜੇ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਸਾਰਟ ਸਰਕਟ ਕਾਰਨ ਫੈਕਟਰੀ ਦੇ ਇਕ ਹਾਲ ‘ਚ ਅਚਾਨਕ ਅੱਗ ਲੱਗ ਗਈ। ਇਸ ਮਗਰੋਂ ਅੱਗ ਬੁਝਾਊ ਦਸਤੇ ਦੀਆਂ 10 ਗੱਡੀਆਂ ਮੌਕੇ ‘ਤੇ ਪੁੱਜੀਆਂ, ਜਿਨ੍ਹਾਂ ਨੇ ਕਰੀਬ 3 ਘੰਟੇ ਬਾਅਦ ਅੱਗ ‘ਤੇ ਕਾਬੂ ਪਾਇਆ, ਜਦਕਿ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ।

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
It is for general information that I, RAJWRINDER PAL KAUR W/o LATE KAUR SINGH, Residing at Flat No. 1301, Block C, Gillco Park Hill, Sector 126, Landran, PO Landran, DIST: SAS Nagar(Mohali) Punjab - 140307, declare that name of mine has been wrongly written as LAKHWINDER KAUR in my Husband Service Record. The actual name of mine is RAJWRINDER PAL KAUR, which may be amended accordingly.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

ਕੌਮੀ ਪੱਤ੍ਰਿਕਾ

# ਲਾਲ ਚੰਦ ਕਟਾਰੂਚੱਕ ਨੇ ਮੈਗਾ ਪੀ.ਟੀ.ਐਮ. ਦੌਰਾਨ ਮਾਪਿਆਂ ਤੋਂ ਲਈ ਫ਼ੀਡਬੈਕ, ਮਾਨ ਸਰਕਾਰ ਦੀ ਮਿਆਰੀ ਸਿੱਖਿਆ ਦੀ ਵਚਨਬੱਧਤਾ ਦੁਹਰਾਈ

**➢ ਕੈਬਨਿਟ ਮੰਤਰੀ ਵੱਲੋਂ ਸਰਨਾ ਅਤੇ ਮਲਿਕਪੁਰ ਦੇ ਸਰਕਾਰੀ ਸਕੂਲਾਂ ਵਿੱਚ ਮੈਗਾ ਪੀ.ਟੀ.ਐਮ ਦੌਰਾਨ ਸ਼ਿਰਕਤ ➢ ਮਾਪਿਆਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਕੀਤੀ ਸ਼ਮੂਲੀਅਤ**



**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿਦਿਆਰਥੀਆਂ ਨੂੰ ਗੁਣਵੱਤਾ-ਭਰਪੂਰ ਸਿੱਖਿਆ ਪ੍ਰਦਾਨ ਕਰਨ, ਵਿਦਿਆਰਥੀਆਂ ਦੀ ਬਿਹਤਰ ਕਾਰਗੁਜ਼ਾਰੀ ਲਈ ਸਮੇਂ-ਸਮੇਂ 'ਤੇ ਮਾਪਿਆਂ ਨੂੰ ਜਾਣਕਾਰੀ ਦੇਣ ਅਤੇ ਵਿਦਿਆਰਥੀਆਂ ਤੇ ਮਾਪਿਆਂ ਤੋਂ ਫ਼ੀਡਬੈਕ ਲੈ ਕੇ ਸਿੱਖਿਆ ਪ੍ਰਣਾਲੀ ਨੂੰ ਹੋਰ ਵਧੀਆ ਬਣਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੈਗਾ ਪੀ.ਟੀ.ਐਮ. ਮੁਹਿੰਮ ਤਹਿਤ ਅੱਜ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ ਅੰਦਰ ਮੈਗਾ ਪੀ.ਟੀ.ਐਮ. (ਮਾਪੇ-ਅਧਿਆਪਕ ਮਿਲਣੀਆਂ) ਕਰਵਾਈਆਂ ਗਈਆਂ ਜਿਸ ਵਿੱਚ ਮਾਪਿਆਂ ਅਤੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਸ਼ਮੂਲੀਅਤ ਕੀਤੀ। ਇਹ ਪ੍ਰਗਟਾਵਾ ਅੱਜ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਜ਼ਿਲ੍ਹਾ ਪਠਾਨਕੋਟ ਦੇ ਦੋ ਸਕੂਲਾਂ ਅੰਦਰ ਮਾਪੇ ਅਧਿਆਪਕ ਮਿਲਣੀ ਦੌਰਾਨ ਸ਼ਿਰਕਤ ਕਰਦਿਆਂ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਰਾਜੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਧਿਕਾਰੀ ਪਠਾਨਕੋਟ (ਸੈਕੰਡਰੀ), ਨਰੇਸ਼ ਕੁਮਾਰ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਵਿਜੇ ਕੁਮਾਰ ਕਟਾਰੂ ਚੱਕ, ਪਵਨ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।

ਜਿਕਰਯੋਗ ਹੈ ਕਿ ਅੱਜ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਸਰਕਾਰੀ ਹਾਈ ਸਕੂਲ ਸਰਨਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲਿਕਪੁਰ ਵਿਖੇ ਮੈਗਾ ਪੀ.ਟੀ.ਐਮ ਦੌਰਾਨ ਸ਼ਿਰਕਤ ਕੀਤੀ ਅਤੇ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਬਣਾਉਣ ਲਈ ਵਿਦਿਆਰਥੀਆਂ ਤੇ ਮਾਪਿਆਂ ਤੋਂ ਫ਼ੀਡਬੈਕ ਲਈ। ਇਸ ਦੌਰਾਨ ਉਨ੍ਹਾਂ ਸਕੂਲ ਮੁਖੀਆਂ ਨੂੰ ਲੋੜੀਂਦੇ ਨਿਰਦੇਸ਼ ਵੀ ਜਾਰੀ ਕੀਤੇ।

ਇਸ ਮੌਕੇ ਤੇ ਸੰਬੋਧਤ ਕਰਦਿਆਂ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੈਗਾ ਪੀ.ਟੀ.ਐਮ ਦੌਰਾਨ ਮਾਪਿਆਂ ਨੇ ਸਰਕਾਰੀ ਸਕੂਲਾਂ ਅੰਦਰ ਦਿੱਤੀ ਜਾ ਰਹੀ ਸਿੱਖਿਆ 'ਤੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਦੇ ਇਤਿਹਾਸਕ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ, ਜਿਨ੍ਹਾਂ ਦੀ ਮਾਪਿਆਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਉਸਾਰੂ ਫ਼ੈਸਲਿਆਂ ਸਦਕਾ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦੇ ਨਜ਼ਰੀਏ ਵਿੱਚ ਫ਼ਰਕ ਪੈ ਰਿਹਾ ਹੈ। ਹੁਣ ਲੋਕ ਪ੍ਰਾਈਵੇਟ ਸਕੂਲਾਂ ਨਾਲੋਂ ਸਰਕਾਰੀ ਸਕੂਲਾਂ ਨੂੰ ਵੱਧ ਤਰਜੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸਿੱਖਿਆ ਨੂੰ ਤਰਜੀਹੀ ਖੇਤਰ ਵਿੱਚ ਰੱਖਣ ਅਤੇ ਬੱਚਿਆਂ ਦੇ ਪ੍ਰਾਈਵੇਟ ਸਕੂਲਾਂ ਤੋਂ ਹਟ ਕੇ ਸਰਕਾਰੀ ਵਿੱਚ ਦਾਖ਼ਲਾ ਲੈਣ ਨਾਲ ਅਧਿਆਪਕਾਂ ਨੂੰ ਵੀ ਹੌਸਲਾ ਮਿਲਿਆ ਹੈ ਅਤੇ ਉਹ ਉਤਸ਼ਾਹ ਨਾਲ ਕਾਰਜ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਹਾਈ ਸਕੂਲ, ਸਰਨਾ ਵਿਖੇ ਮਾਪਿਆਂ ਨੇ ਖੇਡ ਮੈਦਾਨ ਵਿੱਚ ਭਰਤ ਪਾਉਣ ਦੀ ਮੰਗ ਰੱਖੀ ਹੈ। ਇਸ ਸਬੰਧੀ ਮੌਕੇ 'ਤੇ ਹੀ ਉਨ੍ਹਾਂ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਨੂੰ ਦਿਸ਼ਾ ਨਿਰਦੇਸ਼ ਦਿੱਤੇ ਕਿ ਸਬੰਧਤ ਵਿਭਾਗ ਨੂੰ ਕਹਿ ਕੇ ਸਕੂਲ ਮੈਦਾਨ ਵਿੱਚ ਮਿੱਟੀ ਪਾ ਕੇ ਇਸ ਨੂੰ ਤੁਰੰਤ ਉੱਚਾ ਕੀਤਾ ਜਾਵੇ।

ਪਠਾਨਕੋਟ ਵਿੱਚ ਸਕੂਲਾਂ ਦੇ ਬੁਨਿਆਦੀ ਢਾਂਚਾ ਵਿਕਾਸ ਲਈ 2.63 ਕਰੋੜ ਰੁਪਏ ਕੀਤੇ ਜਾਰੀ--ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕਰੋੜਾਂ ਰੁਪਏ ਦਿੱਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸੇ ਲੜੀ ਤਹਿਤ ਪਠਾਨਕੋਟ ਜ਼ਿਲ੍ਹੇ ਵਿੱਚ ਸਕੂਲਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ 2.63 ਕਰੋੜ ਰੁਪਏ ਜਾਰੀ ਕੀਤੇ ਗਏ ਹਨ ਜਿਸ ਨਾਲ ਵਿਦਿਆਰਥੀਆਂ ਲਈ ਮੁਢਲੀਆਂ ਸਹੂਲਤਾਂ ਯਕੀਨੀ ਬਣਾਈ ਜਾਣਗੀਆਂ।

ਪਠਾਨਕੋਟ ਦੇ ਹੋਣਹਾਰ ਵਿਦਿਆਰਥੀ ਜਾਣਗੇ ਵੱਖ-ਵੱਖ ਸੂਬਿਆਂ ਦੇ 6 ਦਿਨਾ ਵਿਦਿਅਕ ਟੂਰ 'ਤੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਦੇਸ਼ਾਂ-ਵਿਦੇਸ਼ਾਂ ਵਿੱਚ ਸਿਖਲਾਈ ਪ੍ਰੋਗਰਾਮਾਂ 'ਤੇ ਭੇਜਣ ਤੋਂ ਬਾਅਦ ਹੁਣ ਹੋਣਹਾਰ ਵਿਦਿਆਰਥੀਆਂ ਨੂੰ ਵਿਦਿਅਕ ਟੂਰ 'ਤੇ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਭੇਜਣ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ ਹੋਣਹਾਰ ਵਿਦਿਆਰਥੀਆਂ ਵਿੱਚ ਸ਼ਾਮਲ ਹੋ ਕੇ ਛੇਤੀ ਹੀ ਜ਼ਿਲ੍ਹਾ ਪਠਾਨਕੋਟ ਦੇ ਹੋਣਹਾਰ ਵਿਦਿਆਰਥੀ ਵੱਖ-ਵੱਖ ਸੂਬਿਆਂ ਦੇ 6 ਦਿਨਾਂ ਟੂਰ 'ਤੇ ਜਾਣਗੇ।

## ਸਹਾਇਕ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਹਿਕਾਰਤਾ ਵਿਕਾਸ ਕਮੇਟੀ (ਡੀ.ਸੀ.ਡੀ.ਸੀ.) ਦੀ ਰੀਵਿਊ ਮੀਟਿੰਗ ਦਾ ਆਯੋਜਨ



**ਮਲੇਰਕੋਟਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਹਿਕਾਰਤਾ ਵਿਕਾਸ ਕਮੇਟੀ (ਡੀ.ਸੀ.ਡੀ.ਸੀ.) ਦੀ ਰੀਵਿਊ ਮੀਟਿੰਗ ਅੱਜ ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਡਿਪਟੀ ਰਜਿਸਟਰਾਰ ਕੋਆਪ੍ਰੇਟਿਵ ਸਭਾਵਾਂ ਕਰਨਵੀਰ ਰੰਧਾਵਾ ਨੇ ਕਮੇਟੀ ਮੈਂਬਰਾਂ ਨੂੰ ਅਵਗਤ ਕਰਵਾਇਆ ਕਿ ਸੰਯੁਕਤ ਰਾਸ਼ਟਰ ਵੱਲੋਂ ਸਾਲ 2025 ਨੂੰ ਇੰਟਰਨੈਸ਼ਨਲ ਯੀਅਰ ਆਫ ਕੋਆਪ੍ਰੇਟਿਵ (ਆਈਵਾਈਸੀ 2025) ਵਜੋਂ ਮਨੋਨੀਤ ਕੀਤਾ ਗਿਆ ਹੈ।

ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਨੇ ਉਹਨਾਂ ਭਾਰਤ ਸਰਕਾਰ ਵੱਲੋਂ ਸਹਿਕਾਰਤਾ ਵਿਭਾਗ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਕੰਪਿਊਟਰਾਈਜੇਸ਼ਨ ਆਫ ਪੈਕਸ,ਪੀ.ਐੱਮ.ਕੇ.ਐੱਸ.ਕੇ (ਪ੍ਰਧਾਨ ਮੰਤਰੀ ਕਿਸਾਨ ਸਮਰਿਧੀ ਕੇਂਦਰ),ਪੈਕਸ ਸਭਾਵਾਂ ਨੂੰ ਸੀ.ਐੱਸ.ਸੀ ( ਕਾਮਨ ਸਰਵਿਸ ਸੈਂਟਰ) ਵਜੋਂ ਸਥਾਪਿਤ ਕਰਨਾ, ਪੈਟਰੋਲ ਅਤੇ ਡੀਜ਼ਲ ਪੰਪ ਕੰਨਵਰਜ਼ਨ ਬਾਰੇ ਅਤੇ ਵਰਲਡ ਲਾਰਜੈਸਟ ਫੂਡ ਗਰੇਨ ਪ੍ਰੋਜੈਕਟ ਆਦਿ ਰੀਵਿਊ ਕਰਦਿਆਂ ਅਧਿਕਾਰੀਆਂ ਨੂੰ ਸਹਿਕਾਰੀ ਸਭਾਵਾਂ ਦੀਆਂ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਤਾਂ ਜੋ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁਜ ਸਕੇ।

ਸਹਾਇਕ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਕਤ ਸਕੀਮਾਂ ਨੂੰ ਪ੍ਰਾਇਮਰੀ ਐਗਰੀਕਲਚਰ ਕੋਆਪ੍ਰੇਟਿਵ ਸੁਸਾਇਟੀ ਵਿੱਚ ਲਾਗੂ ਕੀਤਾ ਜਾਵੇ ਤਾਂ ਜੋ ਕਿਸਾਨ ਮੈਂਬਰਾਂ ਨੂੰ ਇਸ ਦਾ ਵੱਧ ਤੋਂ ਵੱਧ ਫਾਇਦਾ ਹੋ ਸਕੇ।ਇਸ ਮੌਕੇ ਖੇਤੀਬਾੜੀ ਅਫਸਰ ਡਾ. ਕੁਲਵੀਰ ਸਿੰਘ,ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਸੁਖਵਿੰਦਰ ਸਿੰਘ, ਵੈਟਰਨਰੀ ਅਫ਼ਸਰ ਡਾ. ਵਿਕਰਮ ਕਪੂਰ ਡਿਪਟੀ ਰਜਿਸਟਰਾਰ ਕੋਆਪ੍ਰੇਟਿਵ ਸਭਾਵਾਂ ਕਰਨਵੀਰ ਰੰਧਾਵਾ ,ਡਿਪਟੀ ਮੈਨੇਜਰ ਕੋਆਪ੍ਰੇਟਿਵ ਬੈਂਕ ਰਮਿਤ ਸਿੰਗਲ, ਸਹਾਇਕ ਮੈਨੇਜਰ ਸਟੇਟ ਬੈਂਕ ਆਫ ਇੰਡੀਆ ਸੋਰਭ, ਜਗਮਨ ਸਿੰਘ, ਮਹੇਸ ਕੁਮਾਰ, ਲਵਪ੍ਰੀਤ ਸਿੰਘ,ਸੁਖਵਿੰਦਰ ਸਿੰਘ, ਏ.ਐਮ.ਆਰ. ਐਸ. ਵਿਵੇਕ ਗਰਗ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਨੁਮਾਇੰਦੇ ਮੌਜੂਦ ਸਨ।

# ਕਿਸਾਨਾਂ ਨੇ ਬਜਟ ਦੀਆਂ ਕਾਪੀਆਂ ਫੂਕੀਆਂ; ਵੱਖ-ਵੱਖ ਥਾਵਾਂ 'ਤੇ ਮੁਜ਼ਾਹਰੇ; ਕੇਂਦਰ 'ਤੇ ਕਿਸਾਨਾਂ ਦੀਆਂ ਮੰਗਾਂ ਨਜ਼ਰਅੰਦਾਜ਼ ਕਰਨ ਦੇ ਦੋਸ਼



**ਪਟਿਆਲਾ/ਸੰਗਰੂਰ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਕਿਸਾਨਾਂ ਨੇ ਅੱਜ ਮੁੱਖ ਮੰਤਰੀ ਦੀ ਕੋਠੀ ਤੋਂ ਕੁੱਝ ਦੂਰੀ 'ਤੇ ਜ਼ੀਰਕਪੁਰ-ਬਠਿੰਡਾ ਕੌਮੀ ਹਾਈਵੇਅ-7 ਦੇ ਪਟਿਆਲਾ ਬਾਈਪਾਸ ਓਵਰਬ੍ਰਿਜ ਨੇੜੇ ਬਜਟ ਦੀਆਂ ਕਾਪੀਆਂ ਸਾੜਦਿਆਂ ਰੋਸ ਮੁਜ਼ਾਹਰਾ ਕੀਤਾ। ਇਸ ਦੌਰਾਨ ਉਨ੍ਹਾਂ ਬਜਟ ਨੂੰ ਕਿਸਾਨ-ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ। ਭਾਕਿਯੂ ਏਕਤਾ ਉਗਰਾਹਾਂ ਦੇ ਝੰਡੇ ਹੇਠ ਕਿਸਾਨ ਗੁਰਦੁਆਰਾ ਨਵਾਂ ਮਸਤੂਆਣਾ ਸਾਹਿਬ ਵਿਖੇ ਇਕੱਠੇ ਹੋਏ ਜਿਥੋਂ ਕਾਫ਼ਲੇ ਦੇ ਰੂਪ ਵਿਚ ਕੌਮੀ ਹਾਈਵੇਅ ਦੇ ਪਟਿਆਲਾ ਬਾਈਪਾਸ ਓਵਰਬ੍ਰਿਜ਼ ਹੇਠਾਂ ਪੁੱਜੇ ਜਿਥੇ ਕੇਂਦਰ ਸਰਕਾਰ ਦੇ ਬਜਟ ਦੀਆਂ ਕਾਪੀਆਂ ਸਾੜਦਿਆਂ ਰੋਸ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਵਲੋਂ ਬਜਟ ਨੂੰ ਕਿਸਾਨ-ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ ਦਾ ਹਮਾਇਤੀ ਬਜਟ ਕਰਾਰ ਦਿੰਦਿਆਂ ਕੇਂਦਰ ਸਰਕਾਰ 'ਤੇ ਕਿਸਾਨਾਂ ਨਾਲ ਵਿਤਕਰੇਬਾਜ਼ੀ ਕਰਨ ਦਾ ਦੋਸ਼ ਲਾਇਆ। ਇਸ ਮੌਕੇ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਲੌਂਗੋਵਾਲ ਨੇ ਕੇਂਦਰ ਸਰਕਾਰ ਦੇ 2025-26 ਦੇ ਬਜਟ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਇਹ ਬਜਟ ਕਾਰਪੋਰੇਟ ਪੱਖੀ ਹੈ ਜਿਸ ਵਿਚ ਕਿਸਾਨਾਂ ਲਈ ਕੁੱਝ ਨਹੀਂ ਰੱਖਿਆ ਗਿਆ ਅਤੇ ਨਾ ਹੀ ਮਜ਼ਦੂਰ ਵਰਗ ਦਾ ਕੋਈ ਖਿਆਲ ਰੱਖਿਆ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਵਲੋਂ ਵਿਤਕਰੇਬਾਜ਼ੀ ਕਰਦਿਆਂ ਕਿਸਾਨ-ਮਜ਼ਦੂਰ ਵਰਗ ਨੂੰ ਨਜ਼ਰਅੰਦਾਜ ਕੀਤਾ ਗਿਆ ਹੈ ਜਿਸ ਕਾਰਨ ਇਸ ਵਰਗ ਵਿਚ ਸਰਕਾਰ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਕਾਰਪੋਰੇਟਾਂ ਰਾਹੀਂ ਕਿਸਾਨਾਂ ਦੀਆਂ ਜ਼ਮੀਨਾਂ ਸਸਤੇ ਭਾਅ ਹੜੱਪ ਕੇ ਖੇਤੀ ਉਪਰ ਕਬਜ਼ਾ ਕਰਨ ਜਾ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਪਹਿਲਾਂ ਹੀ ਆਰਥਿਕ ਸੰਕਟ 'ਚੋ ਲੰਘ ਰਹੀ ਕਿਸਾਨੀ ਨੂੰ ਬਚਾਉਣ ਲਈ ਬਜਟ ਵਿਚ ਕਿਸਾਨੀ ਮੰਗਾਂ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਸੀ ਪਰ ਮੋਦੀ ਸਰਕਾਰ ਵਲੋਂ ਕਿਸਾਨੀ ਅਤੇ ਕਿਸਾਨਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ। ਉਨ੍ਹਾਂ ਕਿਸਾਨਾਂ ਨੂੰ ਆਪਣੇ ਹੱਕਾਂ ਲਈ ਲਾਮਬੰਦ ਹੋ ਕੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੀ ਜ਼ਿਲ੍ਹਾ ਮਾਲੇਰਕੋਟਲਾ ਇਕਾਈ ਵੱਲੋਂ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਭੂਦਨ ਦੀ ਅਗਵਾਈ ਹੇਠ ਡੀਸੀ ਦਫ਼ਤਰ ਅੱਗੇ ਬਜਟ ਦੀਆਂ ਕਾਪੀਆਂ ਸਾੜੀਆਂ ਗਈਆਂ। ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਕੇਵਲ ਸਿੰਘ ਭੜੀ ਨੇ ਕੇਂਦਰੀ ਬਜਟ ਨੂੰ ਕਿਸਾਨ ਅਤੇ ਮਜ਼ਦੂਰਾਂ ਕਰਾਰ ਦਿੰਦਿਆਂ ਕਿਹਾ ਕਿ ਕੇਂਦਰੀ ਬਜਟ ਵਿੱਚ ਬੀਮਾ ਖੇਤਰ ਦੇ ਸੌ ਫ਼ੀਸਦੀ ਨਿੱਜੀਕਰਨ ਦੇ ਠੋਸ ਪ੍ਰਸਤਾਵ ਸਮੇਤ ਖੇਤੀਬਾੜੀ, ਨਿਰਮਾਣ, ਸੇਵਾਵਾਂ ਸਮੇਤ ਸਾਰੇ ਖੇਤਰਾਂ 'ਤੇ ਕਾਰਪੋਰੇਟ ਕਬਜ਼ਿਆਂ ਦਾ ਆਧਾਰ ਬਣਾਇਆ ਗਿਆ ਹੈ। ਸਾਰੀਆਂ ਫ਼ਸਲਾਂ ਲਈ ਐੱਮਐੱਸਪੀ ਦੀ ਮੰਗ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ।

ਇਸ ਮੌਕੇ ਜ਼ਿਲ੍ਹਾ ਆਗੂ ਰਵਿੰਦਰ ਸਿੰਘ ਕਾਸਾਪੁਰ, ਸਰਬਜੀਤ ਸਿੰਘ ਭੁਰਥਲਾ, ਰਛਪਾਲ ਸਿੰਘ ਰੜ, ਮੇਜਰ ਸਿੰਘ ਹਥਨ, ਨਛੱਤਰ ਸਿੰਘ ਝਨੇਰ ਤੇ ਗੁਰਮੀਤ ਕੌਰ ਕੁਠਾਲਾ ਆਦਿ ਹਾਜ਼ਰ ਸਨ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਲੱਡਾ 'ਚ ਬਲਾਕ ਦੇ 22 ਪਿੰਡਾਂ ਦੀ ਵਿਸਥਾਰੀ ਮੀਟਿੰਗ ਹੋਈ ਜਿਸ ਵਿੱਚ ਜਿੱਥੇ 9 ਫਰਵਰੀ ਤੋਂ ਐੱਸਡੀਐੱਮ ਧੂਰੀ ਦੇ ਦਫ਼ਤਰ ਅੱਗੇ ਲਗਾਏ ਜਾ ਰਹੇ ਪੱਕੇ ਧਰਨੇ, ਬਠਿੰਡਾ ਦੇ ਪਿੰਡ ਜਿਉਂਦ 'ਚ ਜ਼ਮੀਨੀ ਵਿਵਾਦ ਸਬੰਧੀ ਕੀਤੇ ਜਾ ਰਹੇ ਵੱਡੇ ਇਕੱਠ ਸਬੰਧੀ ਵਿਚਾਰਾਂ ਕੀਤੀਆਂ ਉੱਥੇ ਕਿਸਾਨ ਵਿਰੋਧੀ ਬਜਟ ਦੀਆਂ ਕਾਪੀਆਂ ਫੂਕੀਆਂ। ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਦਲਵਾਰਾ ਸਿੰਘ ਛਾਜਲਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਪੂਰੀ ਤਰ੍ਹਾਂ ਕਿਸਾਨ ਵਿਰੋਧੀ ਹਨ ਜਿਨ੍ਹਾਂ ਵੱਲੋਂ ਆਏ ਦਿਨ ਕਿਸਾਨਾਂ ਤੇ ਕਿਸਾਨੀ ਕਿੱਤੇ 'ਤੇ ਕੀਤੇ ਜਾ ਰਹੇ ਹਮਲਿਆਂ ਨੂੰ ਸਿਰਫ਼ ਜਥੇਬੰਦ ਹੋ ਕੇ ਹੀ ਰੋਕਿਆ ਜਾ ਸਕਦਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਇਕਾਈ ਸੁਨਾਮ ਦੇ ਕਾਰਕੁਨਾਂ ਨੇ ਅੱਜ ਕੇਂਦਰ ਸਰਕਾਰ ਵਲੋਂ ਪੇਸ਼ ਕੀਤੇ ਬਜਟ 2025-26 ਦੀਆਂ ਕਾਪੀਆਂ ਸਾੜੀਆਂ ਅਤੇ ਮੋਦੀ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਬਲਾਕ ਜਰਨਲ ਸਕੱਤਰ ਰਾਮ ਸਰਨ ਸਿੰਘ ਉਗਰਾਹਾਂ ਦੀ ਅਗਵਾਈ 'ਚ ਇਕੱਤਰ ਕਿਸਾਨਾਂ ਦਾ ਦੋਸ਼ ਸੀ ਕਿ ਕੇਂਦਰ ਸਰਕਾਰ ਵੱਲੋਂ ਬਜਟ ਪੇਸ਼ ਕੀਤਾ ਹੈ, ਉਸ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਸਿਰਫ਼ ਨਿਰਾਸ਼ਾ ਤੋਂ ਇਲਾਵਾ ਕੁਝ ਵੀ ਨਹੀਂ ਦਿੱਤਾ ਗਿਆ। ਪੰਜਾਬ ਅਤੇ ਪੂਰੇ ਭਾਰਤ ਦਾ ਕਿਸਾਨ ਅਤੇ ਮਜ਼ਦੂਰ ਕਰਜ਼ੇ ਦੀ ਮਾਰ ਹੇਠ ਦਬੇ ਹੋਏ ਹਨ ਜਿਸ ਕਾਰਨ ਕਿਸਾਨ ਅਤੇ ਮਜ਼ਦੂਰ ਦਿਨ ਪਰ ਦਿਨ ਖੁਦਖੁਸ਼ੀਆਂ ਕਰ ਰਹੇ ਹਨ।

ਉਨ੍ਹਾਂ ਮੰਗ ਰੱਖੀ ਕਿ ਕੇਂਦਰ ਸਰਕਾਰ ਮੁਲਕ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਸਾਰ ਲਵੇ। ਇਸ ਮੌਕੇ ਕਈ ਪਿੰਡ ਇਕਾਈਆਂ ਦੇ ਕਿਸਾਨ ਆਗੂ ਹਾਜ਼ਰ ਸਨ।

ਸਮਾਣਾ : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕਿਸਾਨ ਜਥੇਬੰਦੀਆਂ ਵੱਲੋਂ ਸਮਾਣਾ 'ਚ ਵੱਖ- ਵੱਖ ਥਾਵਾਂ ਤੇ ਕੇਂਦਰੀ ਬਜਟ ਦੀਆਂ ਕਾਪੀਆਂ ਸਾੜ ਕੇ ਕੇਂਦਰ ਸਰਕਾਰ ਖਿਲਾਫ ਰੋਸ਼ ਪ੍ਰਦਰਸ਼ਨ ਕੀਤਾ। ਇਸ ਮੌਕੇ ਕਿਸਾਨ ਆਗੂਆਂ ਨੇ ਬਜਟ ਨੂੰ ਲੋਕ ਵਿਰੋਧੀ ਆਖਿਆ। ਉਨ੍ਹਾਂ ਕਿਹਾ ਕਿ ਨੌ ਅਪਰੈਲ ਨੂੰ ਸੰਸਦ ਮੈਂਬਰ ਧਰਮਵੀਰ ਗਾਂਧੀ ਨੂੰ ਮੰਗ ਪੱਤਰ ਦਿੱਤਾ ਜਾਵੇਗਾ।

## ਯੂਥ ਆਗੂ ਅਭੈ ਢਿੱਲੋਂ ਨੇ ਸ਼ਹਿਰ ਦਾ ਦੌਰਾ ਕਰ ਲੋਕਾਂ ਦੀਆਂ ਸਮੱਸਿਆ ਦਾ ਲਿਆ ਜਾਇਜ਼ਾ



**ਗਿੱਦੜਬਾਹਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੀਆਂ ਸਮੱਸਿਆਵਾਂ ਨੂੰ ਨੇਪੜੇ ਚਾੜ੍ਹਨ ਲਈ ਯੂਥ ਆਗੂ ਅਭੈ ਢਿੱਲੋਂ ਨੇ ਆਪਣੇ ਤਾਇਆ ਐਮ ਐਲ ਏ ਹਲਕਾ ਗਿੱਦੜਬਾਹਾ ਸ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਗ਼ੈਰ ਹਾਜ਼ਰੀ ਵਿੱਚ ਸ਼ਹਿਰ ਦੀ ਕਮਾਨ ਸੰਭਾਲੀਂ ਹੋਈ ਹੈ, ਜਿਸ ਲੜੀ ਤਹਿਤ ਅੱਜ ਸ਼ਹਿਰ ਦੀਆਂ ਟੁੱਟੀਆਂ ਸੜਕਾਂ ਅਤੇ ਸੀਵਰੇਜ ਸਿਸਟਮ ਦੀ ਸਮੱਸਿਆਂ ਨੂੰ ਦੂਰ ਕਰਨ ਲਈ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਨਾਲ ਲੈ ਸ਼ਹਿਰ ਦਾ ਕੀਤਾ ਦੌਰਾ ਅਤੇ ਸ਼ਹਿਰ ਦੇ ਪ੍ਰਭਾਵਿਤ ਏਰੀਏ ਦਾ ਜਾਇਜ਼ਾ ਲਿਆ। ਯੂਥ ਆਗੂ ਅਭੈ ਢਿੱਲੋ ਨੇ ਦਾਅਵਾ ਕੀਤਾ ਕਿ ਜਲਦੀ ਹੀ ਸ਼ਹਿਰ ਦੇ ਲੋਕਾਂ ਨੂੰ ਇਨ੍ਹਾਂ ਸਮੱਸਿਆਵਾਂ ਤੋਂ ਨਿਜਾਤ ਮਿਲੇਗੀ। ਇਸ ਮੌਕੇ ਉਨ੍ਹਾਂ ਨੇ ਵਿਰੋਧੀਆਂ ਤੇ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਰੁਕਾਵਟ ਪਾਉਣ ਦੇ ਸਵਾਲ ਖੜ੍ਹੇ ਕੀਤੇ ਜਦੋਕਿ ਐਡਵੋਕੇਟ ਗੋਰਵ ਜੈਨ ਚੀਨੂੰ ਨੇ ਅਭੈ ਢਿੱਲੋ ਨੂੰ ਵਿਰੋਧੀਆਂ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਪਾਈਆਂ ਜਾ ਰਹੀਆਂ ਰੁਕਾਵਟਾਂ ਸੰਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਅਸ਼ੋਕ ਬੁੱਟਰ,ਰਾਜੂ ਸਿੰਗਲਾ ਥਰਾਜਵਾਲਾ, ਐਡਵੋਕੇਟ ਗੋਰਵ ਜੈਨ ਚੀਨੂੰ, ਗੁਰਚੇਤ ਔਲਖ, ਭੂਸ਼ਨ ਸ਼ਰਮਾ ਤੋਂ ਇਲਾਵਾ ਜੇ ਈ, ਹਰਗੋਬਿੰਦ ਸਿੰਘ, ਗੁਰਪਾਲ ਸਿੰਘ,ਕਰਨ ਅਰੋੜਾ, ਕੁਨਾਲ ਗਰਗ ਤੇ ਹਰਜਿੰਦਰ ਸਿੰਘ ਆਦਿ ਨਗਰ ਕੌਂਸਲ ਦੇ ਅਧਿਕਾਰੀ ਅਤੇ ਸਟਾਫ ਵੀ ਹਾਜ਼ਰ ਸੀ।

# ਜਬਰੀ ਵਤਨ ਵਾਪਸੀ ਕਾਰਨ ਸੁਨਹਿਰੀ ਭਵਿੱਖ ਦੇ ਸੁਪਨੇ ਟੁੱਟੇ

**ਡਿਪੋਰਟ ਹੋਇਆ ਸੁਖਪਾਲ ਇਟਲੀ ਤੋਂ ਪਹੁੰਚਿਆ ਸੀ ਅਮਰੀਕਾ; ਪਿੰਡ ਟਾਹਲੀ ਦਾ ਹਰਵਿੰਦਰ ਅਮਰੀਕਾ ਦਾ ਬਾਰਡਰ ਪਾਰ ਕਰਦੇ ਸਮੇਂ ਆਇਆ ਸੀ ਕਾਬੂ**



**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਤੋਂ ਡਿਪੋਰਟ ਕੀਤੇ ਗਏ ਭਾਰਤੀਆਂ 'ਚੋਂ ਦੋ ਵਿਅਕਤੀ ਟਾਂਡਾ ਇਲਾਕੇ ਦੇ ਪਿੰਡ ਦਾਰਾਪੁਰ ਤੇ ਟਾਹਲੀ ਨਾਲ ਸਬੰਧਤ ਹਨ। ਜਾਣਕਾਰੀ ਅਨੁਸਾਰ ਦਾਰਾਪੁਰ ਵਾਸੀ ਸੁਖਪਾਲ ਪੁੱਤਰ ਪ੍ਰੇਮ ਪਾਲ ਅੱਠ ਮਹੀਨੇ ਪਹਿਲਾਂ ਵਰਕ ਪਰਮਿਟ 'ਤੇ ਇਟਲੀ ਗਿਆ ਸੀ ਤੇ ਬਾਅਦ ਵਿੱਚ ਅਮਰੀਕਾ ਦਾਖਲ ਹੁੰਦੇ ਫੜਿਆ ਗਿਆ ਸੀ। ਸੁਖਪਾਲ ਦੇ ਪਿਤਾ ਨੇ ਦੱਸਿਆ ਕਿ ਉਨ੍ਹਾਂ ਨੂੰ ਸੁਖਪਾਲ ਦੇ ਅਮਰੀਕਾ ਤੋਂ ਡਿਪੋਰਟ ਹੋਣ ਬਾਰੇ ਮੀਡੀਆ ਰਿਪੋਰਟਾਂ ਰਾਹੀਂ ਜਾਣਕਾਰੀ ਮਿਲੀ ਹੈ। ਉਨ੍ਹਾਂ ਦੱਸਿਆ, "ਸੁਖਪਾਲ ਪਿਛਲੇ ਸਾਲ ਅਕਤੂਬਰ ਮਹੀਨੇ 'ਚ ਵਰਕ ਪਰਮਿਟ 'ਤੇ ਇਟਲੀ ਗਿਆ ਸੀ। ਕੁਝ ਦਿਨ ਪਹਿਲਾਂ ਉਸ ਨਾਲ ਗੱਲ ਹੋਈ ਸੀ। ਉਹ ਉੱਥੋਂ ਅਮਰੀਕਾ ਕਿਵੇਂ ਗਿਆ, ਇਸ ਬਾਰੇ ਉਸ ਨੇ ਸਾਨੂੰ ਕੁਝ ਨਹੀਂ ਦੱਸਿਆ।"

ਦੂਜਾ ਵਿਅਕਤੀ ਨੇੜਲੇ ਪਿੰਡ ਟਾਹਲੀ ਦਾ ਹਰਵਿੰਦਰ ਸਿੰਘ ਪੁੱਤਰ ਰੇਸ਼ਮ ਸਿੰਘ ਹੈ। ਉਹ ਪਿਛਲੇ ਮਹੀਨੇ ਹੀ ਬਾਰਡਰ ਪਾਰ ਕਰ ਕੇ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਦਾਖ਼ਲ ਹੋਇਆ ਸੀ ਤੇ ਫੜੇ ਜਾਣ ਤੋਂ ਬਾਅਦ ਕੈਂਪ 'ਚ ਸੀ। ਹਰਵਿੰਦਰ ਸਿੰਘ ਦੀ ਪਤਨੀ ਕੁਲਜਿੰਦਰ ਕੌਰ ਨੇ ਦੱਸਿਆ ਕਿ ਅੱਠ ਮਹੀਨੇ ਪਹਿਲਾਂ ਅਮਰੀਕਾ ਜਾਣ ਲਈ ਘਰੋਂ ਗਿਆ ਸੀ। ਕੁਲਜਿੰਦਰ ਕੌਰ ਮੁਤਾਬਕ ਏਜੰਟ ਨੇ 42 ਲੱਖ ਰੁਪਏ ਲੈਣ ਦੇ ਬਾਵਜੂਦ ਕਾਨੂੰਨੀ ਤਰੀਕੇ ਦੀ ਬਜਾਇ ਉਸ ਦੇ ਪਤੀ ਹਰਵਿੰਦਰ ਨੂੰ ਧੋਖੇ ਨਾਲ ਡੌਂਕੀ ਲਵਾ ਕੇ ਅਮਰੀਕਾ ਭੇਜਿਆ ਸੀ। ਉਸ ਦੇ ਪਤੀ ਨੇ 15 ਜਨਵਰੀ ਨੂੰ ਮੈਸਜ ਕਰ ਕੇ ਅਮਰੀਕਾ ਦਾ ਬਾਰਡਰ ਪਾਰ ਕਰਨ ਬਾਰੇ ਦੱਸਿਆ ਸੀ ਪਰ ਬਾਅਦ ਵਿੱਚ ਉਸ ਨਾਲ ਕੋਈ ਰਾਬਤਾ ਨਹੀਂ ਹੋਇਆ ਅਤੇ ਅੱਜ ਹੀ ਉਨ੍ਹਾਂ ਨੂੰ ਉਸ ਦੇ ਵਤਨ ਵਾਪਸੀ ਦੀ ਸੂਚਨਾ ਮਿਲੀ ਹੈ।

ਲਾਲੜੂ : ਪਿੰਡ ਜੜੌਤ ਵਾਸੀ ਪ੍ਰਦੀਪ (22) ਉਰਫ਼ ਦੀਪੂ ਨੂੰ ਛੇ ਮਹੀਨੇ ਵੱਖ-ਵੱਖ ਦੇਸ਼ਾਂ ਵਿੱਚ ਘੁੰਮਣ ਮਗਰੋਂ ਅਮਰੀਕਾ ਤੋਂ ਵਾਪਸ ਘਰ ਭੇਜ ਦਿੱਤਾ ਗਿਆ ਹੈ। ਜਿਵੇਂ ਹੀ ਉਸ ਨੇ ਅਮਰੀਕਾ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਅਮਰੀਕਾ ਦੀ ਪੁਲੀਸ ਨੇ ਫੜ ਲਿਆ ਤੇ ਹੁਣ205 ਜਣਿਆਂ ਦੇ ਭਾਰਤੀ ਗਰੁੱਪ ਸਣੇ ਮੁਲਕ ਵਾਪਸ ਭੇਜ ਦਿੱਤਾ ਗਿਆ ਹੈ। ਪ੍ਰਦੀਪ ਦੀ ਦਾਦੀ ਗੁਰਮੀਤ ਕੌਰ, ਮਾਂ ਨਰਿੰਦਰ ਕੌਰ ਉਰਫ਼ ਰਾਣੀ ਅਤੇ ਪਿਤਾ ਕੁਲਬੀਰ ਸਿੰਘ ਨੇ ਭਰੇ ਮਨ ਨਾਲ ਦੱਸਿਆ ਕਿ ਛੇ ਮਹੀਨੇ ਪਹਿਲਾਂ ਉਨ੍ਹਾਂ ਨੇ ਪ੍ਰਦੀਪ ਨੂੰ ਜ਼ਮੀਨ ਵੇਚ ਕੇ ਅਤੇ ਕੁੱਝ ਕਰਜ਼ਾ ਲੈ ਕੇ 41 ਲੱਖ ਰੁਪਏ ਖਰਚ ਕੇ ਅਮਰੀਕਾ ਭੇਜਿਆ ਸੀ ਅਤੇ ਪਿਛਲੇ 6 ਮਹੀਨਿਆਂ ਤੋਂ ਉਹ ਅਮਰੀਕਾ ਵਿੱਚ ਦਾਖਲ ਹੋਣ ਲਈ ਵੱਖ-ਵੱਖ ਦੇਸ਼ਾਂ ਵਿੱਚੋਂ ਲੰਘ ਕੇ ਸਰਹੱਦ 'ਤੇ ਪਹੁੰਚਿਆ ਹੀ ਸੀ ਕਿ ਉੱਥੇ ਤਾਇਨਾਤ ਪੁਲੀਸ ਨੇ ਉਸ ਨੂੰ ਕਾਬੂ ਕਰ ਲਿਆ। ਪ੍ਰਦੀਪ ਦੇ ਮਾਤਾ-ਪਿਤਾ ਅਤੇ ਦਾਦੀ ਛੋਟੇ ਜਿਹੇ ਘਰ ਵਿੱਚ ਰਹਿ ਰਹੇ ਹਨ। ਪ੍ਰਦੀਪ ਦੇ ਮਾਪੇ ਛੇ ਮਹੀਨੇ ਤੋਂ ਉਸ ਨੂੰ ਪੈਸੇ ਭੇਜਦੇ ਰਹੇ ਕਿ ਉਨ੍ਹਾਂ ਦਾ ਪੁੱਤਰ ਇੱਕ ਦਿਨ ਉਨ੍ਹਾਂ ਦੇ ਸਾਰੇ ਸੁਪਨੇ ਪੂਰੇ ਕਰੇਗਾ ਅਤੇ ਕਰਜ਼ਾ ਵਾਪਸ ਕਰੇਗਾ ਪਰ ਉਨ੍ਹਾਂ ਦੇ ਪੱਲੇ ਨਿਰਾਸ਼ੀ ਹੀ ਪਈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕਰਜ਼ੇ ਤੋਂ ਇਲਾਵਾ ਉਨ੍ਹਾਂ ਨੇ ਇੱਕ ਏਕੜ ਜ਼ਮੀਨ ਵੀ ਵੇਚੀ ਹੈ। ਪ੍ਰਦੀਪ ਨੇ 12ਵੀਂ ਜਮਾਤ ਪਾਸ ਕੀਤੀ ਸੀ ਅਤੇ ਵਿਦੇਸ਼ ਜਾਣ ਲਈ ਜ਼ਿੱਦ ਕਰਦਾ ਸੀ। ਪ੍ਰਦੀਪ ਦੇ ਪਿਤਾ ਕੁਲਬੀਰ ਸਿੰਘ ਦਿਮਾਗੀ ਬਿਮਾਰੀ ਤੋਂ ਪੀੜਤ ਹਨ। ਉਨ੍ਹਾਂ ਨੂੰ ਰੋਸ ਹੈ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਵਿਦੇਸ਼ ਦੇ ਸੁਪਨੇ ਦਿਖਾਉਣ ਵਾਲੇ ਏਜੰਟਾਂ ਉੱਤੇ ਨੱਥ ਪਾਵੇ।

ਉੱਤਰੀ ਅਮਰੀਕੀ ਪੰਜਾਬੀ ਐਸੋਸੀਏਸ਼ਨ (ਨਾਪਾ) ਦੇ ਕਾਰਜਕਾਰੀ ਨਿਰਦੇਸ਼ਕ ਸਤਨਾਮ ਸਿੰਘ ਚਾਹਲ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਅਮਰੀਕਾ ਤੋਂ ਦੇਸ਼ ਵਾਪਸ ਭੇਜੇ ਜਾ ਰਹੇ ਨੌਜਵਾਨਾਂ ਦੀ ਸਹਾਇਤਾ ਲਈ ਮਹੱਤਵਪੂਰਨ ਪੁਨਰਵਾਸ ਫੰਡ ਸਥਾਪਤ ਕਰੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਲਈ ਸਹਾਇਤਾ ਅਤੇ ਸਰੋਤਾਂ ਦੀ ਘਾਟ ਸੂਬੇ ਲਈ ਗੰਭੀਰ ਸਮਾਜਿਕ ਅਤੇ ਆਰਥਿਕ ਚੁਣੌਤੀਆਂ ਦਾ ਕਾਰਨ ਬਣ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਵਧ ਰਹੇ ਸੰਕਟ ਨੂੰ ਹੱਲ ਕਰਨ ਵਿੱਚ ਲਾਪ੍ਰਵਾਹੀ ਸੂਬੇ ਲਈ ਹੋਰ ਸਮੱਸਿਅਵਾਂ ਪੈਦਾ ਕਰੇਗੀ, ਬੇਰੁਜ਼ਗਾਰੀ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸੰਭਾਵੀ ਸ਼ਮੂਲੀਅਤ ਨੂੰ ਵਧਾਏਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤ ਸਾਰੇ ਨੌਜਵਾਨ ਬਿਹਤਰ ਭਵਿੱਖ ਦੇ ਸੁਪਨੇ ਲੈ ਕੇ ਆਪਣੇ ਘਰ ਛੱਡ ਕੇ ਗਏ ਸਨ ਪਰ ਇਮੀਗ੍ਰੇਸ਼ਨ ਚੁਣੌਤੀਆਂ ਕਾਰਨ ਇਨ੍ਹਾਂ ਨੂੰ ਦੇਸ਼ ਨਿਕਾਲਾ ਮਿਲਿਆ। ਉਹ ਟੁੱਟੀਆਂ ਉਮੀਦਾਂ, ਵਿੱਤੀ ਪ੍ਰੇਸ਼ਾਨੀ ਅਤੇ ਮਨੋਵਿਗਿਆਨਕ ਸਦਮੇ ਨਾਲ ਵਾਪਸ ਆਏ ਹਨ। ਹੁਣ, ਇਹ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਉਨ੍ਹਾਂ ਦੇ ਸਹੀ ਪੁਨਰਵਾਸ ਅਤੇ ਸਮਾਜ ਵਿੱਚ ਮੁੜ ਏਕੀਕਰਨ ਨੂੰ ਯਕੀਨੀ ਬਣਾਏ। ਉਨ੍ਹਾਂ ਸਰਕਾਰ ਨੂੰ ਸਲਾਹ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਹੁਨਰ ਵਿਕਾਸ ਪ੍ਰੋਗਰਾਮਾਂ, ਰੁਜ਼ਗਾਰ ਦੇ ਮੌਕਿਆਂ ਲਈ ਸਮਰਪਿਤ ਵਿੱਤੀ ਸਰੋਤ ਨਿਰਧਾਰਤ ਕਰੇ।

## ਅਮਨ ਅਰੋੜਾ ਨੇ ਵੱਖ-ਵੱਖ ਸ਼ਖਸੀਅਤਾਂ ਦੇ ਅਕਾਲ ਚਲਾਣੇ 'ਤੇ ਪੀੜਤ ਪਰਿਵਾਰਾਂ ਕੋਲ ਜਾ ਕੇ ਹਮਦਰਦੀ ਜਤਾਈ



**ਸੁਨਾਮ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਧਾਨ ਸਭਾ ਹਲਕਾ ਸੁਨਾਮ ਅਧੀਨ ਆਉਂਦੇ ਪਿੰਡਾਂ ਤੇ ਸ਼ਹਿਰਾਂ ਵਿਖੇ ਪਿਛਲੇ ਦਿਨੀ ਅਚਨਚੇਤ ਵਿਛੋੜਾ ਦੇਣ ਵਾਲੀਆਂ ਸ਼ਖਸੀਅਤਾਂ ਦੀ ਰਿਹਾਇਸ਼ ਵਿਖੇ ਜਾ ਕੇ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸਵ. ਡਾ. ਬ੍ਰਹਮ ਸਰੂਪ ਵਧਵਾ, ਸੁਨਾਸ਼ੂ ਗੋਇਲ (7 ਸਾਲ), ਨਿਸ਼ਾਂਤ ਸਿੰਗਲਾ, ਰਵੀ ਖਟਕ, ਲਾਭ ਸਿੰਘ ਲੌਂਗੋਵਾਲ, ਕ੍ਰਿਸ਼ਨ ਕੁਮਾਰ ਲੰਬੂ ਲੌਂਗੋਵਾਲ, ਬਲਵੀਰ ਕੌਰ ਚੱਠੇ ਨਕਟੇ ਦੇ ਅਚਨਚੇਤ ਵਿਛੋੜੇ ਉਤੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਪੀੜਿਤ ਪਰਿਵਾਰਾਂ ਨਾਲ ਹਮਦਰਦੀ ਜਤਾਈ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪੀੜਿਤ ਪਰਿਵਾਰਾਂ ਨੂੰ ਦੁੱਖ ਸਹਿਣ ਦਾ ਹੌਂਸਲਾ ਬਖਸ਼ਣ।

ਇਸ ਮੌਕੇ ਉਹਨਾਂ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜਨੇਜਾ, ਸੀਨੀਅਰ ਆਗੂ ਜਤਿੰਦਰ ਜੈਨ, ਮਨੀ ਸਰਾਓ ਟਰੱਕ ਯੂਨੀਅਨ ਦੇ ਪ੍ਰਧਾਨ ਯਾਦਵਿੰਦਰ ਸਿੰਘ ਰਾਜਾ, ਬਲਵਿੰਦਰ ਸਿੰਘ ਸਰਪੰਚ ਲੌਂਗੋਵਾਲ, ਵਿੱਕੀ ਐਮਸੀ, ਬਲਾਕ ਪ੍ਰਧਾਨ ਵਿੱਕੀ ਵਸ਼ਿਸ਼ਟ, ਬਲਵਿੰਦਰ ਐਮਸੀ, ਰਾਜ ਸਿੰਘ ਰਾਜੂ, ਸੁਖਪਾਲ ਬਾਜਵਾ ਲੋਂਗੋਵਾਲ ਵੀ ਹਾਜ਼ਰ ਸਨ।

## ਡਿਬੇਟ ਮੁਕਾਬਲਿਆਂ ਦੇ ਜੇਤੂਆਂ ਦਾ ਸਨਮਾਨ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਸਰਕਾਰੀ ਮਹਿੰਦਰਾ ਕਾਲਜ ਦੇ ਰਾਜਨੀਤੀ ਵਿਭਾਗ ਵੱਲੋਂ ਸਵੀਪ ਪਟਿਆਲਾ ਦੇ ਸਹਿਯੋਗ ਨਾਲ ਕਰਵਾਏ ਗਏ ਅੰਤਰ-ਕਾਲਜ ਤੇ ਅੰਤਰ-ਸਕੂਲ ਡਿਬੇਟ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਚੋਣਾਂ ਸਾਡੇ ਦੇਸ਼ ਵਿੱਚ ਲੋਕਤੰਤਰ ਦਾ ਅਹਿਮ ਅੰਗ ਹਨ, ਇਸ ਲਈ ਹਰੇਕ ਵਿਦਿਆਰਥੀ ਨੂੰ ਮਜ਼ਬੂਤ ਲੋਕਤੰਤਰ ਲਈ ਇੱਕ ਚੰਗਾ ਨਾਗਰਿਕ ਹੋਣ ਦੇ ਨਾਲ-ਨਾਲ ਇੱਕ ਜਾਗਰੂਕ ਵੋਟਰ ਵੀ ਹੋਣਾ ਚਾਹੀਦਾ ਹੈ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਵੋਟਾਂ ਦੀ ਮਹੱਤਤਾ ਬਾਰੇ ਅਤੇ ਵੋਟ ਦੇ ਅਧਿਕਾਰੀ ਦੀ ਵਰਤੋਂ ਜ਼ਿੰਮੇਵਾਰੀ ਤੇ ਇਮਾਨਦਾਰੀ ਨਾਲ ਕਰਨ ਲਈ ਅਜਿਹੇ ਡਿਬੇਟ ਮੁਕਾਬਲੇ ਅਹਿਮ ਭੂਮਿਕਾ ਨਿਭਾਉਂਦੇ ਹਨ। ਡਿਪਟੀ ਕਮਿਸ਼ਨਰ ਨੇ ਕਾਲਜ ਵਰਗ 'ਚ ਪਹਿਲੇ ਸਥਾਨ 'ਤੇ ਰਹੇ ਸਰਕਾਰੀ ਮਹਿੰਦਰਾ ਕਾਲਜ ਦੇ ਅਲੀ ਹਸਨ ਨਕਵੀ ਅਤੇ ਡੋਰੀਅਸ, ਦੂਜੇ ਸਥਾਨ 'ਤੇ ਰਹੇ ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ ਦੇ ਪ੍ਰਥਮ ਕੁਮਾਰ ਤੇ ਅਵਪ੍ਰੀਤ ਕੌਰ ਸਮੇਤ ਸਕੂਲ ਵਰਗ 'ਚ ਪਹਿਲੇ ਸਥਾਨ 'ਤੇ ਰਹੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਦੇ ਸ਼ੋਭਾ ਸ਼ਰਮਾ ਤੇ ਡੌਲੀ ਸ਼ਰਮਾ, ਦੂਜੇ ਸਥਾਨ 'ਤੇ ਰਹੇ ਸਰਕਾਰੀ ਵਿਕਟੋਰੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸ ਤੇ ਸੀਮਾ ਦਾ ਸਰਟੀਫਿਕੇਟ ਦੇ ਕੇ ਸਨਮਾਨ ਕੀਤਾ। ਇਸ ਮੌਕੇ ਸਹਾਇਕ ਕਮਿਸ਼ਨਰ (ਜ) ਰਿਚਾ ਗੋਇਲ, ਪ੍ਰੋ. ਐਸ.ਐਸ. ਰੇਖੀ, ਮੋਹਿਤ ਕੌਸ਼ਲ ਤੇ ਚੋਣ ਤਹਿਸੀਲਦਾਰ ਵਿਜੇ ਕੁਮਾਰ ਵੀ ਮੌਜੂਦ ਸਨ।

## ਸੋਸ਼ਲ ਮੀਡੀਆ ਰਾਹੀਂ ਪਰਿਵਾਰ ਨੂੰ ਮਿਲੀ ਲਾਪਤਾ ਔਰਤ



ਲੜਕੀ ਨੂੰ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰਦੇ ਹੋਏ ਆਸ਼ਰਮ ਦੇ ਅਹੁਦੇਦਾਰ।

**ਸਮਾਣਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਡਾ. ਹਰੀ ਚੰਦ ਪਿੰਗਲਾ ਆਸ਼ਰਮ 'ਚ ਕਰੀਬ ਪਿਛਲੇ 8 ਸਾਲਾਂ ਤੋਂ ਰਹਿ ਰਹੀ ਇਕ ਮੰਦਬੁੱਧੀ ਔਰਤ (35) ਸੋਸ਼ਲ ਮੀਡੀਆ ਰਾਹੀਂ ਆਪਣੇ ਮਾਪਿਆਂ ਨੂੰ ਮਿਲ ਗਈ, ਜੋ ਉਸ ਨੂੰ ਆਪਣੇ ਨਾਲ ਲੈ ਗਏ। ਪਿੰਗਲਾ ਆਸ਼ਰਮ ਦੇ ਪ੍ਰਬੰਧਕ ਡਾ. ਸ਼ਾਮ ਲਾਲ ਨੇ ਦੱਸਿਆ ਕਿ 2017 'ਚ ਜਾਖਲ ਮੰਡੀ ਦੇ ਡੇਰਾ ਪ੍ਰੇਮੀ ਉਕਤ ਔਰਤ ਨੂੰ ਇੱਥੇ ਛੱਡ ਗਏ ਸਨ ਜਿਸ ਨੂੰ ਉਸ ਵੇਲੇ ਆਪਣੇ ਘਰ ਦਾ ਕੁਝ ਪਤਾ ਨਹੀਂ ਸੀ। ਬੀਤੇ ਦਿਨੀਂ ਸੰਗਰੂਰ ਦੇ ਕੁਝ ਡੇਰਾ ਪ੍ਰੇਮੀ ਇਥੇ ਪਿੰਗਲਾ ਆਸ਼ਰਮ 'ਚ ਕਿਸੇ ਕੰਮ ਲਈ ਆਏ ਸਨ ਤੇ ਇਥੇ ਉਨ੍ਹਾਂ ਨੂੰ ਇਹ ਲੜਕੀ ਕੰਮ ਕਰਦੀ ਮਿਲੀ। ਪੁੱਛੇ ਜਾਣ 'ਤੇ ਲੜਕੀ ਨੇ ਦੱਸਿਆ ਕਿ ਉਹ ਅੰਮ੍ਰਿਤਸਰ ਨੇੜਲੇ ਇਕ ਪਿੰਡ ਦੀ ਹੈ। ਉਨ੍ਹਾਂ ਡੇਰਾ ਪ੍ਰੇਮੀਆਂ ਨੇ ਔਰਤ ਦੀ ਤਸਵੀਰ ਉਥੋਂ ਦੇ ਡੇਰਾ ਪ੍ਰੇਮੀਆਂ ਨੂੰ ਭੇਜੀ ਅਤੇ ਉਨ੍ਹਾਂ ਸੋਸ਼ਲ ਮੀਡੀਆ 'ਤੇ ਪਾਈ ਤਾਂ ਲੜਕੀ ਦੇ ਮਾਪਿਆਂ ਨੇ ਉਸ ਨੂੰ ਪਛਾਣ ਲਿਆ। ਇਸ ਦੌਰਾਨ ਡਾ. ਸ਼ਾਮ ਲਾਲ ਨੇ ਦੱਸਿਆ ਕਿ ਉਨ੍ਹਾਂ ਨੇ ਰਾਸ਼ਨ ਕਾਰਡ ਅਤੇ ਹੋਰ ਦਸਤਾਵੇਜ਼ ਲੈ ਕੇ ਔਰਤ ਨੂੰ ਉਸ ਦੇ ਪਿਤਾ ਅਤੇ ਭਰਜਾਈ ਨੂੰ ਸੌਂਪ ਦਿੱਤਾ।

## ਜੌੜਾਮਾਜਰਾ ਵੱਲੋਂ ਵਿਕਾਸ ਕਾਰਜਾਂ ਦਾ ਜਾਇਜ਼ਾ; ਵਿਧਾਇਕ ਨੇ ਕੌਂਸਲਰਾਂ ਨਾਲ ਮੀਟਿੰਗ ਕੀਤੀ




**ਸਮਾਣਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਅਤੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਣ ਲਈ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਉਪ ਮੰਡਲ ਮਜਿਸਟ੍ਰੇਟ ਦੇ ਦਫਤਰ ਵਿੱਚ ਸਮੂਹ ਕੌਂਸਲਰਾਂ ਨਾਲ ਮੀਟਿੰਗ ਕੀਤੀ।

ਇਸ ਦੌਰਾਨ ਹਲਕਾ ਵਿਧਾਇਕ ਨੇ ਕੌਂਸਲਰਾਂ ਤੋਂ ਉਨ੍ਹਾਂ ਦੇ ਵਾਰਡਾਂ ਦੀਆਂ ਸਮੱਸਿਆਵਾਂ, ਹੋਣ ਵਾਲੇ ਵਿਕਾਸ ਕਾਰਜਾਂ ਤੇ ਪਿਛਲੇ ਸਮੇਂ ਦੌਰਾਨ ਕੀਤੇ ਕੰਮਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹਰੇਕ ਵਾਰਡ ਦੇ ਹੋਣ ਵਾਲੇ ਵਿਕਾਸ ਕਾਰਜ ਦੀ ਸੂਚੀ ਤਿਆਰ ਕਰਨ ਤਾਂ ਜੋ ਸਰਕਾਰ ਤੋਂ ਵਿਕਾਸ ਕਾਰਜਾਂ ਲਈ ਗਰਾਂਟ ਦੀ ਮੰਗ ਕੀਤੀ ਜਾ ਸਕੇ। ਉਨ੍ਹਾਂ ਕੌਂਸਲਰਾਂ ਨੂੰ ਕਿਹਾ ਕਿ ਸ਼ਹਿਰ ਵਿੱਚ ਟਰੈਫਿਕ ਸਮੱਸਿਆ ਦੇ ਹੱਲ ਕਰਨ ਦੇ ਨਾਲ-ਨਾਲ ਵਿਕਾਸ ਦੇ ਕੰਮ ਬਿਨਾਂ ਕਿਸੇ ਪੱਖਪਾਤ ਤੋਂ ਕਰਵਾਏ ਜਾਣ।

ਇਸ ਮੀਟਿੰਗ 'ਚ ਐੱਸਡੀਐੱਮ ਤਰਸੇਮ ਚੰਦ, ਕਾਰਜਸਾਧਕ ਅਫਸਰ ਬਰਜਿੰਦਰ ਸਿੰਘ, ਡੀਐੱਸਪੀ ਜੀ.ਐੱਸ ਸਿਕੰਦ ਤੋਂ ਇਲਾਵਾ ਕੌਂਸਲਰ ਹਾਜ਼ਰ ਸਨ।

## ਮਹਿੰਦਰਾ ਇਲੈਕਟ੍ਰਿਕ ਓਰੀਜਨ SUV 14 ਫਰਵਰੀ ਤੋਂ ਸਾਰੇ 9 ਵੇਰੀਐਂਟਸ ਲਈ ਬੁਕਿੰਗ ਸ਼ੁਰੂ ਕਰੇਗੀ



**ਲੁਧਿਆਣਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿੰਦਰਾ ਦੀ ਇਲੈਕਟ੍ਰਿਕ ਓਰਿਜਿਨ SUV ਨੇ ਵਿਸ਼ਵ-ਪ੍ਰਸਿੱਧ ਵਿਸ਼ੇਸ਼ਤਾਵਾਂ ਦੇ ਨਾਲ ਨਵੇਂ ਮਾਪਦੰਡ ਸਥਾਪਤ ਕੀਤੇ ਹਨ, ਜੋ ਇਸਨੂੰ #UnlimitIndia ਲਈ ਮਾਣ ਦਾ ਪਲ ਬਣਾਉਂਦੇ ਹਨ। ਵੱਖ-ਵੱਖ ਕੀਮਤ ਰੇਂਜਾਂ 'ਤੇ ਇਨ੍ਹਾਂ ਵਿਸ਼ਵ ਪੱਧਰੀ ਕਾਰਾਂ ਨੂੰ ਖਰੀਦਣ ਦੀ ਇੱਛਾ ਰੱਖਣ ਵਾਲੇ ਗਾਹਕਾਂ ਦੇ ਜ਼ਬਰਦਸਤ ਹੁੰਗਾਰੇ ਤੋਂ ਪ੍ਰੇਰਿਤ ਹੋ ਕੇ, ਮਹਿੰਦਰਾ 14 ਫਰਵਰੀ, 2025 ਨੂੰ ਸਵੇਰੇ 9 ਵਜੇ ਤੋਂ XEV 9e ਅਤੇ 25 6 ਦੇ ਸਾਰੇ ਪੈਕਾਂ ਲਈ ਬੁਕਿੰਗ ਖੋਲ੍ਹ ਰਿਹਾ ਹੈ। ਇਸਦਾ ਸਮਰਥਨ ਕਰਨ ਲਈ, ਇੱਕ ਢਾਂਚਾਗਤ ਉਤਪਾਦਨ ਰੈਂਪ-ਅੱਪ ਲਾਗੂ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਰੇਕ ਰੂਪ ਲਈ ਸਮਾਂ-ਸੀਮਾਵਾਂ ਸਾਂਝੀਆਂ ਕੀਤੀਆਂ ਜਾ ਰਹੀਆਂ ਹਨ।

# ਅਰੋਗ ਜੀਵਨ ਲਈ ਕਸਰਤ ਜ਼ਰੂਰੀ

ਹਰ ਰੋਜ਼ ਜਲਦੀ ਉੱਠ ਕੇ ਕਸਰਤ ਕਰਨ ਦੇ ਬਹੁਤ ਫ਼ਾਇਦੇ ਹਨ। ਕਈ ਵਾਰ ਅਸੀ ਅਣਗੌਲੀ ਕਰ ਲੈਂਦੇ ਹਾਂ, ਇਸ ਤਰ੍ਹਾਂ ਦੀ ਆਦਤ ਨੂੰ ਬਦਲਣਾ ਚਾਹੀਦਾ ਹੈ। ਜੇ ਤੁਸੀ ਰੋਜ਼ ਕਸਰਤ ਨਹੀਂ ਕਰ ਸਕਦੇ ਤਾਂ ਇਕ ਦਿਨ ਛੱਡ ਕੇ ਵੀ ਕਸਰਤ ਕਰ ਸਕਦੇ ਹੋ ਵੈਸੇ ਤਾਂ ਰੋਜ਼ ਕਰਨੀ ਚਾਹੀਦੀ ਹੈ ਪਰ ਨਾ ਕਰਨ ਨਾਲੋਂ ਇਕ ਦਿਨ ਛੱਡ ਕੇ ਕਸਰਤ ਜ਼ਰੂਰ ਕਰੋ। ਜਿਸ ਤਰ੍ਹਾਂ ਅਸੀ ਖਾਣਾ-ਪੀਣਾ ਨਹੀਂ ਛੱਡ ਸਕਦੇ ਉਸੇ ਤਰ੍ਹਾਂ ਸਾਨੂੰ ਕਸਰਤ ਵੀ ਨਹੀਂ ਛੱਡਣੀ ਚਾਹੀਦੀ। ਇਸ ਨਾਲ ਸਾਡਾ ਮੂਡ ਠੀਕ ਰਹਿੰਦਾ ਹੈ ਅਸੀਂ ਚੰਗੀ ਤਰ੍ਹਾਂ ਸੋਚ ਸਕਦੇ ਹਾਂ ਕੰਮ ਕਰਨ ਲਈ



ਸਾਨੂੰ ਜ਼ਿਆਦੀ ਤਾਕਤ ਮਿਲਦੀ ਹੈ ਅਤੇ ਇਸ ਦੇ ਨਾਲ-ਨਾਲ ਸਹੀ ਖ਼ੁਰਾਕ ਖਾਣ ਨਾਲ ਸਾਡਾ ਭਾਰ ਵੀ ਨਹੀਂ ਵਧਦਾ। ਯੋਗਾ ਕਰਨਾ, ਤੇਜ਼ ਤੁਰਨ, ਸਾਈਕਲ ਚਲਾਉਣ ਅਤੇ ਖੇਡਾਂ 'ਚ ਹਿੱਸਾ ਲੈਣ ਨਾਲ ਸਾਡੇ ਦਿਲ ਦੀ ਧੜਕਣ ਵਧਦੀ ਹੈ ਅਤੇ ਪਸੀਨਾ ਆਉਂਦਾ ਹੈ। ਇਸ ਤਰ੍ਹਾਂ ਕਰਨ ਨਾਲ ਸਰੀਰ ਦੀ ਤਾਕਤ ਵਧਦੀ ਹੈ ਅਤੇ ਦਿਲ ਦੇ ਦੌਰਾ ਦਾ ਖ਼ਤਰਾ ਘੱਟ ਹੁੰਦਾ ਹੈ। ਭਾਰ ਚੁੱਕਣ ਵਰਗੀ ਕਸਰਤ ਕਰਨ ਨਾਲ ਹੱਡੀਆਂ, ਮਾਸਪੇਸ਼ੀਆਂ ਤੇ ਲੱਤਾਂ-ਬਾਹਾਂ ਮਜ਼ਬੂਤ ਹੁੰਦੀਆਂ ਹਨ। ਇਸ ਨਾਲ ਸਾਡੀ ਪਾਚਨ-ਸ਼ਕਤੀ ਵਧਦੀ ਹੈ ਜੋ ਸਾਡੇ ਭਾਰ ਨੂੰ ਕੰਟਰੋਲ ਕਰਨ 'ਚ ਮਦਦ ਕਰਦੀ ਹੈ।

ਤੰਦਰੁਸਤ ਰਹਿਣ ਅਤੇ ਤਣਾਅ ਤੋਂ ਆਜ਼ਾਦ ਰਹਿਣ ਲਈ ਇਕ ਹਫ਼ਤੇ 'ਚ ਘੱਟ ਤੋਂ ਘੱਟ 150 ਮਿੰਟ ਹਲਕੀ ਕਸਰਤ ਜਾਂ ਸਿਹਤ ਲਾਭਾਂ ਲਈ 75 ਮਿੰਟ ਕਸਰਤ ਕਰਨ ਚਾਹੀਦੀ ਹੈ। ਕਸਰਤ ਹਰ ਉਮਰ ਦੇ ਵਿਅਕਤੀ ਲਈ ਫ਼ਾਇਦੇਮੰਦ ਹੈ ਅਤੇ ਜ਼ਰੂਰੀ ਨਹੀਂ ਕਿ ਇਹ ਸਿਰਫ਼ ਜਿਮ 'ਚ ਹੀ ਕੀਤੀ ਜਾ ਸਕੇ। ਕਾਰ, ਬੱਸ ਜਾਂ ਲਿਫਟ 'ਚ ਜਾਣ ਦੀ ਬਜਾਏ ਪੈਦਲ ਤੁਰਨਾ ਵੀ ਵਧੀਆ ਹੈ। ਇਸ ਨਾਲ ਸਰੀਰ ਨੂੰ ਪਸੀਨਾ ਆਉਂਦਾ ਹਾ ਜਿਸ ਨਾਲ ਸਰੀਰ ਦੇ ਸਾਰੇ ਅੰਗ ਖੁੱਲ੍ਹ ਜਾਂਦੇ ਹਨ। ਇਸ ਕਰਕੇ ਕਸਰਤ ਕਰਨਾ ਬਹੁਤ ਜ਼ਰੂਰੀ ਹੈ। •



# ਆਲੂ ਸਿਹਤ ਲਈ ਗੁਣਕਾਰੀ

**ਡਾ. ਹਰਿੰਦਰਪਾਲ ਸਿੰਘ**

ਆਲੂ ਨੂੰ ਸਬਜ਼ੀਆਂ ਦਾ ਬਾਦਸ਼ਾਹ ਕਿਹਾ ਜਾਂਦਾ ਹੈ ਜਿਵੇਂ ਕਿ ਕਹਾਵਤ ਵੀ ਹੈ ਕਿ ਆਲੂ ਅਤੇ ਪੰਜਾਬੀ ਹਰ ਜਗ੍ਹਾ ਪਾਏ ਜਾਂਦੇ ਹਨ। ਲਗਪਗ ਹਰ ਸਬਜ਼ੀ 'ਚ ਆਲੂ ਦੀ ਸ਼ਮੂਲੀਅਤ ਹੁੰਦੀ ਹੈ। ਆਲੂ ਵੀ ਕਈ ਹੋਰ ਸਬਜ਼ੀਆਂ ਵਾਂਗ ਅਫਰੀਕਾ ਤੋਂ ਭਾਰਤ 'ਚ ਆਇਆ। ਇਸ 'ਚ ਜ਼ਿਆਦਾ ਕਾਰਬੋਹਾਈਡ੍ਰੇਟਸ ਹੋਣ ਕਰਕੇ ਇਸਨੂੰ ਮੋਟਾਪਾ ਵਧਾਉਣ ਵਾਲਾ ਮੰਨਿਆ ਜਾਂਦਾ ਹੈ ਪਰ ਕੱਚਾ ਆਲੂ ਤੇ ਇਸਦਾ ਜੂਸ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੋਣ ਕਰਕੇ ਸਿਹਤ ਲਈ ਕਾਫ਼ੀ ਲਾਭਦਾਇਕ ਹੈ। ਅੱਧਾ ਕੱਪ ਆਲੂ ਦਾ ਜੂਸ ਲਗਪਗ 27ਫ਼ੀਸਦੀ ਦੇ ਕਰੀਬ ਰੋਜ਼ਾਨਾ ਪੋਟਾਸ਼ੀਅਮ ਦੀ ਜ਼ਰੂਰਤ ਪੂਰੀ ਕਰਦਾ ਹੈ। ਇਹ ਖਣਿਜ ਸਾਡੇ ਸਰੀਰ ਲਈ ਬਹੁਤ ਜ਼ਰੂਰੀ ਹੈ। ਇਹ ਗੁਰਦੇ ਦੀ ਸਫ਼ਾਈ ਕਰਨ ਦੇ ਨਾਲ -ਨਾਲ ਖ਼ੂਨ ਦੇ ਦਬਾਅ ਨੂੰ ਨਿਯਮਿਤ ਰੱਖਣ 'ਚ ਕਈ ਮਹੱਤਵਪੂਰਨ ਕਾਰਜ ਕਰਦਾ ਹੈ।

- ਅੱਧਾ ਕੱਪ ਆਲੂ ਜੂਸ ਲਗਪਗ ਸਾਡੀ ਰੋਜ਼ਾਨਾ ਜ਼ਰੂਰਤ ਦਾ 50ਫ਼ੀਸਦੀ ਵਿਟਾਮਿਨ- ਸੀ ਦਿੰਦਾ ਹੈ। ਇਹ ਵਿਟਾਮਿਨ ਸਾਡੇ ਲਈ ਬਹੁਤ ਜ਼ਰੂਰੀ ਹੈ। ਇਹ ਸਰੀਰ ਵਿਚਲੇ ਰੋਗ ਨਿਰੋਧਕ ਤੇ ਸ਼ਕਤੀ ਨੂੰ ਵਧਾਉਂਦਾ ਹੈ। ਜ਼ਰੂਰਤ ਦਾ 20 ਫ਼ੀਸਦੀ ਦੇ ਕਰੀਬ ਵਿਟਾਮਿਨ ਬੀ-1 ਅਤੇ ਬੀ-3 ਮਿਲਦੇ ਹਨ। ਜੋ ਕਿ ਸਾਡੇ ਨਾੜੀਤੰਤਰ ਅਤੇ ਚਮੜੀ ਲਈ ਜ਼ਰੂਰੀ ਹਨ ਅਤੇ ਸਮੇਂ ਤੋਂ ਪਹਿਲਾਂ ਆਉਣ ਵਾਲੇ ਬੁਢਾਪੇ ਨੂੰ ਦੂਰ ਰੱਖਦੇ ਹਨ। ਤਲ਼ ਕੇ ਖਾਣਾ ਆਲੂ ਹੀ ਮੋਟਾਪੇ ਦਾ ਕਾਰਨ ਬਣਦਾ ਹੈ। ਜੇ ਇਸਨੂੰ ਕੱਚਾ ਖਾਦਾ ਜਾਵੇ ਤਾਂ ਇਹ ਅਨੇਕਾਂ ਬਿਮਾਰੀਆਂ ਲਈ ਰਾਮਬਾਣ ਹੋ ਸਕਦਾ ਹੈ। ਆਓ ਜਾਣਦੇ ਹਾਂ ਆਲੂ ਦੇ ਗੁਣ। ਪਾਚਨ ਤੰਤਰ ਦੇ ਵਿਗਾੜ, ਪੇਟ ਦੇ ਰੋਗਾਂ ਅਤੇ ਦਿਲ ਦੀ ਜਲਣ ਨੂੰ ਠੀਕ ਕਰਨ ਲਈ ਆਲੂ ਦੇ ਜੂਸ ਦਾ ਇਸਤੇਮਾਲ ਕਰਨਾ ਚਾਹੀਦਾ ਹੈ। ਮਿਹਦੇ ਦੇ ਰੋਗਾਂ 'ਚ ਦੋ ਤਿਹਾਈ ਲੋਕਾਂ ਨੂੰ ਆਲੂ ਦਾ ਜੂਸ ਲੈਣ ਨਾਲ ਕਾਫ਼ੀ ਲਾਭ ਹੋਇਆ। ਜੂਸ ਮਿਹਦੇ ਦੀ ਜਲਣ ਅਤੇ ਤੇਜ਼ਾਬ ਬਣਨ ਤੋਂ ਰੋਕਦਾ ਹੈ।
- **ਪੈਪਟਿਕ ਅਲਸਰ** - ਇਸਨੂੰ ਮਿਹਦੇ ਦੇ ਛਾਲੇ ਵੀ ਕਹਿੰਦੇ ਹਨ। ਇਸ 'ਚ ਜ਼ਿਆਦਾ ਤੇਜ਼ਾਬ ਬਣਨ ਕਾਰਨ ਮਿਹਦੇ ਦੀ ਝਿੱਲੀ ਖ਼ਰਾਬ ਹੋ ਜਾਂਦੀ ਹੈ ਅਤੇ ਮਿਹਦੇ 'ਚ ਪੱਕੇ ਤੌਰ 'ਤੇ ਜ਼ਖਮ ਹੋ ਜਾਂਦੇ ਹਨ। ਆਲੂ ਦਾ ਜੂਸ ਮਿਹਦੇ ਦੇ ਅਲਸਰ ਨੂੰ ਠੀਕ ਕਰਨ ਦੇ ਸਮਰੱਥ ਹੈ ਜੋ ਕਿ ਅਲਸਰ ਪੈਦਾ ਕਰਨ ਵਾਲੇ ਬੈਕਟੀਰੀਆ ਨੂੰ ਖ਼ਤਮ ਕਰ ਦਿੰਦਾ ਹੈ।
- **ਕੈਂਸਰ-** ਆਲੂ 'ਚ ਮੌਜੂਦ ਪੈਟਾਟਿਨ ਨਾਮੀਂ ਤੱਤ ਚੂਹਿਆਂ 'ਚ ਮੌਜੂਦ ਮੈਲਾਨੋਮਾ ਕਿਸਮ ਦੇ ਕੈਂਸਰ ਨੂੰ ਰੋਕਣ 'ਚ ਸਹਾਈ ਹੁੰਦਾ ਹੈ ਭਾਵੇਂ ਕਿ ਇਹ ਹਰ ਤਰ੍ਹਾਂ ਦੇ ਕੈਂਸਰ ਦਾ ਇਲਾਜ ਨਹੀਂ ਹੈ।
- **ਕੋਲੈਸਟਰੋਲ** -ਆਲੂ ਜੂਸ ਕੋਲੈਸਟਰੋਲ ਵਿਚਲੇ ਟਰਾਈ ਗਲਿਸਰਾਈਡ ਨੂੰ ਨਿਯਮਿਤ ਕਰਦਾ ਹੈ। ਇਸ 'ਚ ਐਂਟੀ ਆਕਸੀਡੈਂਟ ਗੁਣ ਪਾਏ ਜਾਂਦੇ ਹਨ।
- **ਜੋੜਾਂ ਦਾ ਦਰਦ-** ਜੋੜਾਂ ਦੇ ਦਰਦ ਵਾਲੇ ਮਰੀਜ਼ ਨੂੰ ਹਰ ਵਾਰ ਖਾਣਾ-ਖਾਣ ਤੋਂ ਪਹਿਲਾਂ ਦੋ ਚਮਚ ਆਲੂ ਦਾ ਜੂਸ ਲੈਣ ਨਾਲ ਕਾਫ਼ੀ ਫ਼ਾਇਦਾ ਹੁੰਦਾ ਹੈ। ਇਸ ਤੋਂ ਇਲਾਵਾ ਆਲੂ ਦੇ ਮੋਟੇ ਛਿਲਕੇ 4-5 ਮਿੰਟ ਪਾਣੀ 'ਚ ਉਬਾਲ ਲਓ ਅਤੇ ਫਿਰ ਠੰਢਾ ਹੋਣ 'ਤੇ ਇਸਨੂੰ ਪੀਓ ਇਸ ਤਰ੍ਹਾਂ ਦਿਨ 'ਚ ਚਾਰ ਵਾਰ ਲੈਣ ਨਾਲ ਲਾਭ ਹੁੰਦਾ ਹੈ। ਇਸ ਤਰ੍ਹਾਂ ਤਿਆਰ ਆਲੂ ਦਾ ਜੂਸ ਜਿਗਰ ਅਤੇ ਪਿੱਤੇ ਦੀ ਸਫ਼ਾਈ ਕਰਦਾ ਹੈ। ਲਿਵਰ ਦੀ ਕਿਰਿਆ ਨੂੰ ਸੁਚਾਰੂ ਢੰਗ ਨਾਲ ਚੱਲਣ 'ਚ ਸਹਾਈ ਹੁੰਦਾ ਹੈ। ਆਲੂ ਦਾ ਛਿਲਕਾ ਆਲੂ ਦੇ ਗੁੱਦੇ ਨਾਲੋਂ ਕਈ ਗੁਣਾਂ ਜ਼ਿਆਦਾ ਫ਼ਾਇਦੇਮੰਦ ਹੁੰਦਾ ਹੈ। ਆਲੂ ਬੇਸ਼ੱਕ ਸੁੱਟ ਦਿਓ ਪਰ ਛਿਲਕਾ ਜ਼ਰੂਰ ਖਾਓ ਕਿਉਂਕਿ ਆਲੂ ਦੇ ਛਿਲਕੇ ਹੇਠ ਹੀ ਪੋਟਾਸ਼ੀਅਮ ਦੇ ਤਹਿ ਹੁੰਦੀ ਹੈ।
- **ਚਮੜੀ ਦੀ ਦੇਖਭਾਲ-** ਆਲੂ ਨੂੰ ਪੀਸ ਕੇ ਚਿਹਰੇ 'ਤੇ ਕੁੱਝ ਸਮਾਂ ਲੱਗਾ ਰਹਿਣ ਦਿਓ। ਆਲੂ 'ਚ ਮੌਜੂਦ ਪੌਸ਼ਟਿਕ ਤੱਤ ਚਮੜੀ ਨੂੰ ਕੋਮਲਤਾ ਅਤੇ ਕੁਦਰਤੀ ਚਮਕ ਪ੍ਰਦਾਨ ਕਰਦੇ ਹਨ। ਚਮੜੀ ਸੁੰਦਰ ਅਤੇ ਜਵਾਨ ਬਣੀ ਰਹਿੰਦੀ ਹੈ। ਧਿਆਨ ਰਹੇ ਹਰੇ ਰੰਗ ਵਾਲੇ ਆਲੂ ਦਾ ਇਸਤੇਮਾਲ ਨਾ ਕਰੋ। •



## ਚੰਗੀ ਸਿਹਤ ਲਈ ਕਰੋ ਇਨ੍ਹਾਂ ਚੀਜ਼ਾਂ ਦਾ ਸੇਵਨ

- **ਬੇਰਾਂ ਦਾ ਸੇਵਨ** - ਐਂਟੀਆਕਸਾਈਡ ਤੇ ਵਿਟਾਮਿਨ ਸੀ ਆਦਿ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੁੰਦੇ ਹਨ। ਜੋ ਕੈਂਸਰ ਦੇ ਖਤਰਨਾਕ ਵਿਸ਼ਾਣੂ ਤੋਂ ਬਚਾਉਂਦੇ ਹਨ। ਸਿਹਤ ਦੇ ਨਾਲ-ਨਾਲ ਇਹ ਸਕਿੱਨ ਦੀ ਸਮਸਿਆਵਾਂ ਨੂੰ ਵੀ ਦੂਰ ਕਰਦੇ ਹਨ ਤੇ ਇਸਦੇ ਸੇਵਨ ਨਾਲ ਝੁਰੜੀਆਂ ਦੂਰ ਹੋ ਜਾਂਦੀਆਂ ਹਨ।
- **ਅਲਸੀ ਦੇ ਬੀਜ** - ਅਲਸੀ 'ਚ ਓਮੈਗਾ3 ਫੈਟੀ ਐਸਿਡ ਤੋਂ ਇਲਾਵਾ ਵਿਟਾਮਿਨ ਤੇ ਮਿਨਰਲਸ ਹੁੰਦੇ ਹਨ। ਰੋਜ਼ਾਨਾਂ ਅਲਸੀ ਦੇ ਤੇਲ ਦਾ 1 ਚਮਚ ਜਾਂ ਫਿਰ ਇਸ ਦੇ ਬੀਜ ਆਪਣੀ ਡਾਈਟ 'ਚ ਸ਼ਾਮਿਲ ਕਰਨ ਨਾਲ ਹਾਰਮੋਨਸ ਬਰਾਬਰ ਰਹਿੰਦੇ ਹਨ। ਇਸ ਦੇ ਨਾਲ ਕਮਜ਼ੋਰੀ ਦੂਰ ਹੋ ਜਾਂਦੀ ਹੈ।
- **ਅਖਰੋਟ** - ਡਰਾਈ ਫ੍ਰੂਟ 'ਚੋਂ ਅਖਰੋਟ ਨੂੰ ਸਭ ਤੋਂ ਵਧੀਆ ਮੰਨਿਆ ਜਾਂਦਾ ਹੈ। ਗਰਮੀ ਦੇ ਮੌਸਮ 'ਚ ਰੋਜ਼ ਰਾਤ ਨੂੰ ਇਕ ਅਖਰੋਟ ਡੋਬ ਕੇ ਸੇਵਨ ਕਰਨ ਨਾਲ ਬਹੁਤ ਫ਼ਾਇਦੇ ਮਿਲਦੇ ਹਨ। ਇਹ ਕੈਂਸਰ ਵਰਗੀਆਂ ਖਤਰਨਾਕ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ ਦਿੰਦੇ ਹਨ।
- **ਪਪੀਤਾ** - ਪਪੀਤਾ ਖਾਣ 'ਚ ਜਿੰਨਾ ਵਧੀਆ ਹੁੰਦਾ ਹੈ ਉਨ੍ਹਾਂ ਹੀ ਸਿਹਤ ਲਈ ਵੀ ਲਾਭਕਾਰੀ ਹੁੰਦਾ ਹੈ। ਵਿਟਾਮਿਨ ਏ, ਵਿਟਾਮਿਨ ਈ ਤੋਂ ਇਲਾਵਾ ਇਸ 'ਚ ਹੋਰ ਵੀ ਬਹੁਤ ਜ਼ਰੂਰੀ ਤੱਤ ਸ਼ਾਮਿਲ ਹੁੰਦੇ ਹਨ ਜਿੰਨਾਂ ਨਾਲ ਕੈਂਸਰ ਵਰਗੀਆਂ ਬਿਮਾਰੀਆਂ 'ਚ ਮਦਦਗਾਰ ਸਾਬਿਤ ਹੁੰਦਾ ਹੈ।
- **ਚੌਂਕਲੇਟ** - ਨਰਵਸ ਸਿਸਟਮ ਨੂੰ ਸਹੀ ਰੱਖਣ, ਦਿਲ ਦੇ ਰੋਗ ਤੋਂ ਰਾਹਤ ਪਾਉਣ ਲਈ ਡਾਰਕ ਚੌਕਲੇਟ ਬਹੁਤ ਵਧੀਆ ਹੈ ਪਰ ਇਸ ਦਾ ਸੇਵਨ ਜ਼ਰੂਰਤ ਤੋਂ ਜ਼ਿਆਦਾ ਕਰਨ ਹਾਨੀਕਾਰਕ ਹੋ ਸਕਦਾ ਹੈ। •



**ਸਤਨਾਮ ਸਿੰਘ ਮੱਟੂ**



# ਖਣਿਜਾਂ ਨਾਲ ਭਰਪੂਰ ਗੁੜ

ਭਾਰਤੀ ਲੋਕ ਸਦੀਆਂ ਤੋਂ ਖਾਣ ਲਈ ਗੁੜ ਦੀ ਵਰਤੋਂ ਮਿੱਠੇ ਵਜੋਂ ਕਰਦੇ ਹਨ। ਇਹ ਇਨਸਾਨ ਨੂੰ ਕੁਦਰਤ ਤੋਂ ਮਿਲੀ ਗੁਣਾਂ ਅਤੇ ਸਰੀਰ ਲਈ ਲੋੜੀਂਦੇ ਤੱਤਾਂ ਨਾਲ ਭਰਪੂਰ ਇਕ ਅਮਾਨਤ ਹੈ। ਗੁੜ ਭਾਰਤੀ ਸੱਭਿਆਚਾਰ 'ਚ ਖ਼ੁਸ਼ੀ ਅਤੇ ਸ਼ਗਨ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਅੱਜ ਵੀ ਭਾਰਤੀ ਸ਼ਗਨ ਦੇ ਤੌਰ 'ਤੇ ਗੁੜ ਦੀ ਭੇਲੀ ਦਾ ਅਦਾਨ-ਪ੍ਰਦਾਨ ਕਰਦੇ ਹਨ। ਪੁਰਾਣੇ ਜ਼ਮਾਨੇ 'ਚ ਖ਼ੁਸ਼ੀ ਮੌਕੇ ਗੁੜ ਨਾਲ ਮੂੰਹ ਮਿੱਠਾ ਕਰਵਾਇਆ ਜਾਂਦਾ ਸੀ। ਮੁੰਡਾ ਜੰਮਣ ਅਤੇ ਵਿਆਹ ਦੀ ਗੰਢ ਭੇਜਣ ਸਮੇਂ ਗੁੜ ਸ਼ਗਨ ਵਜੋਂ ਭੇਜਿਆ ਜਾਂਦਾ ਸੀ ਪਰ ਸਮੇਂ 'ਚ ਤਬਦੀਲੀ ਆਉਣ ਕਰਕੇ ਇਸਦੀ ਥਾਂ ਰਸਾਇਣ ਭਰਪੂਰ ਚੀਨੀ ਤੋਂ ਬਣੇ ਖਾਧ ਪਦਾਰਥਾਂ ਨੇ ਲੈ ਲਈ ਹੈ। ਇਸ ਨੂੰ ਖਾਣ ਨਾਲ ਸਰੀਰ ਨੂੰ ਕਈ ਪੌਸ਼ਟਿਕ ਤੱਤ ਮਿਲਦੇ ਹਨ। ਗੁੜ ਹਮੇਸ਼ਾ ਤਾਜ਼ੇ ਗੰਨੇ ਦੇ ਰਸ ਤੋਂ ਬਣਾਇਆ ਜਾਂਦਾ ਹੈ। ਗੁੜ ਦਾ ਰੰਗ ਅਕਸਰ ਗਹਿਰਾ ਸੁਨਹਿਰੀ ਭੂਰਾ ਹੁੰਦਾ ਹੈ। ਗੁੜ ਨੂੰ ਖਾਣੇ ਦੇ ਸੁਆਦ ਲਈ ਹੀ ਨਹੀਂ ਵਰਤਿਆ ਜਾਂਦਾ ਸਗੋਂ ਸਿਹਤ ਸਬੰਧੀ ਕਈ ਪਰੇਸ਼ਾਨੀਆਂ ਦੂਰ ਕਰਨ ਲਈ ਵੀ ਵਰਤਿਆ ਜਾਂਦਾ ਹੈ। ਗੁੜ 'ਚ ਮਿਨਰਲ ਅਤੇ ਵਿਟਾਮਿਨਜ਼ ਦੀ ਮਾਤਰਾ ਬਹੁਤ ਜ਼ਿਆਦਾ ਹੁੰਦੀ ਹੈ। ਇਸ 'ਚ ਮੈਗਨੀਸ਼ੀਅਮ, ਕੈਲਸ਼ੀਅਮ, ਸੋਡੀਅਮ ਅਤੇ ਪੋਟਾਸ਼ੀਅਮ ਤੇ ਕਾਪਰ ਵੀ ਹੁੰਦੇ ਹਨ। ਇਸ ਤੋਂ ਇਲਾਵਾ ਇਸ 'ਚ ਵਿਟਾਮਿਨ-ਬੀ, ਗੁਲੂਕੋਜ਼, ਫਰੋਕਟੋਜ਼ ਅਤੇ ਨਿਆਸਿਨ ਵੀ ਹੁੰਦੀ ਹੈ। ਗੁੜ ਦੀ ਗੱਚਕ, ਰਿਉੜੀਆਂ, ਗੁੜ ਦੀ ਚਾਹ, ਦੁੱਧ 'ਚ ਗੁੜ ਪਾ ਕੇ ਪੀਣਾ, ਸ਼ੱਕਰ ਦੀ ਚੂਰੀ, ਗੁੜ ਜਾਂ ਸ਼ੱਕਰ ਦਾ ਸ਼ਰਬਤ ਸਿਹਤ ਲਈ ਬਹੁਤ ਲਾਭਕਾਰੀ ਹੈ।

- ਚਿਹਰੇ ਅਤੇ ਵਾਲਾਂ ਦੀ ਖ਼ੂਬਸੂਰਤੀ ਲਈ ਗੁੜ ਅਤੇ ਸ਼ੱਕਰ ਨੂੰ ਬਹੁਤ ਫ਼ਾਇਦੇਮੰਦ ਮੰਨਿਆ ਗਿਆ ਹੈ। ਖ਼ੂਬਸੂਰਤ, ਗਲੋਇੰਗ ਅਤੇ ਸਾਫ਼ ਸਕਿੱਨ ਹਰ ਲੜਕੀ ਦੀ ਚਾਹਤ ਹੁੰਦੀ ਹੈ ਇਸ ਲਈ ਉਹ ਕਈ ਬਿਊਟੀ ਪ੍ਰਾਡਕਟਸ ਅਤੇ ਟਰੀਟਮੈਂਟ ਕਰਵਾਉਂਦੀਆਂ ਹਨ ਪਰ ਇਨ੍ਹਾਂ ਦਾ ਅਸਰ ਜ਼ਿਆਦਾ ਦੇਰ ਨਹੀਂ ਰਹਿੰਦਾ। ਕਈ ਵਾਰ ਕੈਮੀਕਲ ਯੁਕਤ ਕਰੀਮਾਂ ਦੀ ਵਰਤੋਂ ਨਾਲ ਚਮੜੀ ਠੀਕ ਹੋਣ ਦੀ ਬਜਾਏ ਹੋਰ ਵੀ ਜ਼ਿਆਦਾ ਖ਼ਰਾਬ ਹੋ ਜਾਂਦੀ ਹੈ। ਅਜਿਹੇ 'ਚ ਗੁੜ ਅਤੇ ਸ਼ੱਕਰ ਦੇ ਸ਼ਰਬਤ ਨਾਲ ਰਾਹਤ ਮਿਲਦੀ ਹੈ। ਅੱਜ ਅਸੀਂ ਤੁਹਾਨੂੰ ਫੇਸ ਪੈਕ ਅਤੇ ਹੇਅਰ ਮਾਸਕ ਦੇ ਬਾਰੇ ਦੱਸਣ ਜਾ ਰਹੇ ਇਨ੍ਹਾਂ ਦੀ ਵਰਤੋਂ ਕਰ ਕੇ ਤੁਸੀਂ ਖ਼ੂਬਸੂਰਤ ਸਕਿੱਨ ਅਤੇ ਕੋਮਲ ਵਾਲ਼ ਪਾ ਸਕਦੀ ਹੋ।



- ਗੁੜ 'ਚ ਮੌਜੂਦ ਗਲਾਈਕੋਲਿਕ ਐਸਿਡ ਚਮੜੀ 'ਚ ਨਿਖ਼ਾਰ ਲਿਆਉਣ ਦਾ ਕੰਮ ਕਰਦਾ ਹੈ। ਹਫ਼ਤੇ 'ਚ 2 ਵਾਰ ਇਸ ਦਾ ਪੈਕ ਲਗਾਉਣ ਨਾਲ ਚਿਹਰਾ ਚਮਕਦਾਰ ਹੋ ਜਾਂਦਾ ਹੈ। 2 ਚਮਚ ਗੁੜ 'ਚ 2 ਚਮਚ ਸ਼ਹਿਦ ਅਤੇ ਅੱਧਾ ਚਮਚ ਨਿੰਬੂ ਦਾ ਰਸ ਮਿਲਾ ਕੇ ਚੰਗੀ ਤਰ੍ਹਾਂ ਨਾਲ ਮਿਲਾਓ। ਇਸ ਨੂੰ ਚਿਹਰੇ ਅਤੇ ਗਰਦਨ 'ਤੇ 5 ਤੋਂ 10 ਮਿੰਟ ਤਕ ਲਗਾਉਣ ਦੇ ਬਾਅਦ ਕੋਸੇ ਪਾਣੀ ਨਾਲ ਧੋ ਲਓ।
- ਚਿਹਰੇ ਦੇ ਦਾਗ਼- ਧੱਬਿਆਂ ਨੂੰ ਹਟਾਉਣ ਲਈ ਗੁੜ ਰਾਮਬਾਣ ਹੈ। ਇਸ ਲਈ 1 ਚਮਚ ਗੁੜ ਪਾਊਡਰ 'ਚ 1 ਚਮਚ ਟਮਾਟਰ ਦਾ ਰਸ, ਅੱਧਾ ਚਮਚ ਨਿੰਬੂ ਦਾ ਰਸ, 2 ਚੁਟਕੀ ਹਲਦੀ ਅਤੇ ਗਰੀਨ ਟੀ ਮਿਲਾ ਕੇ ਇਕ ਪੇਸਟ ਬਣਾਓ। ਇਸ ਪੇਸਟ ਨੂੰ 10-15 ਮਿੰਟ ਤਕ ਚਿਹਰੇ ਅਤੇ ਗਰਦਨ 'ਤੇ ਲਗਾਓ। ਹਫ਼ਤੇ 'ਚ 3 ਵਾਰ ਲਗਾਉਣ ਨਾਲ ਤੁਹਾਨੂੰ ਫ਼ਰਕ ਦਿਖਾਈ ਦੇਣ ਲੱਗ ਪਵੇਗਾ।
- ਝੜਦੇ ਵਾਲ਼ਾਂ ਦੀ ਸਮੱਸਿਆ ਤੋਂ ਰਾਹਤ ਪਾਉਣ ਲਈ ਗੁੜ ਦੀ ਪੇਸਟ ਬਣਾ ਕੇ ਲਗਾਓ। ਇਸ ਦੀ ਪੇਸਟ ਬਣਾਉਣ ਲਈ 1 ਛੋਟਾ ਜਿਹਾ ਚਮਚ ਗੁੜ ਪਾਊਡਰ, 2 ਛੋਟੇ ਚਮਚ ਮੁਲਤਾਨੀ ਮਿੱਟੀ ਅਤੇ ਪਾਣੀ ਮਿਲਾਓ। 10 ਮਿੰਟ ਲਈ ਇਸ ਨੂੰ ਲਗਾਉਣ ਦੇ ਬਾਅਦ ਵਾਲ਼ਾਂ ਨੂੰ ਕੋਸੇ ਪਾਣੀ ਅਤੇ ਸ਼ੈਂਪੂ ਨਾਲ ਧੋ ਲਓ। ਗੁੜ ਦੀ ਪੇਸਟ ਲਗਾਉਣ ਨਾਲ ਤੁਸੀਂ ਲੰਬੇ ਸਮੇਂ ਤਕ ਜਵਾਨ ਦਿਖਾਈ ਦੇ ਸਕਦੇ ਹੋ। 1 ਛੋਟਾ ਚਮਚ ਅੰਗੂਰ ਦਾ ਗੁੱਦਾ, 1 ਛੋਟਾ ਚਮਚ ਠੰਢੀ ਬਲੈਕ ਟੀ, 1 ਛੋਟਾ ਚਮਚ ਹਲਦੀ, 1-4 ਛੋਟਾ ਚਮਚ ਗੁਲਾਬ ਜਲ ਮਿਲਾ ਕੇ ਪੇਸਟ ਬਣਾਓ। ਇਸ ਪੇਸਟ ਨੂੰ ਚਿਹਰੇ 'ਤੇ ਲਗਾਓ ਅਤੇ 15 ਮਿੰਟ ਬਾਅਦ ਕੋਸੇ ਪਾਣੀ ਨਾਲ ਧੋ ਲਓ ਪਰ ਇਸਦੀ ਸ਼ੁੱਧਤਾ ਵੱਲ ਖ਼ਾਸ ਧਿਆਨ ਦੇਣ ਦੀ ਲੋੜ ਹੈ ਕਿਉਂਕਿ ਬਜ਼ਾਰਾਂ 'ਚ ਵਿਕਦਾ ਗੁੜ ਰਸਾਇਣਕ ਪਦਾਰਥਾਂ ਦੀ ਮਦਦ ਨਾਲ ਬਣਾਇਆ ਹੁੰਦਾ ਹੈ। ਉਂਝ ਘਰ 'ਚ ਚੀਨੀ ਦੀ ਥਾਂ ਗੁੜ ਦੀ ਵਰਤੋਂ ਜ਼ਿਆਦਾ ਕਰਨ ਨਾਲ ਸਰੀਰ ਨੂੰ ਬਲੱਡ ਪ੍ਰੈਸ਼ਰ, ਸ਼ੂਗਰ, ਦਿਲ ਦਾ ਦੌਰਾ, ਚਮੜੀ ਰੋਗ, ਪੇਟ ਦੀਆਂ ਬਿਮਾਰੀਆਂ ਆਦਿ ਸਮੇਤ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਾਅ ਜਾ ਸਕਦਾ ਹੈ। ਖਾਣੇ ਤੋਂ ਬਾਅਦ ਗੁੜ ਖਾਣਾ ਸਿਹਤ ਲਈ ਗੁਣਕਾਰੀ ਹੈ।
- ਪਾਚਨ ਕਿਰਿਆ ਨੂੰ ਸਹੀ ਰੱਖੇ- ਗੁੜ ਸਰੀਰ ਦਾ ਖ਼ੂਨ ਸਾਫ਼ ਕਰਦਾ ਹੈ ਅਤੇ ਮੈਟਾਬੋਲੀਜ਼ਮ ਠੀਕ ਕਰਦਾ ਹੈ। ਰੋਜ਼ ਇਕ ਗਲਾਸ ਪਾਣੀ ਜਾਂ ਦੁੱਧ ਦੇ ਨਾਲ ਗੁੜ ਦੀ ਵਰਤੋਂ ਨਾਲ ਪੇਟ ਨੂੰ ਠੰਢਕ ਮਿਲਦੀ ਹੈ। ਭੋਜਨ ਤੋਂ ਬਾਅਦ ਗੁੜ ਖਾ ਲੈਣ ਨਾਲ ਪੇਟ 'ਚ ਗੈਸ ਨਹੀਂ ਬਣਦੀ।
- ਗੁੜ ਬਲੱਡ ਖ਼ਰਾਬ ਟਾਕਸਿਨ ਦੂਰ ਕਰਦਾ ਹੈ। ਇਸ ਨਾਲ ਚਮੜੀ ਚਮਕਦੀ ਹੈ ਅਤੇ ਮੁਹਾਸੇ ਦੀ ਸਮੱਸਿਆ ਨਹੀਂ ਹੁੰਦੀ ਹੈ।
- ਜ਼ੁਕਾਮ ਜੰਮ ਗਿਆ ਹੋਵੇ ਤਾਂ ਗੁੜ ਪਿਘਲਾ ਕੇ ਉਸ ਦੀ ਪਾਪੜੀ ਬਣਾ ਕੇ ਖਾਓ।
- ਗੁੜ ਅਤੇ ਕਾਲੇ ਤਿਲ ਦੇ ਲੱਡੂ ਖਾਣ ਨਾਲ ਸਰਦੀ 'ਚ ਅਸਥਮਾ ਦੀ ਪਰੇਸ਼ਾਨੀ ਨਹੀਂ ਹੁੰਦੀ ਹੈ।
- ਗਰਮ ਦੁੱਧ 'ਚ ਗੁੜ ਪਾ ਕੇ ਪੀਣਾ ਸਿਹਤ ਲਈ ਬਹੁਤ ਲਾਭਕਾਰੀ ਹੈ।
- ਗਰਮ ਦੁੱਧ ਦੇ ਨਾਲ ਗੁੜ ਖਾਣ ਨਾਲ ਭਾਰ ਕੰਟਰੋਲ 'ਚ ਰਹਿੰਦਾ ਹੈ। ਖੰਡ ਦੇ ਕਾਰਨ ਮੋਟਾਪਾ ਵਧਦਾ ਹੈ। ਅਜਿਹੇ 'ਚ ਦੁੱਧ 'ਚ ਖੰਡ ਨਾ ਪਾਓ। ਗੁੜ੍ਹ 'ਚ ਅਜਿਹੇ ਤੱਤ ਹੁੰਦੇ ਹਨ ਜੋ ਸਰੀਰ 'ਚ ਮੌਜੂਦ ਅਸ਼ੁੱਧੀਆਂ ਨੂੰ ਸਾਫ਼ ਕਰਦੇ ਹਨ। ਰੋਜ਼ ਗਰਮ ਦੁੱਧ ਅਤੇ ਗੁੜ ਦੀ ਵਰਤੋਂ ਕਰਨ ਨਾਲ ਸਰੀਰ ਦੀਆਂ ਅਸ਼ੁੱਧੀਆਂ ਬਾਹਰ ਨਿਕਲਣ ਦੇ ਕਾਰਨ ਸਰੀਰ ਨਿਰੋਗ ਹੋ ਜਾਂਦਾ ਹੈ। ਪਾਚਨ ਸੰਬੰਧੀ ਕੋਈ ਸਮੱਸਿਆ ਹੋਵੇ ਤਾਂ ਗਰਮ-ਗਰਮ ਦੁੱਧ ਅਤੇ ਗੁੜ ਦੀ ਵਰਤੋਂ ਕਰੋ। ਪੇਟ ਸੰਬੰਧੀ ਸਮੱਸਿਆ ਤੋਂ ਛੁਟਕਾਰਾ ਮਿਲ ਜਾਂਦਾ ਹੈ।
- ਗਰਮ ਦੁੱਧ ਅਤੇ ਗੁੜ ਦੀ ਵਰਤੋਂ ਕਰਨ ਨਾਲ ਚਮੜੀ ਮੁਲਾਇਮ ਹੋ ਜਾਂਦੀ ਹੈ। ਚਮੜੀ ਸੰਬੰਧੀ ਕੋਈ ਵੀ ਬਿਮਾਰੀ ਹੋਵੇ ਤਾਂ ਇਸ ਨਾਲ ਦੂਰ ਹੋ ਜਾਂਦੀ ਹੈ। ਇਸ ਦੇ ਇਸਤੇਮਾਲ ਨਾਲ ਵਾਲ਼ ਮਜ਼ਬੂਤ ਅਤੇ ਚਮਕਦਾਰ ਬਣਦੇ ਹਨ।
- ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਗੁੜ ਖਾਣ ਦਾ ਹਰ ਕੋਈ ਸ਼ੌਕਿਨ ਹੁੰਦਾ ਹੈ। ਕੋਈ ਖ਼ੁਸ਼ੀ ਦਾ ਮੌਕਾ ਜਾਂ ਖਾਣੀ ਖਾਣ ਤੋਂ ਬਾਅਦ ਮੂੰਹ ਮਿੱਠਾ ਕੀਤਾ ਜਾਂਦਾ ਹੈ। ਇਕ ਗੱਲ ਦਾ ਖ਼ਾਸ ਧਿਆਨ ਰੱਖੋ ਕਿ ਸ਼ੁੱਧ ਗੁੜ ਦਾ ਹੀ ਸੇਵਨ ਕੀਤਾ ਜਾਵੇ। •

9779708257

**ਖ਼ੂਨ ਨੂੰ ਸ਼ੁੱਧ ਕਰਨ ਲਈ ਫਾਇਬਰ ਵਾਲੇ ਭੋਜਨ ਦਾ ਸੇਵਨ ਕਰਨਾ ਚਾਹੀਦਾ ਹੈ। ਇਸ ਨਾਲ ਪਾਚਨ ਸ਼ਕਤੀ ਠੀਕ ਰਹਿੰਦੀ ਹੈ ਤੇ ਖ਼ੂਨ ਵੀ ਸਹੀ ਰਹਿੰਦਾ ਹੈ।**

# ਸੰਘਣੇ ਖ਼ੂਨ ਨੂੰ ਪਤਲਾ ਕਰਨ ਲਈ ਕੁਦਰਤੀ ਤਰੀਕੇ

ਅੱਜਕੱਲ੍ਹ ਬਹੁਤ ਸਾਰੇ ਲੋਕਾਂ 'ਚ ਸੰਘਣੇ ਖ਼ੂਨ ਦੀ ਸਮੱਸਿਆ ਆਮ ਪਾਈ ਜਾਂਦੀ ਹੈ। ਇਸ ਦਾ ਕਾਰਨ ਸਾਡਾ ਗ਼ਲਤ ਖਾਣਾ-ਪੀਣਾ ਤੇ ਬਦਲਦਾ ਲਾਈਫਸਟਾਈਲ ਵੀ ਜ਼ਿੰਮੇਵਾਰ ਹੈ। ਇਸ ਬਲੱਡ ਕਲਾਟ ਦੀ ਵਜ੍ਹਾ ਨਾਲ ਕੋਲੈਸਟ੍ਰੋਲ ਵਧਣਾ ਆਦਿ ਵੀ ਕਈ ਤਰ੍ਹਾਂ ਦੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਖ਼ੂਨ ਸੰਘਣਾ ਹੋਣ ਤੋਂ ਬਚਣ ਲਈ ਕੁੱਝ ਲੋਕ ਦਵਾਈਆਂ ਦਾ ਸੇਵਨ ਕਰਦੇ ਹਨ ਜਿੰਨਾਂ 'ਚ ਖ਼ੂਨ ਨੂੰ ਪਤਲਾ ਕਰਨ ਵਾਲੇ ਏਜੇਂਟ ਦਾ ਇਸਤੇਮਾਲ ਕੀਤਾ ਜਾਂਦਾ ਹੈ। ਕਲਾਟਿੰਗ ਦੇ ਖਤਰੇ ਨੂੰ ਘੱਟ ਕਰਨ ਲਈ ਦਵਾਈਆਂ ਦੇ ਇਲਾਵਾ ਕੁੱਝ ਖਾਧ ਪਦਾਰਥ ਤੇ ਘਰੇਲੂ ਤਰੀਕੇ ਕਾਰਗਾਰ ਹਨ। ਜਿਸ ਨਾਲ ਖ਼ੂਨ ਦੇ ਸੰਘਣੇਪਨ ਦੀ ਪਰੇਸ਼ਾਨੀ ਤੋਂ ਰਾਹਤ ਮਿਲਦੀ ਹੈ।



- **ਬਦਲੋਂ ਆਪਣਾ ਲਾਈਫਸਟਾਈਲ-** ਲਾਈਫਸਟਾਈਲ 'ਚ ਗੜਬੜੀ ਬਿਮਾਰੀਆਂ ਦੀ ਸਭ ਤੋਂ ਵੱਡੀ ਵਜ੍ਹਾ ਬਣਦੀ ਹੈ। ਜੇ ਤੁਸੀ ਆਪਣੀ ਜ਼ਿੰਦਗੀ 'ਚ ਥੋੜ੍ਹਾ ਜਿਹੀ ਵੀ ਤਬਦੀਲੀ ਲਿਆਉਂਦੇ ਹੋ ਤਾਂ ਤੰਦਰੁਸਤ ਜੀਵਨ ਪਾ ਸਕਦੇ ਹੋ।
- **ਫਾਇਬਰ ਵਾਲੇ ਭੋਜਨ ਦਾ ਕਰੋ ਸੇਵਨ-** ਖ਼ੂਨ ਨੂੰ ਸ਼ੁੱਧ ਕਰਨ ਲਈ ਫਾਇਬਰ ਵਾਲੇ ਭੋਜਨ ਦਾ ਸੇਵਨ ਕਰਨਾ ਚਾਹੀਦਾ ਹੈ। ਇਸ ਨਾਲ ਪਾਚਨ ਸ਼ਕਤੀ ਠੀਕ ਰਹਿੰਦੀ ਹੈ ਤੇ ਖ਼ੂਨ ਵੀ ਸਹੀ ਰਹਿੰਦਾ ਹੈ। ਬਰਾਊਨ ਚਾਵਲ, ਗਾਜਰ, ਮੂਲੀ, ਸ਼ਲਗਮ, ਸੇਬ ਤੇ ਸੇਬ ਦਾ ਜੂਸ ਆਪਣੀ ਡਾਈਟ 'ਚ ਸ਼ਾਮਿਲ ਕਰੋ।
- **ਪਸੀਨਾ ਆਉਣਾ ਜ਼ਰੂਰੀ** - ਖ਼ੂਨ ਨੂੰ ਸਾਫ਼ ਤੇ ਸੰਘਣਾ ਹੋਣ ਤੋਂ ਬਚਾਉਣ ਲਈ ਸਰੀਰ ਨੂੰ ਪਸੀਨਾ ਆਉਣਾ ਬਹੁਤ ਹੀ ਜ਼ਰੂਰੀ ਹੈ। ਕਸਰਤ ਜਾਂ ਯੋਗਾ ਲਈ ਸਮਾਂ ਜ਼ਰੂਰ ਕੱਢੋ।
- **ਲੰਬਾ ਸਾਹ ਲਓ-** ਸਵੇਰ ਦੇ ਸਮੇਂ ਸ਼ੁੱਧ ਆਕਸੀਜਨ ਸਰੀਰ ਲਈ ਬਹੁਤ ਵਧੀਆ ਹੁੰਦੀ ਹੈ। ਲੰਬਾ ਸਾਹ ਲੈਣ ਨਾਲ ਫੇਫੜਿਆਂ ਨੂੰ ਆਕਸੀਜਨ ਮਿਲਦੀ ਹੈ।
- **ਡੈਡ ਸਕਿੱਨ ਤੋਂ ਛੁਟਕਾਰਾ-** ਚਿਹਰੇ 'ਤੇ ਜੰਮਾ ਹੋਈ ਡੈਡ ਸਕਿੱਨ ਰੋਮਾਂ ਨੂੰ ਬੰਦ ਕਰ ਦਿੰਦੀ ਹੈ। ਜਿਸ ਨਾਲ ਖ਼ੂਨ ਵੀ ਪ੍ਰਭਾਵਿਤ ਹੋ ਜਾਂਦਾ ਹੈ। ਮਹੀਨੇ 'ਚ ਇਕ ਜਾਂ ਦੋ ਵਾਰ ਮੈਨੀ ਕੇਅਰ ਜਾਂ ਪੈਡੀ ਕੇਅਰ ਜ਼ਰੂਰ ਕਰਵਾਓ। ਇਸ ਨਾਲ ਸਾਰੀ ਮੈਲ ਨਿਕਲ ਜਾਂਦੀ ਹੈ ਤੇ ਖ਼ੂਨ ਵੀ ਸਹੀ ਢੰਗ ਨਾਲ ਦੌਰਾ ਕਰਨ ਲਗਦਾ ਹੈ।
- **ਮੱਛੀ ਦਾ ਤੇਲ** - ਮੱਛੀ ਦੇ ਤੇਲ 'ਚ ਓਮੈਗਾ3 ਫੈਟੀ ਐਸਿਡ, ਈਪੀਏ ਤੇ ਡੀਐੱਚਏ ਦੇ ਗੁਣ ਹੁੰਦੇ ਹਨ ਜੋ ਖ਼ੂਨ ਨੂੰ ਪਤਲਾ ਕਰਨ 'ਚ ਮਦਦ ਕਰਦੇ ਹਨ। ਮੱਛੀ ਦੇ ਤੇਲ ਨੂੰ ਖਾਣੇ 'ਚ ਸ਼ਾਮਿਲ ਕਰੋ। ਡਾਕਟਰ ਦੀ ਸਲਾਹ ਨਾਲ ਮੱਛੀ ਦੇ ਤੇਲ ਦਾ ਕੈਪਸੂਲ ਵੀ ਖਾ ਸਕਦੇ ਹਾਂ।
- **ਹਲਦੀ** - ਹਲਦੀ 'ਚ ਬਹੁਤ ਸਾਰੇ ਗੁਣ ਪਾਏ ਜਾਂਦੇ ਹਨ ਜੋ ਸਿਹਤ ਲਈ ਬਹੁਤ ਜ਼ਰੂਰੀ ਹੁੰਦੇ ਹਨ। ਇਹ ਬਲੱਡ ਕਲਾਟਿੰਗ ਨੂੰ ਰੋਕਣ ਦਾ ਵੀ ਕੰਮ ਕਰਦੇ ਹਨ।
- **ਲਸਣ** - ਲਸਣ 'ਚ ਐਂਟੀਆਕਸੀਡੈਂਟ ਗੁਣ ਸਰੀਰ 'ਚ ਜਮ੍ਹਾ ਫ੍ਰੀ ਰੈਡੀਕਲ ਨੂੰ ਖ਼ਤਮ ਕਰਨ ਦਾ ਕੰਮ ਕਰਦੇ ਹਨ। ਜਿਸ ਨਾਲ ਬਲੱਡ ਪ੍ਰੈਸ਼ਰ ਠੀਕ ਰਹਿੰਦਾ ਹੈ ਤੇ ਇਹ ਖ਼ੂਨ ਨੂੰ ਪਤਲਾ ਕਰਨ 'ਚ ਮਦਦ ਕਰਦਾ ਹੈ। •

# ਕਮਰ ਦਰਦ ਇਕ ਆਮ ਤਕਲੀਫ਼



ਕਮਰ ਦਰਦ ਇਕ ਆਮ ਸਮੱਸਿਆ ਹੈ। ਭਾਰਤ 'ਚ 10 ਤੋਂ 15 ਫ਼ੀਸਦੀ ਲੋਕ ਪਿੱਠ ਜਾਂ ਕਮਰ ਦਰਦ ਤੋ ਪੀੜਤ ਹਨ। ਇਸ ਦਾ ਮਤਲਬ ਹੈ ਕਿ ਦੇਸ਼ ਦੇ ਲਗਪਗ 10-15 ਕਰੋੜ ਲੋਕ ਪਿੱਠ ਦਰਦ [redacted] ਜੂਝ ਰਹੇ ਹਨ। ਬਜ਼ੁਰਗਾਂ ਦੇ ਨਾਲ-ਨਾਲ [redacted] ਪਰੇਸ਼ਾਨੀ ਨੌਜਵਾਨਾਂ 'ਚ ਵੀ ਆਮ ਦੇਖਣ [redacted] ਹੈ। ਜੇ ਇਸ 'ਤੇ ਧਿਆਨ ਦਿੱਤਾ ਜਾਵੇ ਤਾਂ [redacted] ਵੱਡੀ ਬਿਮਾਰੀ ਨਹੀ ਹੈ ਬਲਕਿ ਸਰੀਰ ਦੀ [redacted] ਅਤੇ ਤਕਨੀਕ 'ਚ ਆਈ ਖ਼ਰਾਬੀ ਹੈ। [redacted] ਬਾਹਰੀ ਹਿੱਸਾ ਇਕ ਮਜ਼ਬੂਤ ਝਿੱਲੀ ਨਾ[redacted] ਹੁੰਦਾ ਹੈ ਅਤੇ ਇਸ 'ਚ ਤਰਲ ਜੈਲੀਨੁਮਾ ਪ[redacted] ਹੈ ਜੋ ਡਿਸਕ 'ਚ ਮੌਜੂਦ ਜੈਲੀ ਵਰਗਾ ਹਿੱਸਾ [redacted] ਟਿਸ਼ੂ ਦੇ ਚਾਰੇ ਪਾਸੇ ਤੋਂ ਬਾਹਰ ਵੱਲ ਨਿਕਲ ਆਉਂਦਾ ਹੈ ਅਤੇ ਅੱਗੇ ਵਧਿਆ ਹੋਇਆ ਪੇਟ ਕੋਡ 'ਤੇ ਦਬਾਅ ਬਣਾਉਂਦਾ ਹੈ। ਕਈ ਵਾਰ ਉਮਰ ਦੇ ਨਾਲ-ਨਾਲ ਇਹ ਤਰਲ ਪਦਾਰਥ ਸੁੱਕਣ ਲੱਗਦਾ ਹੈ। ਕਮਜ਼ੋਰ ਹੋਣ 'ਤੇ ਵੀ ਜੈਲੀਨੁਮਾ ਪਦਾਰਥ ਨਿਕਲ ਕੇ ਨਸਾਂ 'ਚ ਦਬਾਅ ਬਣਾਉਣ ਲੱਗਦਾ ਹੈ। ਲਗਾਤਾਰ ਦਰਦ ਰਹਿਣ 'ਤੇ ਸਭ ਤੋਂ ਪਹਿਲਾਂ ਐਕਸਰੇ ਜਾਂ ਐੱਮ.ਆਰ. ਆਈ ਲੱਛਣਾਂ ਅਤੇ ਸਰੀਰਕ ਜਾਂਚ ਨਾਲ ਡਾਕਟਰਾਂ ਨੂੰ ਪਤਾ ਚੱਲਦਾ ਹੈ ਕਿ ਕਮਰ ਦਰਦ ਦਾ ਕਾਰਨ ਕੀ ਹੈ ਅਤੇ ਕੀ ਇਹ ਸਲਿੱਪ ਡਿਸਕ ਹੈ? ਡਾਕਟਰੀ ਜਾਂਚ ਦੇ ਦੌਰਾਨ ਸਪਾਂਡਲਾਇਟਿਸ, ਟਿਊਮਰ, ਡਿਜੇਨਰੇਸ਼ਨ, ਮੇਟਾਸਟੇਜ ਵਰਗੇ ਲੱਛਣ ਵੀ ਪਤਾ ਲੱਗ ਸਕਦੇ ਹਨ। ਕਦੀ-ਕਦੀ ਐਕਸ-ਰੇ 'ਚ ਸਹੀ ਰਿਪੋਰਟ ਨਾ ਆਉਣ 'ਤੇ ਕਾਰਨ ਦਾ ਪਤਾ ਨਹੀਂ ਚੱਲਦਾ। ਇਸ ਲਈ ਬਿਨਾਂ ਡਾਕਟਰੀ ਸਲਾਹ ਦੇ ਕੋਈ ਵੀ ਇਲਾਜ ਸ਼ੁਰੂ ਨਾ ਕਰੋ। ਡਿਸਕ ਦੇ ਜ਼ਿਆਦਾਤਰ ਮਰੀਜ਼ਾਂ ਨੂੰ ਆਰਾਮ ਕਰਨ ਅਤੇ ਫਿਜ਼ਿਓਥੈਰੇਪੀ ਨਾਲ ਰਾਹਤ ਮਿਲ ਜਾਂਦੀ ਹੈ। ਇਸ ਵਿਚ ਦੋ ਤੋਂ ਤਿੰਨ ਹਫ਼ਤੇ ਤਕ ਪੂਰਾ ਆਰਾਮ ਕਰਨਾ ਚਾਹੀਦਾ ਹੈ। ਜਦੋਂ ਅਸੀਂ ਅਣਗੌਲੀ ਕਰਦੇ ਹਾਂ ਭਾਵ ਕੰਮ ਕਰਦੇ ਸਮੇਂ ਧਿਆਨ ਨਹੀਂ ਰੱਖਦੇ ਜਿਵੇਂ ਭਾਰ ਚੱਕਣਾ, ਕੋਈ ਭਾਰੀ ਚੀਜ਼ ਖਿੱਚਣੀ, ਨੀਵੇ ਲੱਕ ਕੰਮ ਕਰਨਾ ਆਦਿ ਕਮਰ ਦਰਦ ਵਰਗੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ।

• **ਗੁਰਭਿੰਦਰ ਗੁਰੀ**

### ਇਲਾਜ ਦੀ ਪ੍ਰਕਿਰਿਆ

1. **ਦਰਦ ਨਿਵਾਰਕ ਦਵਾਈਆਂ ਨਾਲ ਰੋਗੀ ਨੂੰ ਆਰਾਮ ਪਹੁੰਚਾਉਣਾ।**
2. **ਘੱਟ ਤੋ ਘੱਟ ਦੋ ਤੋਂ ਤਿੰਨ ਹਫ਼ਤੇ 'ਚ ਬੈੱਡ ਰੈਸਟ ਕਰਨੀ ਜ਼ਰੂਰੀ ਹੈ।**
3. **ਦਰਦ ਘੱਟ ਹੋਣ ਤੋਂ ਬਾਅਦ ਫਿਜ਼ੀਓਥੈਰੇਪੀ ਜਾਂ ਕੀਰੋਪ੍ਰੈਕਟਿਕ ਟ੍ਰੀਟਮੈਂਟ ਜ਼ਰੂਰ ਕਰਵਾਓ।**
4. **ਪੁਰਾਣੇ ਤਰੀਕਿਆਂ ਨਾਲ ਆਰਾਮ ਨਾ ਪਹੁੰਚੇ ਤਾਂ ਸਰਜਰੀ ਹੀ ਇਕ ਮਾਤਰ ਉਪਾਅ ਹੈ ਪਰ ਸਰਜਰੀ ਹੋਵੇਗੀ ਜਾਂ ਨਹੀ ਇਹ ਸਪੈਸ਼ਲਿਸਟ ਡਾਕਟਰ ਹੀ ਤੈਅ ਕਰਦਾ ਹੈ।**

# ਬਦਲਦੇ ਮੌਸਮ ਦਾ ਰੱਖੋ ਖ਼ਾਸ ਧਿਆਨ

ਬਦਲਦੇ ਮੌਸਮ 'ਚ ਸਿਹਤ ਦੀ ਸੰਭਾਲ ਕਰਨੀ ਜ਼ਰੂਰੀ ਹੈ। ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਗਰਮੀ ਦੀ ਸ਼ੁਰੂਆਤ ਹੁੰਦਿਆ ਹੀ ਬਹੁਤ ਸਾਰੀਆਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਵੇਂ ਮੱਛਰ, ਮੱਖੀਆਂ, ਡੱਡੂ ਆਦਿ ਹੋਰ ਬਹੁਤ ਸਮੱਸਿਆਵਾਂ ਹਨ ਜਿਨ੍ਹਾਂ ਕਰਕੇ ਅਨੇਕਾਂ ਪ੍ਰਕਾਰ ਦੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇ ਗੱਲ ਗਰਮੀ ਦੇ ਮੌਸਮ ਦੀ ਕਰੀਏ ਤਾਂ ਇਸ ਮੌਸਮ 'ਚ ਪਿੱਤ, ਚਮੜੀ 'ਤੇ ਖੁਸ਼ਕੀ ਅਤੇ ਖੁਜਲੀ ਦੀ ਸ਼ਿਕਾਇਤ ਆਮ ਹੀ ਹੋ ਜਾਂਦੀ ਹੈ। ਜ਼ਿਆਦਾ ਪਸੀਨਾ ਆਉਣ ਕਰਕੇ ਲੱਤਾਂ 'ਚ ਪੀੜਾਂ ਹੋ ਸਕਦੀਆਂ ਹਨ। ਸਰੀਰ ਵਿਚੋਂ ਪਸੀਨਾ ਅਤੇ ਪਿਸ਼ਾਬ ਰਾਹੀਂ ਪਾਣੀ ਨਿਕਲਣ ਕਰਕੇ ਵਿਅਕਤੀ 'ਚ ਸੋਡੀਅਮ ਤੇ ਪੋਟਾਸ਼ੀਅਮ ਦੀ ਘਾਟ ਹੋ ਜਾਂਦੀ ਹੈ ਜਿਸ ਕਰਕੇ ਸਟਰੋਕ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਬੰਦਾ ਬੇਹੋਸ਼ ਹੋ ਜਾਂਦਾ ਹੈ। ਉਲਟੀਆਂ-ਟੱਟੀਆਂ ਲੱਗ ਜਾਣੀਆਂ, ਢਿੱਡ 'ਚ ਪੀੜ ਹੋਣੀ, ਚੱਕਰ ਆਉਣੇ ਅਤੇ ਭੁੱਖ ਘੱਟ ਲਗਣਾ ਆਦਿ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।



### ਸਾਵਧਾਨੀਆਂ

ਗਰਮੀਆਂ ਦੇ ਮੌਸਮ 'ਚ ਹਲਕਾ ਭੋਜਨ ਕਰਨਾ ਚਾਹੀਦਾ ਹੈ। ਪਰੌਂਠੇ, ਪਿੱਜ਼ਾ, ਬਰਗਰ ਅਤੇ ਤਲੀਆਂ ਚੀਜ਼ਾਂ ਦੀ ਵਰਤੋਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਜ਼ਿਆਦਾ ਚਿਕਨਾਈ ਵਾਲੀਆਂ ਚੀਜ਼ਾਂ ਨਾਲ ਸਰੀਰ 'ਚ ਫੈਟ ਦੀ ਮਾਤਰਾ ਵੱਧ ਜਾਂਦੀ ਹੈ। ਇਸ ਕਰਕੇ ਸਰੀਰ ਵਿੱਚੋਂ ਗਰਮੀ ਬਾਹਰ ਨਿਕਲਣ 'ਚ ਰੁਕਾਵਟ ਪੈਦਾ ਹੁੰਦੀ ਹੈ ਜਿਸ ਕਰਕੇ ਸਰੀਰ ਦਾ ਤਾਪਮਾਨ ਵੱਧ ਸਕਦਾ ਹੈ ਜਿਸ ਨਾਲ ਨੁਕਸਾਨ ਹੋ ਸਕਦਾ ਹੈ।

- ਗਰਮੀਆਂ 'ਚ ਸਭ ਤੋਂ ਜ਼ਿਆਦਾ ਧਿਆਨ ਪਾਣੀ-ਪੀਣ ਵੱਲ ਦੇਣਾ ਚਾਹੀਦਾ ਹੈ। ਦਿਨ 'ਚ ਥੋੜ੍ਹੀ-ਥੋੜ੍ਹੀ ਦੇਰ ਮਗਰੋਂ ਸਾਫ਼ ਪਾਣੀ ਜ਼ਰੂਰ ਪੀਓ ਕਿਉਂਕਿ ਦੂਸ਼ਿਤ ਪਾਣੀ-ਪੀਣ ਨਾਲ ਹੈਜਾ, ਪੀਲੀਆ ਅਤੇ ਟਾਇਫਾਈਡ ਵਰਗੇ ਰੋਗਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਚੰਗਾ ਹੋਵੇ ਜੇ ਤੁਸੀਂ ਫਿਲਟਰ ਪਾਣੀ ਜਾਂ ਉਬਾਲ ਕੇ ਠੰਢਾ ਕੀਤਾ ਪਾਣੀ ਪੀਓ। ਬਾਜ਼ਾਰ 'ਚ ਪਲਾਸਟਿਕ ਦੀਆਂ ਬੋਤਲਾਂ 'ਚ ਪੈਕ ਕੀਤਾ ਪਾਣੀ ਨਹੀਂ ਖ਼ਰੀਦਣਾ ਚਾਹੀਦਾ ਹੈ ਕਿਉਂਕਿ ਜੇ ਲੰਮੇ ਸਮੇਂ ਤਕ ਇਨ੍ਹਾਂ ਬੋਤਲਾਂ 'ਚ ਇਹ ਪਾਣੀ ਪਿਆ ਰਹੇ ਤਾਂ ਉਹ ਜ਼ਹਿਰੀਲਾ ਵੀ ਹੋ ਸਕਦਾ ਹੈ ਜਿਸ ਨਾਲ ਵਿਅਕਤੀ ਨੂੰ ਨੁਕਸਾਨ ਪੁੱਜ ਸਕਦਾ ਹੈ।
- ਕੋਲਡ ਡਰਿੰਕਸ ਜਾਂ ਲੈਮਨ-ਸੋਡਾ ਦੀ ਬਜਾਏ ਨਿੰਬੂ ਪਾਣੀ, ਨਾਰੀਅਲ ਪਾਣੀ, ਲੱਸੀ ਅਤੇ ਜਲ ਜੀਰੇ ਦੀ ਵਰਤੋਂ ਨੂੰ ਤਰਜੀਹ ਦੇਣੀ ਚਾਹੀਦੀ ਹੈ। ਕੋਲਡ ਡਰਿੰਕਸ 'ਚ ਕੈਫੀਨ ਹੁੰਦੀ ਹੈ ਜਿਸ ਨਾਲ ਪਿਸ਼ਾਬ ਜ਼ਿਆਦਾ ਆਉਂਦਾ ਹੈ, ਇਸ ਕਾਰਨ ਸਰੀਰ 'ਚੋਂ ਲੋੜੀਂਦੇ ਇਲੈਕਟਰੋਲਾਈਟ ਪਿਸ਼ਾਬ ਰਾਹੀਂ ਬਾਹਰ ਨਿਕਲ ਜਾਂਦੇ ਹਨ। ਚਾਹ-ਕੌਫ਼ੀ ਦੀ ਵਰਤੋਂ ਵੀ ਘੱਟ ਤੋਂ ਘੱਟ ਕਰਨੀ ਚਾਹੀਦੀ ਹੈ ਕਿਉਂਕਿ ਇਨ੍ਹਾਂ 'ਚ ਵੀ ਕੈਫੀਨ ਹੁੰਦੀ ਹੈ।
- ਆਈਸ ਕਰੀਮ ਅਤੇ ਠੰਢੀ ਬੀਅਰ ਦੀ ਵਰਤੋਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਜ਼ਿਆਦਾ ਠੰਢੀਆਂ ਚੀਜ਼ਾਂ ਖਾਣ ਨਾਲ ਖ਼ੂਨ ਦੀਆਂ ਨਾੜੀਆਂ ਸੁੰਗੜ ਜਾਂਦੀਆਂ ਹਨ ਜਿਸ ਕਰਕੇ ਇਨ੍ਹਾਂ 'ਚ ਖ਼ੂਨ ਦਾ ਵਗਣਾ ਘੱਟ ਜਾਂਦਾ ਹੈ ਅਤੇ ਸਰੀਰ 'ਚੋਂ ਵਾਧੂ ਗਰਮੀ ਬਾਹਰ ਨਹੀਂ ਨਿਕਲ ਸਕਦੀ ਜੋ ਨੁਕਸਾਨਦੇਹ ਸਾਬਤ ਹੋ ਸਕਦੀ ਹੈ। ਕਈ ਲੋਕ ਗਰਮੀਆਂ 'ਚ ਬੀਅਰ ਬਹੁਤ ਪੀਂਦੇ ਹਨ ਕਿਉਂਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਬੀਅਰ ਗਰਮੀ ਘਟਾਉਂਦੀ ਹੈ ਪਰ ਅਸਲ 'ਚ ਇਸ ਦੀ ਜ਼ਿਆਦਾ ਵਰਤੋਂ ਕਰਨ ਨਾਲ ਯੂਰਿਕ ਐਸਿਡ ਵੱਧ ਜਾਂਦਾ ਹੈ ਜਿਸ ਕਰਕੇ ਜੋੜਾਂ 'ਚ ਦਰਦ ਹੋਣੀ ਸ਼ੁਰੂ ਹੋ ਜਾਂਦੀ ਹੈ। ਆਈਸ ਕਰੀਮ ਵੀ ਸਿਰਫ਼ ਖਾਣ 'ਚ ਹੀ ਠੰਢੀ ਲੱਗਦੀ ਹੈ ਪਰ ਅਸਲ 'ਚ ਇਹ ਸਰੀਰ ਨੂੰ ਗਰਮੀ ਪਹੁੰਚਾਉਂਦੀ ਹੈ।

**ਬਦਲਦੇ ਮੌਸਮ 'ਚ ਕੁੱਝ ਖ਼ਾਸ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ। ਜਿਵੇਂ ਕਿ ਗਰਮੀਆਂ ਦੇ ਮੌਸਮ 'ਚ ਮੱਛਰ ਤੋਂ ਬਚਣ ਲਈ ਪੂਰੇ ਕੱਪੜੇ ਪਾਉਣੇ ਚਾਹੀਦੇ ਹਨ। ਜੇ ਖਾਣ- ਪੀਣ ਦੀ ਗੱਲ ਕਰੀਏ ਤਾਂ ਸਮੇਂ ਸਿਰ ਅਤੇ ਤਾਜ਼ਾ ਖਾਣਾ ਹੀ ਖਾਓ ਤੇ ਬਾਹਰਲੀਆਂ ਚੀਜ਼ਾਂ, ਤਲ਼ੀਆਂ ਚੀਜ਼ਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ...**

- ਪਾਲਕ, ਮੂਲੀ, ਲਸਣ, ਪਿਆਜ਼ ਅਤੇ ਚੁਕੰਦਰ ਦੀ ਵਰਤੋਂ ਘੱਟ ਕਰਨੀ ਚਾਹੀਦੀ ਹੈ ਕਿਉਂਕਿ ਇਹ ਜ਼ਿਆਦਾ ਗਰਮੀ ਪੈਦਾ ਕਰਦੀਆਂ ਹਨ। ਪੱਕੇ ਅੰਬ ਵੀ ਹਰ ਰੋਜ਼ 300 ਗ੍ਰਾਮ ਤੋਂ ਵੱਧ ਨਹੀਂ ਖਾਣੇ ਚਾਹੀਦੇ। ਚੰਗਾ ਹੋਵੇ ਜੇ ਤੁਸੀਂ ਰਾਤ ਨੂੰ ਅੰਬਾਂ ਨੂੰ ਪਾਣੀ 'ਚ ਭਿਉਂ ਕੇ ਰੱਖ ਦੇਵੋ।ਜ਼ਿਆਦਾ ਮਾਤਰਾ 'ਚ ਅੰਬ ਖਾਣ ਨਾਲ ਖ਼ੂਨ 'ਚ ਸ਼ੂਗਰ ਦੀ ਮਾਤਰਾ ਵੱਧ ਸਕਦੀ ਹੈ ਜਿਸ ਨਾਲ ਪੇਟ ਖ਼ਰਾਬ ਹੋ ਸਕਦਾ ਹੈ ਜਾਂ ਜੀਅ ਕੱਚਾ ਹੋਣ ਦੀ ਸ਼ਿਕਾਇਤ ਆ ਸਕਦੀ ਹੈ। ਜ਼ਿਆਦਾ ਭਾਰ ਵਾਲੇ ਲੋਕਾਂ ਨੂੰ ਅੰਬਾਂ ਦੀ ਵਰਤੋਂ ਘੱਟ ਕਰਨੀ ਚਾਹੀਦੀ ਹੈ ਕਿਉਂਕਿ ਇਨ੍ਹਾਂ ਦੀ ਜ਼ਿਆਦਾ ਵਰਤੋਂ ਨਾਲ ਭਾਰ ਵੱਧ ਸਕਦਾ ਹੈ।
- ਘੀਆ, ਟਿੰਡਾ, ਖੀਰਾ, ਤੋਰੀ ਅਤੇ ਕੱਦੂ ਵਰਗੀਆਂ ਸਬਜ਼ੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ ਖਰਬੂਜਾ, ਤਰਬੂਜ, ਲੀਚੀ ਅਤੇ ਆੜੂ ਵਰਗੇ ਫ਼ਲਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ। ਤਰਬੂਜ ਅਤੇ ਖਰਬੂਜੇ 'ਚ ਵਿਟਾਮਿਨ-ਏ, ਬੀ ਅਤੇ ਸੀ ਤੋਂ ਇਲਾਵਾ ਪੋਟਾਸ਼ੀਅਮ ਵੀ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ ਜੋ ਗੁਰਦੇ ਵਿੱਚੋਂ ਜ਼ਹਿਰੀਲੇ ਤੱਤ ਸਾਫ਼ ਕਰਨ 'ਚ ਮਦਦ ਕਰਦਾ ਹੈ।
- ਇਸ ਮੌਸਮ 'ਚ ਛੱਲੀ ਖਾਣੀ ਵੀ ਲਾਭਕਾਰੀ ਹੈ ਕਿਉਂਕਿ ਇਸ 'ਚ ਮੌਜੂਦ ਐਂਟੀ-ਆਕਸੀਡੈਂਟ ਸੂਰਜ ਦੀਆਂ ਤੇਜ਼ ਕਿਰਨਾਂ ਤੋਂ ਚਮੜੀ ਦੀ ਰੱਖਿਆ ਕਰਦੇ ਹਨ।
- ਪੀਣ ਵਾਲੇ ਤਰਲ ਪਦਾਰਥ 'ਚ ਤੁਲਸੀ ਦੇ ਬੀਜ ਪਾਏ ਜਾ ਸਕਦੇ ਹਨ। ਇਸ ਨਾਲ ਸਰੀਰ ਨੂੰ ਠੰਢਕ ਮਿਲਦੀ ਹੈ।
- ਘੱਟ ਫੈਟ ਵਾਲੇ ਦੁੱਧ ਦੀ ਵਰਤੋਂ ਕਰਨੀ ਚਾਹੀਦੀ ਹੈ। ਦਹੀਂ ਦੇ ਨਿਯਮਿਤ ਢੰਗ ਨਾਲ ਸੇਵਨ ਕਰਨ ਨਾਲ ਬਦਹਜ਼ਮੀ ਦੀ ਸ਼ਿਕਾਇਤ ਨਹੀਂ ਹੁੰਦੀ।
- ਸਾਨੂੰ ਹਰ ਰੋਜ਼ 6 ਤੋਂ 8 ਚਮਚਿਆਂ ਤੋਂ ਵੱਧ ਚੀਨੀ ਨਹੀਂ ਖਾਣੀ ਚਾਹੀਦੀ। ਮਿੱਠੀਆਂ ਚੀਜ਼ਾਂ ਦੀ ਵਰਤੋਂ ਤੋਂ ਸੰਕੋਚ ਕਰੋ ਕਿਉਂਕਿ ਇਨ੍ਹਾਂ ਦੀ ਵਰਤੋਂ ਨਾਲ ਪਿਆਸ ਜ਼ਿਆਦਾ ਲੱਗਦੀ ਹੈ। ਇਸ ਦੀ ਬਜਾਏ ਮਿੱਠੇ ਫ਼ਲਾਂ ਅਤੇ ਸਬਜ਼ੀਆਂ ਦਾ ਸੇਵਨ ਕਰਨਾ ਚਾਹੀਦਾ ਹੈ।
- ਜ਼ਿਆਦਾ ਮਿਰਚ-ਮਸਾਲੇ ਵਾਲੀਆਂ ਚੀਜ਼ਾਂ ਦੀ ਘੱਟ ਤੋਂ ਘੱਟ ਵਰਤੋਂ ਕਰਨੀ ਚਾਹੀਦੀ ਹੈ।
- ਤਾਜ਼ਾ ਬਣਿਆ ਖਾਣਾ ਹੀ ਖਾਣਾ ਚਾਹੀਦਾ ਹੈ। ਬਾਸੀ ਖਾਣਾ ਖਾਣ ਨਾਲ ਪੇਟ ਖ਼ਰਾਬ ਹੋਣ ਦਾ ਡਰ ਰਹਿੰਦਾ ਹੈ।
- ਗਰਮੀਆਂ 'ਚ ਸੱਤੂ ਵੀ ਪੀਣੇ ਚਾਹੀਦੇ ਹਨ ਪਰ ਇਸ 'ਚ ਚੀਨੀ ਦੀ ਬਜਾਏ ਗੁੜ ਜਾਂ ਸ਼ੱਕਰ ਦਾ ਇਸਤੇਮਾਲ ਕਰਨਾ ਚਾਹੀਦਾ ਹੈ ਕਿਉਂਕਿ ਇਨ੍ਹਾਂ 'ਚ ਲੋਹਾ ਹੁੰਦਾ ਹੈ।
- ਦੋ-ਤਿੰਨ ਵਾਰ ਢਿੱਡ ਭਰ ਕੇ ਖਾਣ ਦੀ ਬਜਾਏ 5-6 ਵਾਰ ਹਲਕਾ ਭੋਜਨ ਕਰਨਾ ਚਾਹੀਦਾ ਹੈ।
- ਪੁਦੀਨੇ ਦੀ ਚਟਨੀ ਦੀ ਵਰਤੋਂ ਲਾਹੇਵੰਦ ਹੈ ਕਿਉਂਕਿ ਇਸ ਨਾਲ ਵਿਟਾਮਿਨ ਅਤੇ ਖਣਿਜ ਪਦਾਰਥ ਵੀ ਮਿਲ ਜਾਣਗੇ ਤੇ ਭੁੱਖ ਵੀ ਠੀਕ ਤਰ੍ਹਾਂ ਨਾਲ ਲੱਗੇਗੀ।
- ਸਲਾਦ ਦੀ ਵਰਤੋਂ ਸਿਹਤ ਲਈ ਗੁਣਕਾਰੀ ਹੈ। ਦਾਲ 'ਚ ਨਿੰਬੂ ਨਚੋੜ ਕੇ ਖਾਣ ਨਾਲ ਇਹ ਛੇਤੀ ਹਜ਼ਮ ਹੋ ਜਾਵੇਗੀ।

### ਸਾਵਧਾਨੀਆਂ

- ਜੇ ਤੁਹਾਨੂੰ ਕਿਤੇ ਜਾਣਾ ਪੈ ਜਾਵੇ ਤਾਂ ਸਿਰ ਨੂੰ ਚੰਗੀ ਤਰ੍ਹਾਂ ਢਕ ਕੇ ਜਾਣਾ ਚਾਹੀਦਾ ਹੈ ਅਤੇ ਘਰੋਂ ਬਾਹਰ ਜਾਣ ਤੋਂ ਪਹਿਲਾਂ ਇਕ-ਦੋ ਗਲਾਸ ਪਾਣੀ ਜ਼ਰੂਰ ਪੀ ਕੇ ਜਾਣਾ ਚਾਹੀਦਾ ਹੈ। ਚੰਗਾ ਹੋਵੇ ਜੇ ਤੁਸੀਂ ਪਾਣੀ 'ਚ ਚੁਟਕੀ ਲੂਣ ਵੀ ਪਾ ਲਵੋ ਪਰ ਬਲੱਡ ਪ੍ਰੈਸ਼ਰ ਦੀ ਸ਼ਿਕਾਇਤ ਵਾਲੇ ਲੋਕਾਂ ਨੂੰ ਇਸ ਦੀ ਵਰਤੋਂ ਨਹੀਂ ਕਰਨੀ ਚਾਹੀਦੀ।
- ਹਰ ਇਕ ਮੌਸਮ 'ਚ ਸਿਹਤ ਦੀ ਸੰਭਾਲ ਕਰਨੀ ਜ਼ਰੂਰੀ ਹੈ। ਗਰਮੀ ਦੀ ਸ਼ੁਰੂਆਤ ਹੁੰਦਿਆ ਹੀ ਇਕ ਵਾਰ ਭਾਵੇਂ ਸਾਰੇ ਖ਼ੁਸ਼ ਹੋ ਜਾਂਦੇ ਹਨ ਪਰ ਜਿਵੇਂ-ਜਿਵੇਂ ਇਹ ਆਪਣਾ ਰੰਗ ਵਿਖਾਉਣ ਲੱਗਦੀ ਹੈ ਤਾਂ ਸਾਨੂੰ ਕਈ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਸਮ 'ਚ ਪਿੱਤ, ਚਮੜੀ 'ਤੇ ਖੁਸ਼ਕੀ ਅਤੇ ਖੁਜਲੀ ਦੀ ਸ਼ਿਕਾਇਤ ਆਮ ਹੀ ਹੋ ਜਾਂਦੀ ਹੈ। ਜ਼ਿਆਦਾ ਪਸੀਨਾ ਆਉਣ ਕਰਕੇ ਲੱਤਾਂ 'ਚ ਪੀੜ ਹੋ ਸਕਦੀ ਹੈ।
- ਸਰੀਰ ਵਿਚੋਂ ਪਸੀਨੇ ਅਤੇ ਪਿਸ਼ਾਬ ਰਾਹੀਂ ਪਾਣੀ ਨਿਕਲਣ ਕਰਕੇ ਵਿਅਕਤੀ 'ਚ ਸੋਡੀਅਮ ਤੇ ਪੋਟਾਸ਼ੀਅਮ ਦੀ ਘਾਟ ਹੋ ਜਾਂਦੀ ਹੈ ਜਿਸ ਕਰਕੇ ਸਟਰੋਕ ਵੀ ਹੋ ਸਕਦਾ ਹੈ ਤੇ ਬੰਦਾ ਬੇਹੋਸ਼ ਹੋ ਜਾਂਦਾ ਹੈ। ਉਲਟੀਆਂ-ਟੱਟੀਆਂ ਲੱਗ ਜਾਣੀਆਂ, ਢਿੱਡ 'ਚ ਪੀੜ ਹੋਣੀ, ਚੱਕਰ ਆਉਣੇ ਅਤੇ ਭੁੱਖ ਘੱਟ ਲੱਗਣ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। •

## ਸੰਪਾਦਕੀ

# ਅਮਰੀਕਾ ਤੋਂ ਪਰਵਾਸੀਆਂ ਦੀ ਜ਼ਬਰੀ ਭਾਰਤ ਵਾਪਸੀ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਾਸ਼ਿੰਗਟਨ ਦੌਰੇ ਤੋਂ ਕੁਝ ਦਿਨ ਪਹਿਲਾਂ ਅਮਰੀਕਾ ਦਾ ਫ਼ੌਜੀ ਜਹਾਜ਼ ਕਰੀਬ 200 ਗ਼ੈਰ-ਕਾਨੂੰਨੀ ਭਾਰਤੀ ਪਰਵਾਸੀਆਂ ਨੂੰ ਉਨ੍ਹਾਂ ਦੀ ਜਨਮਭੂਮੀ ਵਾਪਸ ਲੈ ਆਇਆ ਹੈ। ਅਲ ਸਲਵਾਡੋਰ, ਗੁਆਟੇਮਾਲਾ, ਹੌਂਡੂਰਸ ਤੇ ਪੇਰੂ, ਯਕੀਨਨ ਭਾਰਤ ਵਰਗੇ ਮੁਲਕ ਤਾਂ ਨਹੀਂ ਹਨ, ਇਨ੍ਹਾਂ ਨੂੰ ਦੁਨੀਆ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਅਰਥਚਾਰੇ ਦੇ ਨਾਲ ਤਾਂ ਨਹੀਂ ਰੱਖਿਆ ਜਾ ਸਕਦਾ ਤੇ ਨਾ ਹੀ ਭਾਰਤ ਆਪਣੀ ਤੁਲਨਾ ਇਨ੍ਹਾਂ ਨਾਲ ਕਰਵਾਉਣਾ ਚਾਹੇਗਾ, ਫਿਰ ਵੀ ਸੱਚ ਇਹੀ ਹੈ ਕਿ 'ਇੰਡੀਆ' ਮਤਲਬ ਭਾਰਤ, ਉਨ੍ਹਾਂ ਦੇਸ਼ਾਂ 'ਚ ਸ਼ਾਮਿਲ ਹੈ ਜਿਨ੍ਹਾਂ ਦੇ ਨਾਗਰਿਕ ਸਭ ਤੋਂ ਵੱਡੀ ਗਿਣਤੀ 'ਚ ਅਮਰੀਕਾ ਵਿੱਚ ਗ਼ੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਹਨ। ਇਹ ਖੁਲਾਸਾ ਪੀਊ ਰਿਸਰਚ ਸੈਂਟਰ ਪਹਿਲਾਂ ਹੀ ਕਰ ਚੁੱਕਾ ਹੈ। ਪ੍ਰਧਾਨ ਮੰਤਰੀ ਦੀ ਫੇਰੀ ਤੋਂ ਪਹਿਲਾਂ ਇਸ ਡਿਪੋਰਟੇਸ਼ਨ ਉਡਾਣ ਨੂੰ ਆਦਰਸ਼ ਸ਼ੁਰੂਆਤ ਤਾਂ ਨਹੀਂ ਮੰਨਿਆ ਜਾ ਸਕਦਾ ਪਰ ਗ਼ੈਰ-ਕਾਨੂੰਨੀ ਆਵਾਸ 'ਤੇ ਸਖ਼ਤ ਰੁਖ਼ ਅਖ਼ਤਿਆਰ ਕਰ ਕੇ ਨਵੀਂ ਦਿੱਲੀ ਕੁਝ ਹੱਦ ਤੱਕ ਇਸ ਪਹਿਲੂ ਨੂੰ ਦਰਕਿਨਾਰ ਕਰਨ ਵਿੱਚ ਸਫ਼ਲ ਹੋ ਗਈ ਹੈ। ਅਮਰੀਕਾ ਦੇ ਆਪਣੇ ਹਾਲੀਆ ਦੌਰੇ ਮੌਕੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕੁਝ ਠੋਸ ਕੂਟਨੀਤਕ ਉੱਦਮ ਕਰਦਿਆਂ ਟਰੰਪ ਪ੍ਰਸ਼ਾਸਨ ਨੂੰ ਯਕੀਨ ਦਿਵਾ ਦਿੱਤਾ ਹੈ ਕਿ ਭਾਰਤ ਨਾਜਾਇਜ਼ ਢੰਗ ਨਾਲ ਉੱਥੇ ਬੈਠੇ ਆਪਣੇ ਨਾਗਰਿਕਾਂ ਦੀ 'ਵਾਜਬ ਵਾਪਸੀ' ਲਈ ਰਾਜ਼ੀ ਹੈ।

ਭਾਰਤ ਨੇ ਮੋਦੀ-ਟਰੰਪ ਮਿਲਣੀ ਤੋਂ ਪਹਿਲਾਂ ਟਕਰਾਅ ਦੀ ਪਹੁੰਚ ਨਾ ਅਪਣਾ ਕੇ ਸਮਝਦਾਰੀ ਦਿਖਾਈ ਹੈ। ਇਸ ਤੋਂ ਪਹਿਲਾਂ ਕੋਲੰਬੀਆ ਦੇ ਰਾਸ਼ਟਰਪਤੀ ਗੁਸਤਾਵੋ ਪੈਤਰੋ ਨੇ ਆਪਣੇ ਪਰਵਾਸੀਆਂ ਵਾਲੀਆਂ ਉਡਾਣਾਂ ਨੂੰ ਉਤਰਨ ਦੀ ਆਗਿਆ ਦੇਣ ਤੋਂ ਮਨ੍ਹਾਂ ਕਰ ਦਿੱਤਾ ਸੀ ਪਰ ਜਦੋਂ ਟਰੰਪ ਨੇ ਕੋਲੰਬੀਆ 'ਤੇ ਟੈਰਿਫ਼ ਅਤੇ ਪਾਬੰਦੀਆਂ ਲਾਉਣ ਦੀ ਧਮਕੀ ਦਿੱਤੀ ਤਾਂ ਉਨ੍ਹਾਂ ਨੂੰ ਝੁਕਣਾ ਪਿਆ। ਹੁਣ ਪੈਤਰੋ ਆਪਣੇ ਪਰਵਾਸੀਆਂ ਨੂੰ ਵਤਨ ਵਾਪਸ ਆ ਕੇ ਸਮਾਜਿਕ ਦੌਲਤ ਪੈਦਾ ਕਰਨ ਦੇ ਹੋਕੇ ਦੇ ਰਹੇ ਹਨ। ਭਾਰਤ ਨੂੰ ਇਹ ਸੋਚਣਾ ਪਵੇਗਾ ਕਿ ਕੀ ਉਹ ਅਮਰੀਕਾ ਤੋਂ ਵਾਪਸ ਭੇਜੇ ਜਾਣ ਵਾਲੇ 18 ਹਜ਼ਾਰ ਭਾਰਤੀਆਂ ਦੇ ਮੁੜ ਵਸੇਬੇ ਦੀ ਕੋਈ ਯੋਜਨਾ ਬਣਾ ਸਕਦਾ ਹੈ ? ਤੇ ਦਿੱਲੀ ਇਹ ਵੀ ਕਿਵੇਂ ਯਕੀਨੀ ਬਣਾਏਗੀ ਕਿ ਇਹ ਲੋਕ ਜਿਨ੍ਹਾਂ ਵਿੱਚ ਪੰਜਾਬੀ ਅਤੇ ਗੁਜਰਾਤੀ ਸ਼ਾਮਿਲ ਹਨ, ਮੁੜ ਪਰਵਾਸ ਦਾ ਕੋਈ ਦੁਸਾਹਸੀ ਯਤਨ ਨਹੀਂ ਕਰਨਗੇ ?

ਇਸ ਤੋਂ ਬਚਣ ਲਈ ਧੋਖੇਬਾਜ਼ ਟਰੈਵਲ ਏਜੰਟਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਲੋੜ ਹੈ ਜੋ ਨੌਜਵਾਨਾਂ ਤੋਂ ਮੋਟੀਆਂ ਰਕਮਾਂ ਲੈ ਕੇ ਉਨ੍ਹਾਂ ਨੂੰ ਅਜਿਹੇ ਰਾਹਾਂ 'ਤੇ ਤੋਰਦੇ ਹਨ। ਇਸ ਤੋਂ ਇਲਾਵਾ ਦੇਸ਼ ਦੇ ਅੰਦਰ ਲਾਹੇਵੰਦ ਰੁਜ਼ਗਾਰ ਦੇ ਅਵਸਰ ਪੈਦਾ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਨੂੰ ਰਾਸ਼ਟਰਪਤੀ ਟਰੰਪ ਕੋਲ ਪਰਵਾਸ ਦੇ ਕਾਨੂੰਨੀ ਤੇ ਵਾਜਿਬ ਮੌਕਿਆਂ ਦੇ ਮੁੱਦੇ ਨੂੰ ਵੀ ਉਠਾਉਣਾ ਪਵੇਗਾ।

# ਦਰਪੇਸ਼ ਸੰਕਟ ਨੂੰ ਸੁਲਝਾਉਣ ਲਈ ਅਕਾਲੀ ਦਲ ਦੀ ਭਰਤੀ ਮੁਹਿੰਮ

ਸ਼੍ਰੋਮਣੀ ਅਕਾਲੀ ਦਲ ਨੂੰ ਦਰਪੇਸ਼ ਸੰਕਟ ਸੁਲਝਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਜਾਰੀ ਹੋਏ ਦੋ ਦਸੰਬਰ ਦੇ ਇਤਿਹਾਸਕ ਹੁਕਮਨਾਮੇ ਤੋਂ ਕਰੀਬ ਦੋ ਮਹੀਨਿਆਂ ਬਾਅਦ ਪਾਰਟੀ ਦੇ ਨਵੇਂ ਢਾਂਚੇ ਦੀ ਉਸਾਰੀ ਦੀ ਪ੍ਰਕਿਰਿਆ 'ਤੇ ਨਿਗਰਾਨੀ ਲਈ ਕਾਇਮ ਕੀਤੀ ਸੱਤ ਮੈਂਬਰੀ ਕਮੇਟੀ ਦੀ ਮੰਗਲਵਾਰ ਨੂੰ ਪਟਿਆਲਾ ਵਿੱਚ ਹੋਈ ਪਲੇਠੀ ਮੀਟਿੰਗ ਅਹਿਮ ਪਹਿਲਕਦਮੀ ਕਰਨ ਵਿੱਚ ਸਫਲ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਕਾਇਮ ਕੀਤੀ ਗਈ ਇਸ ਕਮੇਟੀ ਦੇ ਕਾਰਗਰ ਹੋਣ ਬਾਰੇ ਉਦੋਂ ਸ਼ੰਕੇ ਉੱਭਰਨੇ ਸ਼ੁਰੂ ਹੋ ਗਏ ਸਨ ਜਦੋਂ ਸ਼੍ਰੋਮਣੀ ਅਕਾਲੀ ਦਲ 'ਤੇ ਭਾਰੂ ਲੀਡਰਸ਼ਿਪ ਨੇ ਇਹ ਕਹਿੰਦਿਆਂ ਨਾਂਹ ਨੁੱਕਰ ਕੀਤੀ ਸੀ ਕਿ ਜੇ ਪਾਰਟੀ ਦੀ ਨਵੀਂ ਮੈਂਬਰਸ਼ਿਪ ਮੁਹਿੰਮ ਅਕਾਲ ਤਖ਼ਤ ਦੀ ਥਾਪੀ ਕਮੇਟੀ ਦੀ ਨਿਰਦੇਸ਼ਨਾ ਹੇਠ ਚਲਾਈ ਜਾਂਦੀ ਹੈ ਤਾਂ ਇਸ ਨਾਲ ਪਾਰਟੀ ਦੀ ਚੁਣਾਵੀ ਮਾਨਤਾ ਲਈ ਖ਼ਤਰਾ ਪੈਦਾ ਹੋ ਸਕਦਾ ਹੈ। ਇਸੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਨੇ ਪਿਛਲੇ ਮਹੀਨੇ ਸੱਤ ਮੈਂਬਰੀ ਕਮੇਟੀ ਦੇ ਮੈਂਬਰਾਂ ਨੂੰ ਆਪਣੇ ਢੰਗ ਨਾਲ ਜ਼ਿੰਮੇਵਾਰੀਆਂ ਸੌਂਪ ਕੇ ਨਵੀਂ ਮੈਂਬਰਸ਼ਿਪ ਮੁਹਿੰਮ ਦਾ ਆਗਾਜ਼ ਕਰ ਦਿੱਤਾ ਸੀ ਜੋ 20 ਫ਼ਰਵਰੀ ਨੂੰ ਮੁਕੰਮਲ ਹੋਣੀ ਹੈ। ਮੰਗਲਵਾਰ ਦੀ ਮੀਟਿੰਗ ਤੋਂ ਬਾਅਦ ਸੱਤ ਮੈਂਬਰੀ ਕਮੇਟੀ ਦੇ ਜਾਰੀ ਕੀਤੇ ਗਏ ਪ੍ਰੈੱਸ ਬਿਆਨ ਵਿੱਚ ਜੋ ਨੁਕਤਾ ਬਿਆਨ ਕੀਤਾ ਗਿਆ ਹੈ, ਉਹ ਅਕਾਲੀ ਰਾਜਨੀਤੀ ਦੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਅਹਿਮ ਗਿਣਿਆ ਜਾ ਸਕਦਾ ਹੈ। ਇਸ ਮੁਤਾਬਿਕ ਸੱਤ ਮੈਂਬਰੀ ਕਮੇਟੀ ਸ਼੍ਰੋਮਣੀ ਅਕਾਲੀ ਦਲ ਤੋਂ ਇਹ ਜਾਣਨਾ ਚਾਹੁੰਦੀ ਹੈ ਕਿ ਕੀ ਉਹ ਸ੍ਰੀ ਅਕਾਲ ਤਖ਼ਤ ਦੇ ਆਦੇਸ਼ਾਂ ਮੁਤਾਬਿਕ ਆਪਣੀ ਭਰਤੀ ਮੁਹਿੰਮ ਚਲਾਉਣਾ ਚਾਹੁੰਦਾ ਹੈ। ਇਸ ਸਬੰਧ ਵਿੱਚ ਕਮੇਟੀ ਨੇ 11 ਫ਼ਰਵਰੀ ਨੂੰ ਆਪਣੀ ਅਗਲੀ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਸੱਦਿਆ ਹੈ।

ਸ਼੍ਰੋਮਣੀ ਅਕਾਲੀ ਦਲ ਦਾ ਕਾਬਜ਼ ਧੜਾ ਇਸ ਦਲੀਲ ਦਾ ਕਾਇਲ ਰਿਹਾ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਏ ਪੰਥ ਦੇ ਮੁੱਦਿਆਂ ਮੁਤੱਲਕ ਸਿੰਘ ਸਾਹਿਬਾਨ ਨੂੰ ਕਿਸੇ ਕਿਸਮ ਦੀਆਂ ਸਿਆਸੀ ਸੇਧਾਂ ਦੇਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਪਰ ਪਾਰਟੀ ਇਸ ਮਾਮਲੇ 'ਤੇ ਸਪਸ਼ਟ ਸਟੈਂਡ ਲੈਣ ਵਿੱਚ ਨਾਕਾਮ ਰਹੀ ਅਤੇ ਇਸ ਨੇ ਇੱਕ ਪਾਸੇ ਜਿੱਥੇ ਆਪਣੇ ਢੰਗ ਨਾਲ ਮੈਂਬਰਸ਼ਿਪ ਮੁਹਿੰਮ ਵਿੱਢਣ ਦਾ ਐਲਾਨ ਕਰ ਦਿੱਤਾ, ਦੂਜੇ ਪਾਸੇ ਇਹ ਪ੍ਰਭਾਵ ਦੇਣ ਤੋਂ ਵੀ ਗੁਰੇਜ਼ ਕੀਤਾ ਕਿ ਇਹ ਧੜਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਨੂੰ ਮੰਨ ਕੇ ਲਾਗੂ ਕਰਨ ਤੋਂ ਇਨਕਾਰੀ ਹੈ। ਇਸੇ ਕਰ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਇੱਕ ਤੋਂ ਵੱਧ ਵਾਰ ਇਹ ਸਪਸ਼ਟ ਕਰਨਾ ਪਿਆ ਕਿ ਦੋ ਦਸੰਬਰ ਦੇ ਹੁਕਮਨਾਮੇ ਤੋਂ ਪਿੱਛੇ ਨਹੀਂ ਹਟਿਆ ਜਾ ਸਕਦਾ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਇਸ ਦੀ ਇੰਨ-ਬਿੰਨ ਪਾਲਣਾ ਕਰਨੀ ਪਵੇਗੀ।

ਹਾਲ ਹੀ ਵਿੱਚ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਹੋਈਆਂ ਹਨ ਜਿਨ੍ਹਾਂ ਵਿੱਚ ਸਿੱਖ ਸੰਗਤ ਨੇ ਸਾਰੇ ਸਥਾਪਿਤ ਧੜਿ ?ਆਂ ਨੂੰ ਰੱਦ ਕਰ ਕੇ ਬਹੁਗਿਣਤੀ ਆਜ਼ਾਦ ਉਮੀਦਵਾਰਾਂ ਨੂੰ ਜਿਤਾਇਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਪ੍ਰਕਿਰਿਆ ਚੱਲ ਰਹੀ ਹੈ ਅਤੇ ਇਸ ਸਾਲ ਕਿਸੇ ਵੀ ਸਮੇਂ ਚੋਣਾਂ ਦਾ ਐਲਾਨ ਹੋ ਸਕਦਾ ਹੈ। ਸ਼੍ਰੋਮਣੀ ਅਕਾਲੀ ਦਲ ਪਿਛਲੇ ਕਰੀਬ ਅੱਠ ਸਾਲਾਂ ਤੋਂ ਸੱਤਾ 'ਚੋਂ ਬਾਹਰ ਹੈ ਜਿਸ ਕਰ ਕੇ ਇਸ ਨੂੰ ਅਜਿਹਾ ਕੋਈ ਵੀ ਕਦਮ ਵਾਰਾ ਨਹੀਂ ਖਾਵੇਗਾ ਜਿਸ ਨਾਲ ਇਹ ਆਪਣੇ ਰਵਾਇਤੀ ਵੋਟ ਬੈਂਕ ਤੋਂ ਟੁੱਟੇ। ਇਸ ਦੇ ਸਨਮੁੱਖ ਅਕਾਲੀ ਦਲ ਨੂੰ ਆਪਣੇ ਅੰਦਰੂਨੀ ਸੰਕਟਾਂ ਨੂੰ ਹੱਲ ਕਰਨ ਲਈ ਵਧੇਰੇ ਹਕੀਕਤਪਸੰਦ ਅਤੇ ਰਵਾਦਾਰੀ ਵਾਲਾ ਰਾਹ ਅਖ਼ਤਿਆਰ ਕਰਨਾ ਪੈ ਸਕਦਾ ਹੈ।

# ਪਬਲਿਕ ਕਾਲਜ 'ਚ ਬਸੰਤ ਆਗਮਨ ਮੌਕੇ ਸ਼ਾਨਦਾਰ ਸੱਭਿਆਚਾਰਕ ਸਮਾਗਮ ਦਾ ਸਫਲ ਉਪਰਾਲਾ

**ਸਮਾਣਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪਬਲਿਕ ਕਾਲਜ, ਸਮਾਣਾ ਦੇ ਸੰਗੀਤ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਬਸੰਤ ਰੁੱਤ ਦੇ ਸੁਆਗਤ ਵਿੱਚ ਇੱਕ ਵਿਲੱਖਣ ਤੇ ਰੰਗ-ਬਿਰੰਗਾ ਸੱਭਿਆਚਾਰਕ ਸਮਾਗਮ ਆਯੋਜਿਤ ਕੀਤਾ ਗਿਆ।

ਇਸ ਪਾਵਨ ਅਵਸਰ 'ਤੇ ਸ਼ਬਦ-ਗਾਇਨ, ਸਰਸਵਤੀ ਵੰਦਨਾ, ਕਵਿਤਾ ਪਾਠ, ਭਾਸ਼ਣ, ਲੋਕ-ਸੰਗੀਤ ਅਤੇ ਪਤੰਗ ਬਣਾਉਣ ਦੇ ਮੁਕਾਬਲੇ ਆਕਰਸ਼ਣ ਦਾ ਕੇਂਦਰ ਰਹੇ।

ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦੀ ਬਸੰਤ ਕੀ ਵਾਰ ਅਤੇ ਬਸੰਤ ਰਾਗ ਵਿੱਚ ਸ਼ਬਦ-ਗਾਇਨ ਨਾਲ ਹੋਈ, ਜਿਸ ਨੇ ਪੂਰੇ ਪ੍ਰੰਗਣ ਨੂੰ ਆਧਿਆਤਮਿਕ ਚੌਗਿਰਦੇ 'ਚ ਢਾਲ ਲਿਆ। ਵਿਦਿਆਰਥੀਆਂ ਨੇ ਬਸੰਤ ਰੁੱਤ ਦੀ ਮਹੱਤਤਾ ਉਜਾਗਰ ਕਰਦਿਆਂ ਸੁੰਦਰ ਕਵਿਤਾਵਾਂ ਅਤੇ ਭਾਸ਼ਣ ਵੀ ਪੇਸ਼ ਕੀਤੇ, ਜੋ ਉਨ੍ਹਾਂ ਦੇ ਰੁਚਿਕਰ ਤੇ ਵਿਚਾਰਸ਼ੀਲ ਮਾਨਸਿਕਤਾ ਨੂੰ ਦਰਸਾਉਂਦੇ ਸਨ।

ਪਤੰਗ ਬਣਾਉਣ ਦੇ ਮੁਕਾਬਲੇ ਵਿਦਿਆਰਥੀਆਂ ਵਿਚਕਾਰ ਗੱਜ-ਬੱਜ ਕੇ ਹੋਏ, ਜਿਸ ਵਿੱਚ ਡਾ. ਹਰਕੀਰਤਨ ਕੌਰ, ਪ੍ਰੋ. ਜਸਵਿੰਦਰ ਬੀਰ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਮੋਨੀਟਾ ਸਲੂਜਾ ਅਤੇ ਡਾ. ਇਕਬਾਲ ਸਿੰਘ ਨੇ ਨਿਆਂਧੀਸ਼ ਦੀ ਭੂਮਿਕਾ ਨਿਭਾਈ। ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਵਜੋਂ -ਪਹਿਲਾ ਸਥਾਨ - ਜੋਤੀ ਕੌਰ (ਐਮ.ਏ. ਪੰਜਾਬੀ ਭਾਗ ਦੂਜਾ),ਦੂਜਾ ਸਥਾਨ - ਵਰੁਣ ਅਤੇ ਲਵਜੀਤ (ਗਿਆਰਵੀਂ ਆਰਟਸ),ਤੀਜਾ ਸਥਾਨ - ਨਵਜੋਤ ਅਤੇ ਕਰਨਦੀਪ (ਗਿਆਰਵੀਂ ਆਰਟਸ) ਤੋਂ ਇਲਾਵਾ, ਅਮਨਦੀਪ ਕੌਰ (ਐਮ.ਏ. ਪੰਜਾਬੀ), ਕਰਮਜੀਤ ਸਿੰਘ (ਬੀ.ਕੌਮ ਪਹਿਲਾ ਭਾਗ) ਅਤੇ ਗੁਰਸ਼ਰਨ ਵੀਰ ਸਿੰਘ (ਬੀ.ਏ. ਪਹਿਲਾ ਭਾਗ) ਨੂੰ ÷ਹੌਸਲਾ ਅਫ਼ਜ਼ਾਈ÷ ਇਨਾਮ ਦਿੱਤੇ ਗਏ। ਜੇਤੂਆਂ ਨੂੰ ਪੁਰਸਕਾਰ ਅਤੇ ਪ੍ਰਮਾਣ-ਪੱਤਰ ਨਾਲ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦੇ ਮੰਚ-ਸੰਚਾਲਨ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੰਗੀਤ ਵਿਭਾਗ ਦੀ ਮੁਖੀ ਪ੍ਰੋ. ਮਨੀਸ਼ਾ ਨੇ ਬਖੂਬੀ ਨਿਭਾਈ।

ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ, ਜਿਨ੍ਹਾਂ ਦੀ ਅਗਵਾਈ ਹੇਠ ਇਹ ਰੰਗਾਰੰਗ ਸਮਾਰੋਹ ਆਯੋਜਿਤ ਹੋਇਆ, ਨੇ ਵਿਦਿਆਰਥੀਆਂ ਨੂੰ ਬਸੰਤ ਰੁੱਤ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੂੰ ਸੱਤਕਾਰ, ਵਿਅਕਤੀਗਤ ਵਿਕਾਸ ਅਤੇ ਸਾਂਝੀ ਸੱਭਿਆਚਾਰਕ ਵਿਰਾਸਤ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਟੱਪੇ ਤੇ ਲੋਕ-ਗੀਤ ਪੇਸ਼ ਕਰਕੇ ਸਮਾਗਮ ਨੂੰ ਹੋਰ ਵੀ ਸੁਨਖ਼ਰ ਬਣਾਇਆ ਗਿਆ। ਇਸ ਦੌਰਾਨ, ਕਾਲਜ ਸਟਾਫ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ। ਇਹ ਸਮਾਗਮ ਭਾਈਚਾਰੇ ਲਈ ਇੱਕ ਅਨਮੋਲ ਯਾਦਗਾਰ ਬਣ ਗਿਆ।

# ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਆਈ.ਐਸ.ਸੀ. ਬੈਚ-2025 ਦਾ ਪਾਸਿੰਗ ਆਊਟ ਸਮਾਰੋਹ ਆਯੋਜਿਤ

**ਨਾਭਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ 2025 ਦੇ ਆਈ.ਐਸ.ਸੀ. ਬੈਚ ਲਈ ਪਾਸਿੰਗ ਆਊਟ ਸਮਾਰੋਹ ਬਹੁਤ ਹੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਮੇਜਰ ਜਨਰਲ ਬੀ.ਐਸ. ਗਰੇਵਾਲ, ਵੀ.ਐਸ.ਐਮ., ਨੇ ਮੁੱਖ ਮਹਿਮਾਨ ਵਜੋਂ ਸਮਾਰੋਹ ਦੀ ਪ੍ਰਧਾਨਗੀ ਕੀਤੀ।

ਸਮਾਗਮ ਇੱਕ ਪ੍ਰਭਾਵਸ਼ਾਲੀ ਅਕਾਦਮਿਕ ਜਲੂਸ ਨਾਲ ਸ਼ੁਰੂ ਹੋਇਆ ਜੋ ਕਿ ਟੈਨਿਸ ਕੋਰਟ ਤੋਂ ਪਵਾਟੇ ਹਾਲ ਤੱਕ ਸ਼ਾਨੋ-ਸ਼ੌਕਤ ਨਾਲ ਚਲਿਆ, ਜੋ ਸਕੂਲ ਦੀਆਂ ਅਮੀਰ ਪਰੰਪਰਾਵਾਂ ਨੂੰ ਦਰਸਾਉਂਦਾ ਸੀ। ਸਮਾਰੋਹ ਦੌਰਾਨ ਵਿਦਿਆਰਥੀਆਂ ਬਾਰੇ ਪ੍ਰਸ਼ੰਸਾ ਪੱਤਰ ਪੜ੍ਹੇ ਗਏ, ਜਿਸ ਵਿੱਚ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ। ਵਿਦਿਆਰਥੀਆਂ ਦੇ ਸਕੂਲ ਦੌਰਾਨ ਅਕਾਦਮਿਕ, ਸਹਿ-ਪਾਠਕ੍ਰਮ ਅਤੇ ਨਿੱਜੀ ਮੀਲ ਪੱਥਰਾਂ ਨੂੰ ਯਾਦ ਕੀਤਾ ਗਿਆ। ਮੇਜਰ ਜਨਰਲ ਗਰੇਵਾਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮਰਪਣ ਅਤੇ ਪ੍ਰਾਪਤੀਆਂ ਲਈ ਪ੍ਰਸ਼ੰਸਾ ਦੇ ਚਿੰਨ੍ਹ ਵਜੋਂ ਯਾਦਗਾਰੀ ਚਿੰਨ੍ਹ ਭੇਟ ਕੀਤੇ। ਸਮਾਗਮ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਨੌਜਵਾਨ ਗ੍ਰੈਜੂਏਟਾਂ ਨੂੰ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਲਗਨ ਨਾਲ ਕੰਮ ਕਰਨ ਅਤੇ ਜ਼ਿੰਦਗੀ ਦੀਆਂ ਚੁਣੌਤੀਆਂ ਦਾ ਦ੍ਰਿੜਤਾ ਨਾਲ ਸਾਹਮਣਾ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਉਨ੍ਹਾਂ ਵਿੱਚ ਪਾਈਆਂ ਗਈਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਨੇਕ ਕੰਮਾਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ।

ਡਾ. ਡੀ. ਸੀ. ਸ਼ਰਮਾ ਨੇ ਮੇਜਰ ਜਨਰਲ ਗਰੇਵਾਲ ਨੂੰ ਸਤਿਕਾਰ ਵਜੋਂ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ। ਸਮਾਰੋਹ ਦੀ ਸਮਾਪਤੀ ਹੈਡਮਾਸਟਰ ਗ੍ਰੀਨ ਵਿਖੇ ਆਯੋਜਿਤ ਇੱਕ ਰਸਮੀ ਰਾਤ ਦੇ ਖਾਣੇ ਨਾਲ ਹੋਈ।

# ਵਿਧਾਇਕ ਦੇਵ ਮਾਨ ਵੱਲੋਂ 9 ਫਰਵਰੀ ਐਤਵਾਰ ਨੂੰ ਹੋਣ ਵਾਲੇ 28ਵਾਂ ਮੇਲਾ ਨਾਭੇ ਦਾ ਪੋਸਟਰ ਕੀਤਾ ਗਿਆ ਰਿਲੀਜ਼



**ਨਾਭਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਭੇ ਦੀ ਸਿਰਮੌਰ ਸੰਸਥਾ ਨਾਭਾ ਸੋਸ਼ਲ ਵੈਲਫੇਅਰ ਐਂਡ ਕਲਚਰਲ ਕਲੱਬ (ਰਜਿ) ਕਲੱਬ ਪ੍ਰਧਾਨ ਐਡਵੋਕੇਟ ਮੱਖਣ ਸਿੰਘ ਦੀ ਅਗਵਾਈ ਹੇਠ 9 ਫਰਵਰੀ, ਦਿਨ ਐਤਵਾਰ ਨੂੰ ਸਥਾਨਕ ਰਿਪਦਮਨ ਕਾਲਜ ਸਟੇਡੀਅਮ ਵਿਖੇ ਸਵੇਰ 10 ਵਜੇ ਤੋਂ 7 ਵਜੇ ਤੱਕ ਹੋਣ ਵਾਲੇ 28ਵੇਂ ਨਿਰਮਲ ਸਿੰਘ ਨਹਿਲਾ ਯਾਦਗਾਰੀ ਸੱਭਿਆਚਾਰਕ ਮੇਲਾ ÷ਮੇਲਾ ਨਾਭੇ ਦਾ÷ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਦਾ ਅੱਜ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਪੋਸਟਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਐਡਵੋਕੇਟ ਮੱਖਣ ਸਿੰਘ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਢੀਂਡਸਾ ਨੇ ਦੱਸਿਆ ਕਿ ਮੇਲੇ ਦੌਰਾਨ ਸਵੇਰੇ 10 ਤੋਂ 2 ਵਜੇ ਤੱਕ ਕਲੱਬ ਪ੍ਰਧਾਨ ਮੱਖਣ ਸਿੰਘ ਦੀ ਧਰਮਪਤਨੀ ਸਵ: ਬਲਜੀਤ ਕੌਰ ਅਤੇ ਕਲੱਬ ਦੇ ਸੀਨੀਅਰ ਮੈਂਬਰ ਸਵ: ਸੰਤੋਖ ਸਿੰਘ ਢੀਂਡਸਾ ਜੀ ਦੀ ਨਿੱਘੀ ਯਾਦ 'ਚ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਪੋਸਟਰ ਰਿਲੀਜ਼ ਕਰਨ ਉਪਰੰਤ ਹਲਕਾ ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਮੇਲੇ ਦੌਰਾਨ ਦਿੱਤੇ ਜਾਣ ਵਾਲੇ ਪੰਜ ਅਵਾਰਡ ਜਿਵੇਂ ਕਿ ਪ੍ਰੋਫੈਸਰ ਅਵਤਾਰ ਸਿੰਘ ਫਗਵਾੜਾ ਨੂੰ ਭਾਈ ਕਾਨ੍ਹ ਸਿੰਘ ਨਾਭਾ (ਸਾਹਿਤਕਾਰ ਲਈ), ਚਰਚਿਤ ਪੰਜਾਬੀ ਲੋਕ ਗਾਇਕਾ ਅਮਨ ਰੋਜ਼ੀ ਨੂੰ ਸ. ਨਿਰਮਲ ਸਿੰਘ ਨਹਿਲਾ ਪੁਰਸਕਾਰ (ਗਾਇਕ ਲਈ) ਧਰਮ ਸਿੰਘ ਕੰਮੇਆਣਾ ਨੂੰ ਸ਼ਿਵ ਕੁਮਾਰ ਬਟਾਲਵੀ ਪੁਰਸਕਾਰ ( ਗੀਤਕਾਰ ਲਈ) ਪ੍ਰਸਿੱਧ ਸਮਾਜ ਸੇਵਕ ਸਰਦਾਰ ਚਰਨ ਸਿੰਘ ਨੂੰ ਮਹਾਰਾਜਾ ਰਿਪੁਦਮਨ ਸਿੰਘ ਪੁਰਸਕਾਰ (ਸਮਾਜ ਸੇਵਕ) ਲਈ ਤੇ ਸਿਹਤ ਸੇਵਾਵਾਂ ਲਈ ਡਾਕਟਰ ਅਨੁਮੇਹਾ ਭੱਲਾ ਐਮ.ਡੀ ਮੈਡੀਸਨ ਨੂੰ ਡਾ. ਬਚਿੱਤਰ ਸਿੰਘ ਪੁਰਸਕਾਰ ਲਈ ਚੁਣਿਆ ਗਿਆ ਹੈ। ਉਹਨਾਂ ਕਿਹਾ ਕਿ ਸੰਸਥਾ ਵੱਲੋਂ ਐਵਾਰਡ ਨਾਲ ਸਨਮਾਨਿਤ ਕਰਨਾ ਬਹੁਤ ਹੀ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵੱਖ ਵੱਖ ਖੇਤਰਾਂ 'ਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ, ਖਿਡਾਰੀਆਂ, ਸੱਭਿਆਚਾਰਕ ਖੇਤਰ 'ਚ ਨਾਭੇ ਦਾ ਨਾਮ ਸੂਬ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਚਮਕਾਉਣ ਵਾਲੀਆਂ ਸ਼ਖਸ਼ੀਅਤਾਂ ਦਾ ਸੰਸਥਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ਇਸ ਮੌਕੇ ਉਨਾਂ ਦੇ ਨਾਲ ਦਰਸ਼ਨ ਸਿੰਘ ਬੁੱਟਰ , ਸੱਤਪਾਲ ਮਿੱਤਲ , ਹਰਪ੍ਰੀਤ ਸਿੰਘ ਥੂਹੀ , ਤੇਜਿੰਦਰ ਸਿੰਘ ਖਹਿਰਾ, ਭੁਪਿੰਦਰ ਸਿੰਘ ਕੱਲਰ ਮਾਜਰੀ, ਮਨਪ੍ਰੀਤ ਸਿੰਘ ਕਾਲੀਆ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ, ਅਮਨਦੀਪ ਸਿੰਘ ਸਰਪੰਚ ਕੋਟ ਕਲਾਂ ਅਤੇ ਹੋਰ ਆਹੁਦੇਦਾਰ ਮੌਜੂਦ ਸਨ।

# ਪੰਜਾਬ ਦੀਆਂ ਛੇ ਨਗਰ ਨਿਗਮਾਂ 'ਤੇ ਆਪ ਪਾਰਟੀ ਦੇ ਮੇਅਰ ਬਣਨਾ

**ਬਟਾਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਬਟਾਲਾ ਦੇ ਨੌਜਵਾਨ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਸ੍ਰੀ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਦੀਆਂ ਪੰਜ ਨਗਰ ਨਿਗਮਾਂ 'ਤੇ ਆਪ ਪਾਰਟੀ ਦੇ ਮੇਅਰ ਬਣਨ ਉਪਰੰਤ ਬਠਿੰਡਾ ਨਗਰ ਨਿਗਮ ਵਿੱਚ ਵੀ ਆਮ ਆਦਮੀ ਪਾਰਟੀ ਦੇ ਕੌਂਸਲਰ ਪਦਮਜੀਤ ਮਹਿਤਾ ਨੂੰ ਬਠਿੰਡਾ ਨਗਰ ਨਿਗਮ ਦਾ ਮੇਅਰ ਚੁਣਿਆ ਗਿਆ ਹੈ, ਇਸ ਲਈ ਬਠਿੰਡਾ ਦੀ ਪੂਰੀ ਟੀਮ ਵਧਾਈ ਦੀ ਹੱਕਦਾਰ ਹੈ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਬਠਿੰਡਾ ਦੇ ਲੋਕਾਂ ਅਤੇ ਪਾਰਟੀ ਦੇ ਸਥਾਨਕ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਕੌਂਸਲਰਾਂ ਨੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਆਪਣੇ ਸ਼ਹਿਰ ਦੇ ਵਿਕਾਸ ਅਤੇ ਸਥਾਨਕ ਸਮੱਸਿਆਵਾਂ ਦਾ ਜਲਦੀ ਹੱਲ ਲਈ 'ਆਪ' ਦਾ ਮੇਅਰ ਬਣਾਇਆ ਹੈ।ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ ਨੇ ਕਿਹਾ ਕਿ ਪਦਮਜੀਤ ਮਹਿਤਾ ਮੇਰਾ ਛੋਟਾ ਵੀਰ ਹੈ ਅਤੇ ਉਸ ਵਿੱਚ ਲੋਕਾਂ ਪ੍ਰਤੀ ਕੰਮ ਕਰਨ ਦਾ ਪੂਰਾ ਜਨੂੰਨ ਹੈ। ਉਨ੍ਹਾਂ ਪਦਮਜੀਤ ਮਹਿਤਾ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰੀ ਆਸ ਹੈ ਕਿ ਉਹ ਬਠਿੰਡਾ ਵਾਸੀਆਂ ਦੇ ਭਰੋਸੇ 'ਤੇ ਖਰ੍ਹਾ ਉੱਤਰਨਗੇ ਅਤੇ ਬਠਿੰਡਾ ਵਿੱਚ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਉਣਗੇ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ ਕਿ ਹਾਲ ਹੀ 'ਚ ਸੰਪੰਨ ਹੋਈਆਂ ਨਗਰ ਨਿਗਮ ਚੋਣਾਂ 'ਚ ਆਮ ਆਦਮੀ ਪਾਰਟੀ ਨੇ 55 ਫੀਸਦੀ ਤੋਂ ਵੱਧ ਸੀਟਾਂ ਜਿੱਤੀਆਂ ਹਨ।



# ਜ਼ਿਲ੍ਹਾ ਖਣਿਜ ਫਾਊਡੇਸ਼ਨ ਕਮੇਟੀ ਦੀ ਮੀਟਿੰਗ ਆਯੋਜਿਤ

**ਬਠਿੰਡਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਖਣਿਜ ਫਾਊਡੇਸ਼ਨ ਕਮੇਟੀ ਦੀ ਮੀਟਿੰਗ ਹੋਈ। ਇਸ ਮੌਕੇ ਜਲ ਸਰੋਤ, ਪੇਂਡੂ ਵਿਕਾਸ ਤੇ ਪੰਚਾਇਤ, ਲੋਕ ਨਿਰਮਾਣ, ਜ਼ਿਲ੍ਹਾ ਪ੍ਰੋਗਰਾਮ, ਸਿੱਖਿਆ ਅਤੇ ਪੁਲਿਸ ਆਦਿ ਵਿਭਾਗਾਂ ਨਾਲ ਸਬੰਧਤ ਵਿਕਾਸ ਕਾਰਜਾਂ ਲਈ ਫੰਡਾਂ ਦੀ ਪ੍ਰਵਾਨਗੀ ਲਈ ਸਮੀਖਿਆ ਕੀਤੀ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਨੂੰ ਲਗਭਗ 2.15 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਪ੍ਰਵਾਨਗੀ ਦਿੱਤੀ।

# ਪੰਜਵੀਂ ਜਮਾਤ ਦੀ ਸਾਲਾਨਾ ਪ੍ਰੀਖਿਆ ਲਈ ਅੰਤਰ ਬਲਾਕ ਡਿਊਟੀਆਂ ਅਧਿਆਪਕ ਵਰਗ ਦੀ ਖੱਜਲ ਖ਼ੁਆਰੀ ਦਾ ਸਬੱਬ : ਡੀ.ਟੀ.ਐੱਫ



**ਮਾਛੀਵਾੜਾ ਸਾਹਿਬ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਾਇਮਰੀ ਵਿਭਾਗ ਵਿੱਚ ਪੰਜਵੀਂ ਜਮਾਤ ਦੀ ਹੋਣ ਜਾ ਰਹੀ ਸਲਾਨਾ ਪ੍ਰੀਖਿਆ ਕਰਾਉਂਣ ਲਈ ਅਧਿਆਪਕਾਂ ਦੀਆਂ ਅੰਤਰ ਬਲਾਕ ਡਿਊਟੀਆਂ ਲਗਾਉਣ ਦੀ ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਫ਼ਰੰਟ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਜਥੇਬੰਦੀ ਦੇ ਜਿਲ੍ਹਾ ਪ੍ਰਧਾਨ ਦਲਜੀਤ ਸਿੰਘ ਸਮਰਾਲਾ ਅਤੇ ਜਿਲ੍ਹਾ ਜਨਰਲ ਸਕੱਤਰ ਹਰਜੀਤ ਸਿੰਘ ਸੁਧਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਵੀ ਪੰਜਵੀਂ ਜਮਾਤ ਦੀ ਸਾਲਾਨਾ ਪ੍ਰੀਖਿਆ ਕਰਾਉਣ ਲਈ ਅਧਿਆਪਕਾਂ ਦੀਆਂ ਸੈਂਟਰ ਪੱਧਰ ਤੇ ਸਕੂਲ ਬਦਲ ਕੇ ਡਿਊਟੀਆਂ ਲਗਾਈਆਂ ਜਾਂਦੀਆਂ ਸਨ।

ਪ੍ਰੰਤੂ ਇਸ ਵਾਰ ਅੰਤਰ ਬਲਾਕ ਡਿਊਟੀਆਂ ਲਗਾ ਕੇ ਅਧਿਆਪਕਾਂ ਦੀ ਖੱਜਲ ਖ਼ੁਆਰੀ ਵਿੱਚ ਵਾਧਾ ਕੀਤਾ ਗਿਆ ਹੈ। ਸੀਨੀਅਰ ਮੀਤ ਪ੍ਰਧਾਨ ਦਵਿੰਦਰ ਸਿੰਘ ਸਿੱਧੂ, ਮੀਤ ਪ੍ਰਧਾਨ ਗੁਰਦੀਪ ਸਿੰਘ ਹੇਰਾਂ ਅਤੇ ਪ੍ਰੈੱਸ ਸਕੱਤਰ ਹੁਸ਼ਿਆਰ ਸਿੰਘ ਨੇ ਕਿਹਾ ਕਿ ਪ੍ਰਾਇਮਰੀ ਪੱਧਰ ਤੇ ਨਿਗਰਾਨ ਤਾਇਨਾਤ ਕੀਤੇ ਗਏ ਅਧਿਆਪਕ ਪੇਪਰ ਲੈਣ ਤੋਂ ਬਾਅਦ ਪੇਪਰ ਚੈੱਕ ਕਰਕੇ ਰਿਜਲਟ ਸੈਂਟਰ ਸਕੂਲ ਮੁਖੀ ਨੂੰ ਜਮਾਂ ਕਰਵਾਉਣਗੇ।

ਸੈਂਟਰ ਸਕੂਲ ਮੁਖੀ ਇਸ ਰਿਜਲਟ ਨੂੰ ਉਸੇ ਦਿਨ ਅਪਲੋਡ ਕਰਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨੂੰ ਭੇਜਣਗੇ। ਇਸ ਤਰ੍ਹਾਂ ਅਧਿਆਪਕ ਵਰਗ ਦੀ ਖੱਜਲ ਖ਼ੁਆਰੀ ਵਧੇਗੀ ਅਤੇ ਅਧਿਆਪਕਾਂ ਤੇ ਕੰਮ ਦਾ ਵਾਧੂ ਬੋਝ ਪਵੇਗਾ। ਜਿਲ੍ਹਾ ਜਥੇਬੰਦਕ ਸਕੱਤਰ ਗੁਰਪ੍ਰੀਤ ਸਿੰਘ ਖੰਨਾ ਅਤੇ ਵਿੱਤ ਸਕੱਤਰ ਗੁਰਬਚਨ ਸਿੰਘ ਨੇ ਕਿਹਾ ਕਿ ਪਹਿਲਾਂ ਵਾਲੇ ਸਿਸਟਮ ਤਹਿਤ ਹੀ ਪੇਪਰ ਲਏ ਜਾਣ।

ਉਨ੍ਹਾਂ ਕਿਹਾ ਨਵੇਂ ਹੁਕਮਾਂ ਤਹਿਤ ਉਮਰ ਵਿੱਚ ਛੋਟੇ ਵਿਦਿਆਰਥੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਵੇਗਾ।

ਇਸ ਤਰ੍ਹਾਂ ਉਹ ਆਪਣਾ ਇਮਤਿਹਾਨ ਵੀ ਠੀਕ ਢੰਗ ਨਾਲ ਨਹੀਂ ਦੇ ਸਕਣਗੇ। ਇਸ ਸਮੇਂ ਬਲਾਕ ਪ੍ਰਧਾਨ ਖੰਨਾ ਹਰਪਿੰਦਰ ਸ਼ਾਹੀ, ਬਲਾਕ ਪ੍ਰਧਾਨ ਸਮਰਾਲਾ ਜਸਕਰਨ ਸਿੰਘ, ਹਰਦੀਪ ਸਿੰਘ ਸਕੱਤਰ ਬਲਾਕ ਸਕੱਤਰ ਸਿੱਧਵਾਂ ਬੇਟ, ਲਾਲ ਸਿੰਘ ਬਲਾਕ ਪ੍ਰਧਾਨ ਮਾਂਗਟ,ਬਲਾਕ ਪ੍ਰਧਾਨ ਲੁਧਿਆਣਾ ਅਰਵਿੰਦਰ ਭੰਗੂ,ਬਲਾਕ ਪ੍ਰਧਾਨ ਮਾਛੀਵਾੜਾ ਸਾਹਿਬ ਰਾਜਿੰਦਰ ਸਿੰਘ, ਜਸਵਿੰਦਰ ਸਿੰਘ ਰਾਏਕੋਟੀ, ਗੁਰਪ੍ਰੀਤ ਮਾਹੀ,ਪਰਮਜੀਤ ਸਿੰਘ ਬਲਾਕ ਸਕੱਤਰ ਖੰਨਾ,ਜਗਵਿੰਦਰ ਸਿੰਘ ਅਕਾਲਗੜ੍ਹ,ਸੁਖਮਿੰਦਰ ਸਿੰਘ ਅਕਾਲਗੜ੍ਹ, ਬਲਜੀਤ ਸਿੰਘ ਮਾਛੀਵਾੜਾ,ਰਾਜਿੰਦਰ ਸਿੰਘ ਸਮਰਾਲਾ ਅਧਿਆਪਕ ਸਾਥੀ ਸ਼ਾਮਿਲ ਸਨ।

# ਜਿਲ੍ਹਾ ਪੱਧਰ ਤੇ ਔਰਤਾਂ ਲਈ ਸਿਹਤ ਸਫਾਈ ਅਤੇ ਜਾਗਰੁਕਤਾ ਕੈਂਪ ਕੀਤਾ ਆਯੋਜਿਤ

**ਪਠਾਨਕੋਟ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਸਮਾਜਿੱਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪਠਾਨਕੋਟ ਵੱਲੋਂ ਔਰਤਾਂ ਲਈ ਸਿਹਤ ਸਫਾਈ ਅਤੇ ਜਾਗਰੁਕਤਾ ਕੈਂਪ ਜਿਲ੍ਹਾ ਪੱਧਰੀ ਪ੍ਰੋਗਰਾਮ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਆਯੋਜਿਤ ਕੀਤਾ ਗਿਆ। ਸਮਾਰੋਹ ਵਿੱਚ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਮੁੱਖ ਮਹਿਮਾਨ ਵਜੋਂ ਹਾਜਰ ਹੋਏ ਅਤੇ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਵਿਸੇਸ ਮਹਿਮਾਨ ਵਜੋਂ ਸਾਮਲ ਹੋਏ। ਇਸ ਤੋਂ ਇਲਾਵਾ ਸਰਵਸ੍ਰੀ ਹਰਦੀਪ ਸਿੰਘ ਵਧੀਕ ਡਿਪਟੀ ਕਮਿਸਨਰ (ਜ), ਮੇਜਰ ਡਾ. ਸੁਮਿਤ ਮੁੱਧ ਐਸ.ਡੀ.ਐਮ. ਧਾਰ ਕਲ੍ਹਾ, ਅਮਰੀਕ ਸਿੰਘ ਜਿਲ੍ਹਾ ਪ੍ਰੋਗਰਾਮ ਅਫਸਰ, ਸੰਜੀਵ ਕੁਮਾਰ ਸੀ.ਡੀ.ਪੀ.ਓ. ਪਠਾਨਕੋਟ, ਨਰੇਸ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਆਮ ਆਦਮੀ ਪਾਰਟੀ, ਪਵਨ ਕੁਮਾਰ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿੰਘ ਮੂੰਨਾ ਅਤੇ ਹੋਰ ਪਾਰਟੀ ਕਾਰਜਕਰਤਾ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀ ਵੀ ਹਾਜਰ ਸਨ।

ਜਿਕਰਯੋਗ ਹੈ ਕਿ ਅੱਜ ਦੇ ਜਿਲ੍ਹਾ ਪੱਧਰੀ ਸਮਾਰੋਹ ਦੋਰਾਨ ਵੱਖ ਵੱਖ ਵਿਭਾਗਾਂ ਵੱਲੋਂ ਜਿਸ ਵਿੱਚ ਸਿਹਤ ਵਿਭਾਗ, ਆਯੂਰਵੈਦਿਕ ਵਿਭਾਗ, ਜਿਲ੍ਹਾ ਰੁਜਗਾਰ ਦਫਤਰ, ਜਿਲ੍ਹਾ ਭਲਾਈ ਵਿਭਾਗ, ਸੈਲਫ ਹੇਲਪ ਗਰੁਪਾਂ, ਬਾਗਬਾਨੀ ਵਿਭਾਗ, ਜਿਲ੍ਹਾ ਸਮਾਜਿੱਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪਠਾਨਕੋਟ, ਸਮਾਜਿੱਕ ਸੁਰੱਖਿਆ ਵਿਭਾਗ, ਵਨ ਸਟਾਪ ਸੈਂਟਰ, ਜਿਲ੍ਹਾ ਬਾਲ ਸੁਰੱਖਿਆ ਯੂਨਿਟ, ਬੇਟੀ ਬਚਾਓ ਬੇਟੀ ਪੜਾਓ, ਪੋਸਣ ਅਭਿਆਣ, ਸੀ.ਐਮ. ਦੀ ਯੋਗਸਾਲਾ ਅਤੇ ਹੋਰ ਵੱਖ ਵੱਖ ਸਟਾਲ ਲਗਾਏ ਗਏ। ਇਨ੍ਹਾਂ ਸਟਾਲਾਂ ਤੇ ਸਰਕਾਰ ਵੱਲੋਂ ਕੀਤੀ ਜਾ ਰਹੀ ਕਾਰਗੁਜਾਰੀ ਅਤੇ ਜਨਭਲਾਈ ਕਾਰਜਾਂ ਤੋਂ ਜਾਣੂ ਕਰਵਾਇਆ ਗਿਆ।

ਸਮਾਰੋਹ ਦੇ ਅਰੰਭ ਵਿੱਚ ਵਿਭਾਗ ਵੱਲੋਂ ਮੁੱਖ ਮਹਿਮਾਨ ਅਤੇ ਵਿਸੇਸ ਮਹਿਮਾਨ ਨੂੰ ਫੁੱਲਾਂ ਦੇ ਗੁਲਦਸਤੇ ਭੇਂਟ ਕਰਕੇ ਸਵਾਗਤ ਕੀਤਾ ਗਿਆ, ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਵੱਲੋਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਜੀ ਦੇ ਸਮਾਰੋਹ ਤੇ ਪਹੁੰਚਣ ਤੇ ਦਿਲ ਦੀਆਂ ਗਹਿਰਾਈਆਂ ਤੋਂ ਸਵਾਗਤ ਕੀਤਾ ਗਿਆ। ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਸਮਾਰੋਹ ਦੋਰਾਨ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨਭਲਾਈ ਸਕੀਮਾਂ ਤੇ ਰੋਸਨੀ ਪਾਈ ਗਈ।

ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਅੱਜ ਉਹ ਸਮਾਂ ਹੈ ਕਿ ਬੇਟੇ ਅਤੇ ਬੇਟੀ ਵਿੱਚ ਕੋਈ ਅੰਦਰ ਨਹੀਂ ਰਿਹਾ, ਅੱਜ ਹਰੇਕ ਖੇਤਰ ਅੰਦਰ ਬੇਟੀਆਂ ਨੇ ਅਪਣੀ ਜਗ੍ਹਾ ਬਣਾਈ ਹੈ ਅਤੇ ਅਪਣੇ ਮਾਪਿਆਂ ਦਾ ਨਾਮ ਰੋਸਨ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਸਮਾਜ ਅੰਦਰ ਉਨ੍ਹਾਂ ਲੋਕਾਂ ਦੀ ਮਾਨਸਿਕਤਾ ਨੂੰ ਬਦਲਣ ਦੀ ਲੋੜ ਹੈ ਜੋ ਬੇਟੀ ਨਾਲੋਂ ਜਿਆਦਾ ਬੇਟਿਆਂ ਨੂੰ ਤਰਜੀਹ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇੱਕ ਔਰਤ ਹੀ ਪਰਿਵਾਰ ਅਤੇ ਸਮਾਜ ਨੂੰ ਚੰਗੀ ਦਿਸਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਬੇਟੀ ਨੂੰ ਪੜਾਓ ਅਤੇ ਸਿੱਖਿਅਤ ਕਰਕੇ ਸਮਾਜ ਅੰਦਰ ਅਪਣੇ ਅਧਿਕਾਰਾਂ ਲਈ ਲੜਨ ਲਈ ਖੜੇ ਰਹਿਣਾਂ ਸਿਖਾਓ। ਉਨ੍ਹਾਂ ਕਿਹਾ ਕਿ ਅੱਜ ਬੇਟੀਆਂ ਨੇ ਵੱਖ ਵੱਖ ਖੇਤਰਾਂ ਅੰਦਰ ਬਹੁਤ ਉੱਚੇ ਮੁਕਾਮ ਹਾਂਸਲ ਕੀਤੇ ਹਨ ਅਤੇ ਉਨ੍ਹਾਂ ਬੇਟੀਆਂ ਦੇ ਮਾਪਿਆਂ ਨੂੰ ਅਪਣੀਆਂ ਬੇਟੀਆਂ ਤੇ ਬਹੁਤ ਜਿਆਦਾ ਮਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਔਰਤ ਦੇ ਬਿਨ੍ਹਾਂ ਸੱਭਿਅਕ ਸਮਾਜ ਦੀ ਸਿਰਜਨਾਂ ਨੀ ਕੀਤੀ ਜਾ ਸਕਦੀ, ਇੱਕ ਪਰਿਵਾਰ ਨੂੰ , ਸਮਾਜ ਨੂੰ ਸਹੀ ਦਿਸਾ ਦੇਣ ਵਿੱਚ ਔਰਤ ਦਾ ਬਹੁਤ ਸਹਿਯੋਗ ਰਹਿੰਦਾ ਹੈ।

ਸਮਾਰੋਹ ਦੇ ਅੰਤ ਵਿੱਚ ਸਮਾਜਿੱਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਮੁੱਖ ਮਹਿਮਾਨ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਅਤੇ ਵਿਸੇਸ ਮਹਿਮਾਨ ਸ੍ਰੀ ਆਦਿੱਤਿਆ ਉਪਲ ਡਿਪਟੀ ਕਮਿਸਨਰ ਪਠਾਨਕੋਟ ਅਤੇ ਹੋਰ ਵੱਖ ਵੱਖ ਅਧਿਕਾਰੀਆਂ ਨੂੰ ਯਾਦਗਾਰ ਚਿਨ੍ਹ ਅਤੇ ਪੋਦੇ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੋਕੇ ਤੇ ਬੱਚਿਆਂ ਵੱਲੋਂ ਕੋਰਿਓਗ੍ਰਾਫੀ, ਡਾਂਸ ਅਤੇ ਗਿੱਦਾ ਪੇਸ ਕੀਤਾ ਗਿਆ।

# ਸਾਬਕਾ ਫੌਜੀਆਂ ਤੇ ਆਸ਼ਰਿਤਾਂ ਨੂੰ ਹਰ ਸੰਭਵ ਸਹਾਇਤਾ ਮਿਲੇ: ਮੋਹਿੰਦਰ ਭਗਤ



**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਅੱਜ ਸਾਬਕਾ ਫੌਜੀਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਭਲਾਈ ਲਈ ਰੱਖਿਆ ਸੇਵਾਵਾਂ ਭਲਾਈ ਵਿਭਾਗ ਤੇ ਪੈਸਕੋ ਦੇ ਅਧਿਕਾਰੀਆਂ ਨਾਲ ਪੰਜਾਬ ਸਿਵਲ ਸਕੱਤਰੇਤ ਵਿੱਚ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੋਹਿੰਦਰ ਭਗਤ ਨੇ ਦੋਵਾਂ ਵਿਭਾਗਾਂ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ ਅਤੇ ਵਿਭਾਗ ਵੱਲੋਂ ਸਾਬਕਾ ਫੌਜੀਆਂ ਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਵਿਭਾਗ ਅਧੀਨ ਆਉਂਦੇ ਸੈਨਿਕ ਰੈਸਟ ਹਾਊਸਾਂ ਦੀ ਵੀ ਰਿਪੋਰਟ ਲਈ ਅਤੇ ਉਨ੍ਹਾਂ ਨੂੰ ਹੋਰ ਵਧੀਆ ਬਣਾਉਣ ਲਈ ਲੋੜੀਂਦੇ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਚਾਲੂ ਵਿੱਤੀ ਸਾਲ ਦੌਰਾਨ ਸਰਕਾਰ ਵੱਲੋਂ ਅਲਾਟ ਕੀਤੇ ਗਏ ਬਜਟ ਅਤੇ ਅਗਲੇ ਵਿੱਤੀ ਸਾਲ 2025-26 ਦੇ ਬਜਟ ਬਾਰੇ ਵੀ ਚਰਚਾ ਕੀਤੀ ਗਈ ਤਾਂ ਜੋ ਸਰਕਾਰ ਵੱਲੋਂ ਸਾਬਕਾ ਫੌਜੀਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਲਈ ਲੋੜੀਂਦਾ ਬਜਟ ਉਪਲੱਬਧ ਕਰਵਾਇਆ ਜਾ ਸਕੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਾਬਕਾ ਫੌਜੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਜ਼ਿਲ੍ਹਾ ਪੱਧਰ ਤੇ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਕੀਤੀ ਜਾਵੇ ਤਾਂ ਜੋ ਸਾਬਕਾ ਫੌਜੀਆਂ ਦੀਆਂ ਸਮੱਸਿਆਵਾਂ ਦਾ ਹੱਲ ਸਮਾਂਬੱਧ ਤਰੀਕੇ ਨਾਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹੁਕਮ ਕੀਤੇ ਕਿ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਵੱਲੋਂ ਕੀਤੀਆਂ ਜਾਣ ਵਾਲੀਆਂ ਮੀਟਿੰਗਾਂ ਦੀਆਂ ਰਿਪੋਰਟਾਂ ਸਰਕਾਰ ਨੂੰ ਭੇਜੀਆਂ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਵਿਭਾਗ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੇ ਨਿਰਦੇਸ਼ ਦਿੱਤੇ।

# ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ ਵੱਲੋਂ ਬਾਘਾਪੁਰਾਣਾ ਵਿਖੇ ਕਾਨੂੰਨੀ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ

**ਮੋਗਾ , 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਬਜੀਤ ਸਿੰਘ ਧਾਲੀਵਾਲ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ - ਕਮ - ਚੇਅਰਮੈਨ ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਜੀਆਂ ਦੀ ਅਗਵਾਈ ਅੱਜ ਸਬ ਡਵੀਜ਼ਨ ਬਾਘਾਪੁਰਾਣਾ ਵਿਖੇ ਕਾਨੂੰਨੀ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਸ਼੍ਰੀ ਤਲਵੰਤ ਸਿੰਘ ਰਿਟਾਇਰਡ ਜੱਜ ਦਿੱਲੀ ਹਾਈ ਕੋਰਟ, ਮਿਸ ਕਿਰਨ ਜਯੋਤੀ ਸੀ.ਜੇ.ਐੱਮ-ਕਮ-ਸਕੱਤਰ ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ, ਮਿਸ ਪਾਰੁਲ ਚੇਅਰਮੈਨ ਸਬ ਡਵੀਜਨ ਲੀਗਲ ਸਰਵਿਸਜ਼ ਕਮੇਟੀ ਬਾਘਾਪੁਰਾਣਾ, ਸ਼੍ਰੀ ਹਰਜੀਤ ਸਿੰਘ ਪ੍ਰਧਾਨ ਬਾਰ ਐਸੋਸੀਏਸ਼ਨ ਬਾਘਾਪੁਰਾਣਾ, ਸ਼੍ਰੀ ਬੇਅੰਤ ਸਿੰਘ ਐੱਸ.ਡੀ.ਐੱਮ. ਬਾਘਾਪੁਰਾਣਾ, ਸ਼੍ਰੀ ਸਰਬਜੀਤ ਸਿੰਘ, ਡੀ.ਐੱਸ.ਪੀ. (ਐੱਨ.ਡੀ.ਪੀ.ਐੱਸ) ਮੋਗਾ ਅਤੇ ਸ਼੍ਰੀ ਜਸਵਰਿੰਦਰ ਸਿੰਘ ਐੱਸ.ਐੱਚ.ਓ. ਬਾਘਾਪੁਰਾਣਾ, ਮਿਸ ਨਿਮਰਤਾ ਗਿੱਲ, ਵਕੀਲ ਅਤੇ ਏ.ਐੱਸ.ਆਈ. ਕੇਵਲ ਸਿੰਘ ਅਤੇ ਹੈੱਡ ਕਾਂਸਟੇਬਲ ਸੁਖਜਿੰਦਰ ਸਿੰਘ ਵੀ ਮੌਜੂਦ ਸਨ। ਸ਼੍ਰੀ ਸਰਬਜੀਤ ਸਿੰਘ ਧਾਲੀਵਾਲ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਜੀ ਨੇ ਆਮ ਜਨਤਾ ਅਤੇ ਸਮੂਹ ਵਕੀਲ ਸਾਹਿਬਾਨ ਅਤੇ ਸਮੂਹ ਸਟਾਫ ਨੂੰ ਦੱਸਿਆ ਕਿ ਇਸ ਕੈਂਪ ਦਾ ਮਕਸਦ ਲੋਕਾਂ ਵਿੱਚ ਇਹ ਸੰਦੇਸ਼ ਪਹੁੰਚਾਉਣਾ ਹੈ ਕਿ ਸਾਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ ਕਿਉਂਕਿ ਨਸ਼ੇ ਕਰਨ ਨਾਲ ਸਿਰਫ ਇਕ ਵਿਅਕਤੀ ਦੀ ਜਿੰਦਗੀ ਹੀ ਬਰਬਾਦ ਨਹੀਂ ਹੁੰਦੀ ਬਲਕਿ ਸਾਰਾ ਪਰਿਵਾਰ ਹੀ ਖਤਮ ਹੋ ਜਾਂਦਾ ਹੈ ਅਤੇ ਸਮਾਜ ਤੇ ਵੀ ਇਸਦਾ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਨਸ਼ੇ ਬਹੁਤ ਵਧ ਚੁੱਕੇ ਹਨ ਜੇਕਰ ਇਨ੍ਹਾਂ ਨੂੰ ਨਾ ਰੋਕਿਆ ਗਿਆ ਤਾਂ ਇਹ ਆਉਣ ਵਾਲੀ ਪੀੜ੍ਹੀ ਲਈ ਬਹੁਤ ਹੀ ਘਾਤਕ ਸਿੱਧ ਹੋਣਗੇ। ਇਸ ਮੌਕੇ ਤੇ ਏ.ਐੱਸ.ਆਈ ਕੇਵਲ ਸਿੰਘ ਨੇ ਦੱਸਿਆ ਕਿ ਸਾਨੂੰ ਨਸ਼ਾ ਕਰਨ ਤੋਂ ਬਚਣਾ ਚਾਹੀਦਾ ਹੈ ਅਤੇ ਜੇਕਰ ਕੋਈ ਨਸ਼ਾ ਕਰ ਰਿਹਾ ਹੈ ਤਾਂ ਉਸਨੂੰ ਡੀ ਐਡੀਕਸ਼ਨ ਸੈਂਟਰ ਬਾਰੇ ਦੱਸਿਆ ਜਾਵੇ ਅਤੇ ਨਸ਼ਾ ਵੇਚਣ ਵਾਲਿਆਂ ਖਿਲਾਫ ਪੁਲਿਸ ਨੂੰ ਜਾਰੀ ਕੀਤੇ ਹੋਏ ਟੋਲ ਫਰੀ ਨੰਬਰ 75270-00165 ਉਪਰ ਜਾਣਕਾਰੀ ਦਿੱਤੀ ਜਾਵੇ ਅਤੇ ਸ਼ਿਕਾਇਤ ਕਰਨ ਵਾਲੇ ਦੀ ਜਾਣਕਾਰੀ ਗੁਪਤ ਰੱਖੀ ਜਾਵੇਗੀ।



# ਬਿਹਤਰੀਨ ਭਵਿੱਖ ਲਈ ਚੁਣੋ ਇਹ ਕਰੀਅਰ



• ਮਨਿੰਦਰ ਕੌਰ

ਵਿਦਿਆਰਥੀਆਂ ਦਾ ਰੁਝਾਨ ਨੌਕਰੀ ਦਿਵਾਉਣ ਵਾਲੇ ਕੋਰਸਾਂ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਇਸ ਲਿਹਾਜ਼ ਨਾਲ ਜੀਐੱਸਟੀ ਅਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਮੁਹਾਰਤ ਦਿਵਾਉਣ ਵਾਲੇ ਕੋਰਸਾਂ ਦੀ ਮੰਗ ਸਾਲ 2018 ਵਿਚ ਸਭ ਤੋਂ ਵਧੇਰੇ ਰਹੀ। ਜੀਐੱਸਟੀ (ਗੁਡਜ਼ ਐਂਡ ਸਰਵਿਸਜ਼ ਟੈਕਸ) ਲਾਗੂ ਹੋਣ ਤੋਂ ਬਾਅਦ ਸਾਲ 2017 ’ਚ ਚਾਰਟਰਡ ਅਕਾਊਂਟੈਂਸੀ, ਬੀਕਾਮ, ਬੀਬੀਏ ਵਰਗੇ ਕਈ ਹੋਰ ਕੋਰਸ ਕਰਨ ਵਾਲੇ ਪੇਸ਼ੇਵਰਾਂ ਨੂੰ ਵੱਡੀ ਗਿਣਤੀ ਵਿਚ ਨੌਕਰੀਆਂ ਮਿਲੀਆਂ, ਜਿਸ ਕਾਰਨ ਇਨ੍ਹਾਂ ਕੋਰਸਾਂ ਪ੍ਰਤੀ ਵਿਦਿਆਰਥੀ ਵਧੇਰੇ ਆਕਰਸ਼ਿਤ ਰਹੇ। ਇਕ ਅਨੁਮਾਨ ਅਨੁਸਾਰ ਜੀਐੱਸਟੀ ਲਾਗੂ ਹੋਣ ਤੋਂ ਬਾਅਦ 5 ਲੱਖ ਤੋਂ ਵੱਧ ਮੁਹਾਰਤ ਪ੍ਰਾਪਤ ਲੋਕਾਂ ਨੂੰ ਇਸ ਖੇਤਰ ’ਚ ਨੌਕਰੀਆਂ ਮਿਲ ਚੁੱਕੀਆਂ ਹਨ ਤੇ 2019 ਵਿਚ 13 ਲੱਖ ਨਵੀਆਂ ਨੌਕਰੀਆਂ ਦੀ ਸੰਭਾਵਨਾ ਹੈ। ਨਵੇਂ ਟੈਕਸ ਪ੍ਰਬੰਧਾਂ ਤਹਿਤ 20 ਲੱਖ ਰੁਪਏ ਤੋਂ ਵੱਧ ਟਰਨਓਵਰ ਵਾਲੇ ਕਾਰੋਬਾਰੀਆਂ ਨੂੰ ਹਰ ਮਹੀਨੇ ਜੀਐੱਸਟੀ ਪ੍ਰਕਿਰਿਆ ’ਚੋਂ ਗੁਜ਼ਰਨਾ ਪਵੇਗਾ, ਜਿਸ ਕਾਰਨ ਹਰ ਇਕ ਵਪਾਰੀ ਨੂੰ ਅਜਿਹੇ ਅਕਾਊਂਟਿੰਗ ਮਾਹਿਰ ਨੂੰ ਰੱਖਣਾ ਜ਼ਰੂਰੀ ਹੋ ਗਿਆ ਹੈ, ਜੋ ਹਰ ਮਹੀਨੇ ਦੀ ਖਰੀਦ-ਵਿਕਰੀ ’ਤੇ ਜੀਐੱਸਟੀ ਰਿਟਰਨ ਫਾਇਲ ਕਰਨ ਦੀ ਜ਼ਿੰਮੇਵਾਰੀ ਸੰਭਾਲ ਸਕੇ। ਇਹੀ ਕਾਰਨ ਹੈ ਕਿ ਗਣਿਤ, ਐਨਾਲਿਟੀਕਲ ਤੇ ਸਟੈਟਿਸਟੀਕਲ ਹੁਨਰ ਵਾਲੇ ਵਿਦਿਆਰਥੀਆਂ ਦੀ ਦਿਲਚਸਪੀ ਇਨ੍ਹਾਂ ਕੋਰਸਾਂ ਵੱਲ ਵਧ ਰਹੀ ਹੈ। ਇਸ ਸਾਲ ਇਨ੍ਹਾਂ ਖੇਤਰਾਂ ਪ੍ਰਤੀ ਰੁਝਾਨ ਹੋਰ ਵਧਣ ਦੀ ਉਮੀਦ ਹੈ। ਜੇ ਸਮੁੱਚੇ ਸਿਆਸੀ ਤੇ ਵਿੱਤੀ ਵੇਰਵਿਆਂ ਦਾ ਵਿਸ਼ਲੇਸ਼ਣ ਕਰੀਏ ਤਾਂ ਬੀਤੇ ਵਰ੍ਹਿਆਂ ਦੇ ਮੁਕਾਬਲੇ 2019 ਰੁਜ਼ਗਾਰ ਪੱਖੋਂ ਬਹੁਤ ਅਨੁਕੂਲ ਰਹੇਗਾ। ਕਈ ਅਜਿਹੇ ਖੇਤਰ ਹਨ, ਜਿੱਥੇ ਹੋਰਨਾਂ ਖੇਤਰਾਂ ਦੇ ਮੁਕਾਬਲੇ ਨਵੇਂ ਵਰ੍ਹੇ ਦੌਰਾਨ ਵਧੇਰੇ ਮੰਗ ਰਹੇਗੀ।

## ਕ੍ਰੇਜ਼ੀ ਪ੍ਰੋਫੈਸ਼ਨ

### ਬਿੱਗ ਡਾਟਾ ਐਨਾਲਿਟਿਕਸ

ਤਕਨਾਲੋਜੀ ਦੇ ਇਸ ਦੌਰ ’ਚ ਬਿੱਗ ਡਾਟਾ ਐਨਾਲਿਟਿਕਸ ਆਕਰਸ਼ਕ ਕਰੀਅਰ ਬਦਲ ਸਿੱਧ ਹੋ ਸਕਦਾ ਹੈ। ਜੇ ਤੁਹਾਨੂੰ ਬਿੱਗ ਡਾਟਾ ਜਾਂ ਡਿਜੀਟਲ ਡਾਟਾ (ਉਹ ਡਾਟਾ ਜੋ ਰੋਜ਼ਾਨਾ ਫੇਸਬੁੱਕ, ਵ੍ਹਟਸਐਪ, ਟਵਿੱਟਰ ’ਤੇ ਸ਼ੇਅਰ ਕੀਤਾ ਜਾਂਦਾ ਹੈ ਜਾਂ ਆਨਲਾਈਨ ਲੈਣ-ਦੇਣ ਹੁੰਦਾ ਹੈ) ਨਾਲ ਵਕਤ ਬਿਤਾਉਣਾ ਚੰਗਾ ਲਗਦਾ ਹੈ ਤਾਂ ਇਸ ਚੁਣੌਤੀਪੂਰਨ ਤੇ ਹਾਈਲੀ-ਪੇਡ ਖੇਤਰ ’ਚ ਕਰੀਅਰ ਦੀ ਸ਼ੁਰੂਆਤ ਕਰ ਸਕਦੇ ਹੋ। ਅੱਜ-ਕੱਲ੍ਹ ਕੰਪਨੀਆਂ, ਜਿਵੇਂ ਅਮੇਜ਼ਨ, ਫਲਿੱਪਕਾਰਟ, ਬੈਂਕਿੰਗ, ਇੰਸ਼ੋਰੈਂਸ ਆਦਿ ਦਾ ਪੂਰਾ ਬਿਜ਼ਨਸ ਮਾਡਲ ਇਸ ਡਿਜੀਟਲ ਡਾਟਾ ’ਤੇ ਟਿਕਿਆ ਹੋਇਆ ਹੈ, ਕਿਉਂਕਿ ਕੰਪਨੀਆਂ ਦੇ ਸਰਵਰ ’ਤੇ ਲਗਾਤਾਰ ਇਕੱਠੇ ਹੋਏ ਇਸ ਡਾਟਾ ’ਤੇ ਅਨੇਕਾਂ ਅਜਿਹੇ ਤੱਥ ਹਨ, ਜਿਨ੍ਹਾਂ ਨਾਲ ਕੰਪਨੀਆਂ ਪੂਰਵ ਅਨੁਮਾਨ ਲਗਾ ਕੇ ਵਿਕਰੀ ਦੀ ਰਣਨੀਤੀ ਨੂੰ ਹੋਰ ਮਜ਼ਬੂਤ ਬਣਾ ਸਕਦੀਆਂ ਹਨ। ਐਨਾਲਿਟਿਕਸ ਐਂਡ ਡਾਟਾ ਸਾਇੰਸ ਦੀ ਇਕ ਰਿਪੋਰਟ ਅਨੁਸਾਰ ਦੇਸ਼ ’ਚ ਐਨਾਲਿਟਿਕਸ ਦੇ ਖੇਤਰ ’ਚ 2016 ਦੇ ਮੁਕਾਬਲੇ 2017 ਚ ਦੁੱਗਣੀਆਂ ਨੌਕਰੀਆਂ ਪੈਦਾ ਹੋਈਆਂ, ਕਿਉਂਕਿ ਅਮਰੀਕਾ ਤੋਂ ਬਾਅਦ ਭਾਰਤ ਦੁਨੀਆ ਵਿਚ ਇਕ ‘ਐਨਾਲਿਟੀਕਲ ਹੱਬ’ ਬਣ ਕੇ ਉਭਰਿਆ ਹੈ ਅਤੇ ਨੈੱਸਕਾਮ ਦੀ ਰਿਪੋਰਟ ਅਨੁਸਾਰ ਸਾਲ 2018 ਤਕ ਇੰਡੀਅਨ ਐਨਾਲਿਟਿਕਸ ਮਾਰਕੀਟ ਵਧ ਕੇ ਦੁੱਗਣੀ ਹੋ ਜਾਵੇਗੀ।

#### ਯੋਗਤਾ

ਇਸ ਖੇਤਰ ਵਿਚ ਗ੍ਰੈਜੂਏਟ, ਪੋਸਟ ਗ੍ਰੈਜੂਏਟ ਜਾਂ ਡਾਕਟਰੇਟ ਡਿਗਰੀ ਹੋਲਡਰ, ਹਰ ਕੋਈ ਕਰੀਅਰ ਬਣਾ ਸਕਦਾ ਹੈ ਪਰ ਇਸ ਵਿਚ ਬੀਈ/ਬੀਟੈੱਕ, ਐੱਮਬੀਐੱਮ/ਅਕਾਊਂਟਿੰਗ, ਸਟੈਟਿਸਟਿਕਸ, ਗਣਿਤ ਜਾਂ ਫਿਰ ਕੰਪਿਊਟਰ ਸਾਇੰਸ ਵਿਚ ਗ੍ਰੈਜੂਏਟਸ ਨੂੰ ਤਰਜੀਹ ਦਿੱਤੀ ਜਾਂਦੀ ਹੈ। ਤਕਨੀਕੀ ਮੁਹਾਰਤ ਵਾਲਿਆਂ ਲਈ ਇਥੇ ਵਧੇਰੇ ਮੌਕੇ ਮੌਜੂਦ ਹਨ। ਆਈਆਈਟੀ ਸਮੇਤ ਦੇਸ਼ ਦੀਆਂ ਕਈ ਯੂਨੀਵਰਸਿਟੀਆਂ ਗ੍ਰੈਜੂਏਸ਼ਨ ਤੋਂ ਬਾਅਦ ਹੋਣ ਵਾਲੇ ਬਿੱਗ ਡਾਟਾ ਐਨਾਲਿਟਿਕਸ ਵਿਚ 1 ਤੋਂ 2 ਸਾਲਾ ਕੁੱਲਵਕਤੀ ਕੋਰਸ ਕਰਵਾ ਰਹੀਆਂ ਹਨ, ਜੋ ਜਿਗਸਾ ਐਨਾਲਿਟਿਕਸ ਲੈਬ, ਬੈਂਗਲੁਰੂ ਵਰਗੇ ਕਈ ਨਿੱਜੀ ਇੰਸਟੀਚਿਊਟ ਆਨਲਾਈਨ ਸ਼ਾਰਟ ਟਰਮ ਕੋਰਸਾਂ ਦੇ ਰੂਪ ਵਿਚ ਵੀ ਕਰਵਾ ਰਹੇ ਹਨ। ਇਥੇ ਸ਼ੁਰੂਆਤੀ ਪੈਕੇਜ 10 ਤੋਂ 12 ਲੱਖ ਰੁਪਏ ਸਾਲਾਨਾ ਦਾ ਹੈ ਅਤੇ ਮੁਹਾਰਤ ਤੋਂ ਬਾਅਦ ਇਹ 20 ਤੋਂ 30 ਲੱਖ ਤੱਕ ਪਹੁੰਚ ਸਕਦਾ ਹੈ।

#### ਮੁੱਖ ਸੰਸਥਾਵਾਂ

- ਆਈਆਈਟੀ, ਦਿੱਲੀ/ਖੜਗਪੁਰ। www.kgp.ac.in
- ਇੰਡੀਅਨ ਇੰਸਟੀਚਿਊਟ ਆਫ ਮੈਨੇਜਮੈਂਟ, ਲਖਨਊ/ਕੋਲਕਾਤਾ। www.iiml.ac.in

### ਕੀ ਹੈ ਰੋਬੋਟਿਕਸ?

ਰੋਬੋਟਿਕਸ ਇੰਜੀਨੀਅਰਿੰਗ ਦੀ ਇਕ ਨਵੀਂ ਸ਼ਾਖਾ ਹੈ, ਜੋ ਮਕੈਨੀਕਲ, ਇਲੈਕਟ੍ਰਾਨਿਕ ਤੇ ਕੰਪਿਊਟਰ ਇੰਜੀਨੀਅਰਿੰਗ ਦਾ ਰਲਿਆ-ਮਿਲਿਆ ਰੂਪ ਹੈ, ਜੋ ਅੱਜ-ਕੱਲ੍ਹ ਸਾਇੰਸ ’ਚ ਵਿਦਿਆਰਥੀਆਂ ਦੀ ਪਹਿਲੀ ਪਸੰਦ ਹੈ। ਰੋਬੋਟਿਕਸ ਇੰਜੀਨੀਅਰਿੰਗ ਤਹਿਤ ਰੋਬੋਟ ਦੇ ਵਿਕਾਸ, ਡਿਜ਼ਾਈਨਿੰਗ, ਆਪ੍ਰੇਸ਼ਨ ਅਤੇ ਉਸ ਦੇ ਵਿਭਿੰਨ ਉਪਕਰਨਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾਂਦੀ ਹੈ। ਰੋਬੋਟਿਕਸ ਖੇਤਰ ਵਿਚ ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ), ਕੰਪਿਊਟਰ ਇੰਟੇਗ੍ਰੇਟਿਡ ਮੈਨੂਫੈਕਚਰਿੰਗ, ਕਾਂਪੂਟੇਸ਼ਨਲ ਜੀਓਮੈਟਰੀ, ਰੋਬੋਟ-ਮੋਸ਼ਨ ਪਲਾਨਿੰਗ, ਡਿਜੀਟਲ ਇਲੈਕਟ੍ਰਾਨਿਕਸ ਐਂਡ ਮਾਈਕ੍ਰੋਪ੍ਰੋਸੈਸਰ, ਰੋਬੋਟ ਮੈਨੀਪੁਲੇਟਰ ਆਦਿ ਵਿਸ਼ੇ ਸ਼ਾਮਲ ਹਨ। ਰੋਬੋਟਿਕਸ ਦਰਅਸਲ ਲਾਂਗ-ਟਰਮ ਰਿਸਰਚ ਓਰੀਐਂਟਿਡ ਕੋਰਸ ਹਨ, ਜੋ ਕਈ ਇੰਜੀਨੀਅਰਿੰਗ ਕਾਲਜ ਅਤੇ ਆਈਆਈਟੀਜ਼ ਵੱਲੋਂ ਕਰਵਾਏ ਜਾਂਦੇ ਹਨ। ਰੋਬੋਟਿਕਸ ਇਕ ਕੰਪਿਊਟਰ ਕੰਟਰੋਲ ਤਕਨੀਕ ਦਾ ਨਵਾਂ ਖੇਤਰ ਹੈ, ਜੋ ਤੇਜ਼ੀ ਨਾਲ ਵਿਕਾਸ ਕਰ ਰਿਹਾ ਹੈ।





## ਸਮਾਰਟ ਪ੍ਰੋਫੈਸ਼ਨ

### ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ)

ਜਦੋਂ ਰੋਬੋਟ, ਕੰਪਿਊਟਰ ਪ੍ਰੋਗਰਾਮਾਂ ਰਾਹੀਂ ਇਨਸਾਨਾਂ ਵਾਂਗ ਕੰਮ ਕਰਨ ਲੱਗ ਗਏ, ਸੋਚਣ ਲੱਗ ਗਏ, ਵੇਖਣ ਲੱਗ ਪਏ ਤਾਂ ਇਸ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਕਿਹਾ ਜਾਂਦਾ ਹੈ। ਏਆਈ ਨੇ ਰੋਬੋਟ ’ਚ ਵੀ ਲਗਪਗ ਜਾਨ ਫੂਕ ਦਿੱਤੀ ਹੈ। ਇਥੋਂ ਤਕ ਕਿ ਪਿਛਲੇ ਦਿਨੀਂ ਦੁਨੀਆ ਵਿਚ ਪਹਿਲੀ ਵਾਰ ਕਿਸੇ ਦੇਸ਼ ਨੇ ਇਕ ਰੋਬੋਟ ਨੂੰ ਨਾਗਰਿਕਤਾ ਪ੍ਰਦਾਨ ਕੀਤੀ ਹੈ।

ਸਾਊਦੀ ਅਰਬ ’ਚ ਇਸ ਰੋਬੋਟ ਨੂੰ ਇਕ ਮਹਿਲਾ ਵਾਂਗ ਪੇਸ਼ ਕੀਤਾ ਗਿਆ ਹੈ, ਜਿਸ ਦਾ ਨਾਂ ‘ਸੋਫੀਆ’ ਰੱਖਿਆ ਗਿਆ ਤੇ ਉਸ ਦੀਆਂ ਸੰਵੇਦਨਾਵਾਂ ਨੂੰ ਪਰਖਣ ਲਈ ਸਵਾਲ-ਜਵਾਬ ਵੀ ਕੀਤੇ ਗਏ। ਸੋਫੀਆ ਨੇ ਦਿਮਾਗ਼ ਦੇ ਮਾਮਲੇ ’ਚ ਇਨਸਾਨਾਂ ਨੂੰ ਪਛਾੜ ਦਿੱਤਾ ਹੈ। ਜਾਪਾਨ, ਮਨੁੱਖੀ ਦਿਮਾਗ਼ ਵਾਂਗ ਕੰਮ ਕਰਨ ਵਾਲੇ ਰੋਬੋਟ ਵਿਕਸਿਤ ਕਰ ਰਿਹਾ ਹੈ ਜੋ ਡਾਕਟਰ, ਇੰਜੀਨੀਅਰ, ਐਡਵੋਕੇਟ, ਸੈਨਿਕ, ਸੰਪਾਦਕ, ਪ੍ਰੋਫੈਸਰ, ਸੇਲਜ਼ਮੈਨ ਵਾਂਗ ਹੋਰ ਕਈ ਤਰ੍ਹਾਂ ਦੇ ਕੰਮ ਕਰ ਸਕਣਗੇ। ਬਹੁਤ ਘੱਟ ਸਮੇਂ ’ਚ ਕਈ ਕੰਮ ਕਰਨ ’ਚ ਮਾਹਿਰ ਹੋਣ ਦੇ ਕਾਰਨ ਅੱਜ ਰੋਬੋਟ ਦੀ ਮੰਗ ਦੁਨੀਆ ਭਰ ’ਚ ਵਧਦੀ ਜਾ ਰਹੀ ਹੈ, ਜਿਸ ਨਾਲ ਪੇਸ਼ੇਵਰਾਂ ਦੀ ਮੰਗ ’ਚ ਤੇਜ਼ੀ ਆਈ ਹੈ, ਖ਼ਾਸ ਕਰਕੇ ਭਾਰਤ ਤੇ ਚੀਨ ਵਿਚ ਰੋਬੋਟਿਕਸ ਇੰਡਸਟਰੀ ’ਚ ਸਭ ਤੋਂ ਵੱਧ ਵਿਕਾਸ ਵੇਖਿਆ ਜਾ ਰਿਹਾ ਹੈ। ਆਈਐੱਫਆਰ ਇੰਟਰਨੈਸ਼ਨਲ ਫੈਡਰੇਸ਼ਨ ਆਫ ਰੋਬੋਟਿਕਸ ਦੀ ਇਕ ਰਿਪੋਰਟ ਅਨੁਸਾਰ ਸਾਲ 2020 ਤਕ ਦੁਨੀਆ ਭਰ ਦੀਆਂ ਵੱਖ-ਵੱਖ ਸਨਅਤਾਂ ’ਚ ਲਗਪਗ 17 ਲੱਖ ਨਵੇਂ ਇੰਡਸਟਰੀਅਲ ਰੋਬੋਟਸ ਲਗਾਏ ਜਾਣਗੇ। 2017 ਵਿਚ ਹੁਣ ਤਕ ਸਰਵਿਸ ਰੋਬੋਟ ਦੀ ਵਿਕਰੀ ’ਚ ਵੀ 12 ਫ਼ੀਸਦੀ ਦਾ ਵਾਧਾ ਦੇਖਿਆ ਜਾ ਰਿਹਾ ਹੈ। ਜ਼ਾਹਿਰ ਹੈ ਕਿ ਆਉਣ ਵਾਲੇ ਸਾਲਾਂ ਦੌਰਾਨ ਵੱਖ-ਵੱਖ ਦੇਸ਼ਾਂ ਵਿਚ ਉਤਪਾਦਕਤਾ ਵਧਾਉਣ ਲਈ ਹੋਰ ਰੋਬੋਟਸ ਦੀ ਜ਼ਰੂਰਤ ਪਵੇਗੀ। 2018 ਤੋਂ 2020 ਤਕ ਰੋਬੋਟ ਦੀ ਵਿਕਰੀ ’ਚ ਲਗਪਗ 20-25 ਫ਼ੀਸਦੀ ਤਕ ਵਾਧੇ ਦਾ ਅਨੁਮਾਨ ਹੈ। ਭਾਵੇਂ ਮੈਡੀਕਲ ਡਾਇਗਨੌਸਿਸ ਹੋਵੇ, ਸਟਾਕ ਟ੍ਰੇਡਿੰਗ ਹੋਵੇ ਜਾਂ ਰਿਮੋਟ ਸੈਂਸਿੰਗ ਜਾਂ ਹਥਿਆਰ ਮੈਨੂਫੈਕਚਰਿੰਗ ਦਾ ਕੰਮ ਹੋਵੇ, ਹਰ ਖੇਤਰ ਵਿਚ ਏਆਈ ਦੀ ਲੋੜ ਹੈ। ਏਆਈ ਤੋਂ ਬਿਨਾਂ ਵੀਡਿਓ ਗੇਮਜ਼ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਮੋਬਾਈਲ ਦੇ ਖੇਤਰ ’ਚ ਵੀ ਹੁਣ ਇਸ ਤਕਨੀਕ ਦੀ ਵਰਤੋਂ ਵਧ ਰਹੀ ਹੈ।

#### ਯੋਗਤਾ

ਏਆਈ ਇੰਜੀਨੀਅਰਿੰਗ ਦੀ ਹੀ ਇਕ ਬ੍ਰਾਂਚ ਹੈ, ਜਿਸ ਤਹਿਤ ਰੋਬੋਟ ਦੀ ਡਿਜ਼ਾਈਨਿੰਗ, ਉਨ੍ਹਾਂ ਦੀ ਪ੍ਰੋਗਰਾਮਿੰਗ, ਨਵੀਆਂ ਐਪਲੀਕੇਸ਼ਨਜ਼ ਦੇ ਵਿਕਾਸ ਤੇ ਖੋਜ ਕਾਰਜ ਸ਼ਾਮਲ ਹਨ, ਜਿਨ੍ਹਾਂ ਰਾਹੀਂ ਰੋਬੋਟਸ ਦੇ ਇਸਤੇਮਾਲ ਦੀ ਤਕਨੀਕ ਸਿਖਾਈ ਜਾਂਦੀ ਹੈ। ਏਆਈ ਵਿਚ ਕੋਰਸ ਕਰਨ ਲਈ ਕੰਪਿਊਟਰ ਸਾਇੰਸ, ਆਈਟੀ, ਮਕੈਨੀਕਲ, ਇਲੈਕਟ੍ਰੀਕਲ, ਇਲੈਕਟ੍ਰੋਨਿਕਸ ਤੇ ਇੰਸਟਰੂਮੈਂਟੇਸ਼ਨ ’ਚ ਡਿਗਰੀ ਹੋਣੀ ਜ਼ਰੂਰੀ ਹੈ ਅਤੇ ਇਨ੍ਹਾਂ ਕੋਰਸਾਂ ਤੋਂ ਬਾਅਦ ਏਆਈ-ਸਪੈਸ਼ਲਾਈਜ਼ੇਸਨ ਕੋਰਸ, ਜਿਵੇਂ ਏਆਈ, ਰੋਬੋਟਿਕਸ, ਐਡਵਾਂਸਡ ਰੋਬੋਟਿਕਸ ਸਿਸਟਮ ਆਦਿ ਕਰ ਸਕਦੇ ਹੋ। ਆਟੋਮੇਸ਼ਨ ਤੇ ਏਆਈ ਵਿਚ ਡਿਗਰੀ ਹਾਸਲ ਕਰਨ ਤੋਂ ਬਾਅਦ ਇਸ ਖੇਤਰ ’ਚ ਗੇਮ ਪ੍ਰੋਗਰਾਮਰ, ਰੋਬੋਟਿਕ ਸਾਇੰਟਿਸਟ, ਰਿਸਰਚਰ, ਹਾਰਡਵੇਅਰ ਐਕਸਪਰਟ, ਸਾਫਟਵੇਅਰ ਡਿਵੈਲਪਰ ਵਰਗੇ ਅਹੁਦਿਆਂ ’ਤੇ ਸਰਕਾਰੀ ਜਾਂ ਨਿੱਜੀ ਖੇਤਰ ’ਚ ਨੌਕਰੀ ਪ੍ਰਾਪਤ ਕਰ ਸਕਦੇ ਹੋ। ਤੁਸੀਂ ਭੇਲ, ਬੀਏਆਰਸੀ, ਇੰਟੈਲ, ਸੀਐੱਸਆਈਆਰ ’ਚ ਬਤੌਰ ਰੋਬੋਟਿਕਸ ਤੇ ਏਆਈ ਸਪੈਸ਼ਲਿਸਟ ’ਦੇ ਤੌਰ ’ਤੇ ਨੌਕਰੀ ਕਰ ਸਕਦੇ ਹੋ। ਇਸ ਤੋਂ ਇਲਾਵਾ ਇਸਰੋ ਤੇ ਨਾਸਾ ਵਿਚ ਵੀ ਰੋਬੋਟਿਕਸ ਸਪੈਸ਼ਲਿਸਟ ਦੀ ਨਿਯੁਕਤੀ ਕੀਤੀ ਜਾਂਦੀ ਹੈ। ਏਆਈ ਡਿਗਰੀਧਾਰਕ ਨੂੰ ਇਕ ਪ੍ਰੋਫੈਸ਼ਨਲ ਵਜੋਂ ਸ਼ੁਰੂਆਤੀ ਤਨਖ਼ਾਹ 30 ਹਜ਼ਾਰ ਰੁਪਏ ਤੋਂ ਲੈ ਕੇ ਇਕ ਲੱਖ ਰੁਪਏ ਪ੍ਰਤੀ ਮਹੀਨਾ ਹੋ ਸਕਦੀ ਹੈ ਪਰ ਐੱਮਐੱਨਸੀ ਵਿਚ ਇਸ ਤੋਂ ਵੀ ਚੰਗਾ ਪੈਕੇਜ ਮਿਲ ਸਕਦਾ ਹੈ।

#### ਸੰਸਥਾਵਾਂ

- ਆਈਆਈਟੀ ਖੜਗਪੁਰ, ਦਿੱਲੀ, ਮੁੰਬਈ, ਕਾਨਪੁਰ, ਮਦਰਾਸ, ਗੁਹਾਟੀ, ਰੁੜਕੀ। www.iit.ac.in
- ਇੰਡੀਅਨ ਇੰਸਟੀਚਿਊਟ ਆਫ ਸਾਇੰਸ, ਬੰਗਲੁਰੂ। www.iisc.ernet.in
- ਬਿਰਲਾ ਇੰਸਟੀਚਿਊਟ ਆਫ ਤਕਨਾਲੋਜੀ ਐਂਡ ਸਾਇੰਸ। www.bits-pilani.ac.in





### ਸਾਈਬਰ ਸਕਿਓਰਿਟੀ ’ਚ ਮੌਕੇ

ਇੰਟਰਨੈੱਟ ਰਾਹੀਂ ਕੰਪਿਊਟਰ ਡਾਟਾ ਅਤੇ ਨੈੱਟਵਰਕ ਵਿਚ ਗ਼ੈਰ-ਕਾਨੂੰਨੀ ਢੰਗ ਨਾਲ ਘੁਸਪੈਠ ਕਰਨ ਤੋਂ ਰੋਕਣ ਲਈ ਸਾਈਬਰ ਸਕਿਓਰਿਟੀ ਐਨਾਲਿਸਟਾਂ ਦੀ ਲੋੜ ਪੈਂਦੀ ਹੈ। ਆਈਟੀ/ਕੰਪਿਊਟਰ ਸਾਇਸ/ਕੰਪਿਊਟਰ ਪ੍ਰੋਗਰਾਮਿੰਗ ਜਾਂ ਐੱਮਬੀਏ (ਆਈਐੱਸ) ਕਰਨ ਤੋਂ ਬਾਅਦ ਸਾਈਬਰ ਸਕਿਓਰਿਟੀ ਦੇ ਖੇਤਰ ’ਚ ਕਦਮ ਰੱਖਿਆ ਜਾ ਸਕਦਾ ਹੈ। ਡੇਟਾ ਨੈੱਟਵਰਕ, ਮਲਟੀਪਲ ਸਕ੍ਰਿਪਟਿੰਗ ਲੈਂਗੁਏਜ ਤੇ ਵੱਖ-ਵੱਖ ਓਪਰੇਟਿੰਗ ਸਿਸਟਮਜ਼ ਨਾਲ ਸਬੰਧਤ ਖ਼ਾਸ ਹੁਨਰ ਇਸ ਖੇਤਰ ਦੇ ਤਰਜੀਹੀ ਪੱਖ ਮੰਨੇ ਜਾਂਦੇ ਹਨ, ਜਿਨ੍ਹਾਂ ਨਾਲ ਜਿੱਥੇ ਕਰੀਅਰ ਨੂੰ ਮਜ਼ਬੂਤੀ ਮਿਲਦੀ ਹੈ, ਉਥੇ ਸਾਈਬਰ ਸਕਿਓਰਿਟੀ ਐਨਾਲਿਸਟ, ਕੰਪਿਊਟਰ ਸਕਿਓਰਿਟੀ ਇੰਸੀਡੈਂਟ ਰਿਸਪਾਂਡਰ, ਇਨਫਰਮੇਸ਼ਨ ਰਿਸਕ ਆਡੀਟਰ, ਫਾਇਰਵਾਲ ਐਂਡ ਸਕਿਓਰਿਟੀ ਡਿਵਾਈਸ ਪ੍ਰੋਫੈਸ਼ਨਲ, ਇਨਫਰਮੇਸ਼ਨ ਸਕਿਓਰਿਟੀ ਮੈਨੇਜਰ ਆਦਿ ਅਹੁਦਿਆਂ ’ਤੇ ਕੰਮ ਕਰ ਕੇ ਆਪਣੀ ਨਿਵੇਕਲੀ ਪਛਾਣ ਬਣਾਈ ਜਾ ਸਕਦੀ ਹੈ।

## ਸਾਈਬਰ ਸਕਿਓਰਿਟੀ

ਇੰਟਰਨੈੱਟ ਦੇ ਵਧਦੇ ਇਸਤੇਮਾਲ ਨਾਲ ਸਾਈਬਰ ਅਟੈਕ ਜਾਂ ਹੈਕਿੰਗ ਦੇ ਮਾਮਲੇ ਵਧ ਰਹੇ ਹਨ। ਸੋ ਬੀਤੇ ਕਈ ਸਾਲਾਂ ਵਾਂਗ 2017 ਵਿਚ ਵੀ ਸਾਈਬਰ ਸਕਿਓਰਿਟੀ ਮਾਹਿਰਾਂ ਦੀ ਕਾਫੀ ਮੰਗ ਦੇਖੀ ਗਈ। ਆਈਟੀ ਫਰਮਜ਼, ਕਾਰਪੋਰੇਟ ਕੰਪਨੀਆਂ, ਲਾਅ ਫਰਮਜ਼, ਪਬਲਿਕ-ਪ੍ਰਾਈਵੇਟ ਬੈਂਕ, ਪੁਲਿਸ ਵਿਭਾਗ, ਟੈਲੀਕਾਮ ਕੰਪਨੀਆਂ ਅਤੇ ਸਕੂਲਾਂ/ਕਾਲਜਾਂ ਵਿਚ ਇਨ੍ਹਾਂ ਨੂੰ ਭਾਰੀ ਗਿਣਤੀ ’ਚ ਨੌਕਰੀਆਂ ਮਿਲੀਆਂ ਸਨ। ਇਸ ਸਾਲ ਵੀ ਇਨ੍ਹਾਂ ਮਾਹਿਰਾਂ ਦੀ ਮੰਗ ਰਹੇਗੀ, ਕਿਉਂਕਿ ਹੈਕਿੰਗ ਸਮੱਸਿਆ ਨਾਲ ਨਜਿੱਠਣ ਲਈ ਵੱਡੀਆਂ ਆਈਟੀ ਕੰਪਨੀਆਂ ਆਪਣਾ ਡੈਟਾ ਸੈਂਟਰ ਬਣਾ ਰਹੀਆਂ ਹਨ, ਜਿਸ ਕੰਮ ਲਈ ਉਨ੍ਹਾਂ ਨੂੰ ਵੱਧ ਤੋਂ ਵੱਧ ਸਿੱਖਿਅਤ ਸਾਈਬਰ ਸਕਿਓਰਿਟੀ ਪੇਸ਼ੇਵਰਾਂ ਦੀ ਜ਼ਰੂਰਤ ਪਵੇਗੀ।

ਨੈਸਕਾਮ ਦੀ ਇਕ ਰਿਪੋਰਟ ਅਨੁਸਾਰ 2020 ਤਕ ਭਾਰਤ ’ਚ ਲਗਪਗ 50 ਲੱਖ ਹੈਕਰਜ਼ ਦੀ ਲੋੜ ਹੋਵੇਗੀ ਤੇ ਵਧਦੀ ਮੰਗ ਦੇ ਮੱਦੇਨਜ਼ਰ ਇਸ ਸਾਲ ਵੀ ਐਥੀਕਲ ਹੈਕਿੰਗ ਕੋਰਸ ਕਰਨ ਵਿਚ ਵਿਦਿਆਰਥੀਆਂ ਦੀ ਦਿਲਚਸਪੀ ਵਧੇਰੇ ਦੇਖੀ ਗਈ। ਹਾਲ ਹੀ ਦੇ ਵਰ੍ਹਿਆਂ ਦੌਰਾਨ ਚੋਟੀ ਦੇ ਅਹੁਦਿਆਂ ਉੱਪਰ ਸਾਈਬਰ ਸੁਰੱਖਿਆ ਮਾਹਿਰਾਂ ਦੀ ਮੰਗ ’ਚ 25 ਤੋਂ 100 ਫ਼ੀਸਦੀ ਤਕ ਵਾਧਾ ਹੋਇਆ ਹੈ ਤੇ ਅਗਲੇ 5 ਸਾਲਾਂ ਦੌਰਾਨ ਈ-ਡਿਫੈਂਸ ਲਈ ਸਾਈਬਰ ਮਾਹਿਰਾਂ ਦੀ ਮੰਗ ਸਾਲਾਨਾ 18 ਫ਼ੀਸਦੀ ਦੀ ਦਰ ਨਾਲ ਵਧੇਗੀ। ਇਸ਼ ਲਈ ਡਿਜੀਟਲ ਟ੍ਰਾਂਸਫਰਮੇਸ਼ਨ ਦੇ ਇਸ ਯੁੱਗ ਵਿਚ ਤਕਨੀਕੀ ਪਿਛੋਕੜ ਵਾਲੇ ਵਿਦਿਆਰਥੀ ਇਸ ਖੇਤਰ ’ਚ ਸ਼ਾਨਦਾਰ ਕਰੀਅਰ ਬਣਾਉਣ ਲਈ ਸਰਕਾਰੀ-ਪ੍ਰਾਈਵੇਟ ਖੇਤਰਾਂ ਦੇ ਨਾਲ-ਨਾਲ ਵਿਦੇਸ਼ਾਂ ’ਚ ਵੀ ਮੌਕੇ ਤਲਾਸ਼ ਰਹੇ ਹਨ, ਜਦਕਿ ਆਟੋਮੇਸ਼ਨ, ਮਸ਼ੀਨ ਲਰਨਿੰਗ, ਆਰਟੀਫਿਸ਼ੀਅਲ ਇੰਟੈਲੀਜੈਂਸ ਆਦਿ ਕਾਰਨ ਹੋਰ ਨੌਕਰੀਆਂ ਖ਼ਤਮ ਹੋਣ ਬਾਰੇ ਕਿਹਾ ਜਾ ਰਿਹਾ ਹੈ, ਫਿਰ ਵੀ ਸਾਈਬਰ ਸਕਿਓਰਿਟੀ ’ਤੇ ਇਸ ਦਾ ਕੋਈ ਪ੍ਰਭਾਵ ਨਹੀਂ ਪਵੇਗਾ ਅਤੇ ਇਹ ਵੀ ਕਿ ਸਾਈਬਰ ਸੁਰੱਖਿਆ ਸਬੰਧ ਜ਼ਿਆਦਾਤਰ ਖੇਤਰਾਂ ’ਚ ਚੌਕਸੀ ਵਧੀ ਹੈ।

#### ਡਿਗਰੀ, ਡਿਪਲੋਮਾ ਤੇ ਸਰਟੀਫਿਕੇਟ ਕੋਰਸ

ਹਾਲ ਹੀ ’ਚ ਸਾਈਬਰ ਸਕਿਓਰਿਟੀ ਦੇ ਖੇਤਰ ਵਿਚ ਕਈ ਤਰ੍ਹਾਂ ਦੇ ਡਿਗਰੀ, ਡਿਪਲੋਮਾ ਤੇ ਸਰਟੀਫਿਕੇਟ ਕੋਰਸ ਸ਼ੁਰੂ ਕੀਤੇ ਗਏ ਹਨ, ਜਿਵੇਂ ਡਿਪਲੋਮਾ ਇਨ ਇਨਫਰਮੇਸ਼ਨ ਸਕਿਓਰਿਟੀ ਐਂਡ ਨੈੱਟਵਰਕ ਐਡਮਨਿਸਟ੍ਰੇਸ਼ਨ, ਐੱਮਐੱਸ/ਐੱਮਟੈੱਕ ਡਿਗਰੀ ਕੋਰਸ, ਸੀਆਈਐੱਸਏ (ਸਰਟੀਫਿਕੇਸ਼ਨ ਇਨਫਰਮੇਸ਼ਨ ਸਿਸਟਮ ਆਡੀਟਰ), ਸੀਆਈਐੱਸਐੱਸਪੀ (ਸਰਟੀਫਾਈਡ ਇਨਫਰਮੇਸ਼ਨ ਸਿਸਟਮ ਸਕਿਉਰਿਟੀ ਪ੍ਰੋਫੈਸ਼ਨਲ), ਇੰਟਰਨੈਸ਼ਨਲ ਕੌਂਸਲ ਆਫ ਇਲੈਕਟ੍ਰਾਨਿਕ ਕਾਮਰਸ ਕੰਸਲਟੈਂਟਸ ਵੱਲੋਂ ਸਰਟੀਫਿਕੇਟ ਕੋਰਸ-ਸੀਈਐੱਚ (ਸਰਟੀਫਾਈਡ ਐਥੀਕਲ ਹੈਕਰ) ਆਦਿ।

#### ਮੁੱਖ ਸੰਸਥਾਵਾਂ

- ਆਈਆਈਟੀ, ਗੁਵਾਹਾਟੀ। www.iitg.ac.in
- ਆਈਆਈਆਈਟੀ, ਇਲਾਹਾਬਾਦ। www.iiita.ac.in
- ਆਈਆਈਆਈਟੀਐੱਮ। www.iiitm.ac.in

**ਹੈਕਿੰਗ ’ਚ ਸਰਟੀਫਿਕੇਟ ਕੋਰਸ ਲਈ**

- ਇੰਡੀਅਨ ਸਕੂਲ ਆਫ ਐਥੀਕਲ ਹੈਕਿੰਗ, ਕੋਲਕਾਤਾ। www.isoeh.com •

## ਰੋਬੋਟਿਕਸ ਸਾਇੰਸ

ਅੱਗੇ ਆਉਣ ਵਾਲਾ ਦੌਰ ਰੋਬੋਟਿਕਸ/ਡਰੋਨ ਦਾ ਹੀ ਹੈ। ਰੋਬੋਟ ਦੀ ਵਰਤੋਂ ਲਗਪਗ ਹਰ ਖੇਤਰ ਵਿਚ ਹੋਣ ਲੱਗੀ ਹੈ। ਰੋਬੋਟਿਕਸ ’ਚ ਭਵਿੱਖ ਬਹੁਤ ਚਮਕਦਾਰ ਹੈ, ਕਿਉਂਕਿ ਜਿਸ ਤਰ੍ਹਾਂ ਇਨ੍ਹਾਂ ਚੀਜ਼ਾਂ ਦਾ ਰੁਝਾਨ ਵਧ ਰਿਹਾ ਹੈ, ਅੱਗੇ ਕੰਪਨੀਆਂ, ਇੰਡਸਟਰੀਆਂ ਤੇ ਸਰਕਾਰਾਂ ਨੂੰ ਇਨ੍ਹਾਂ ਦੀ ਬਹੁਤ ਲੋੜ ਪਏਗੀ। 2017 ਵਿਚ ਹੁਣ ਤਕ ਸਰਵਿਸ ਰੋਬੋਟਸ ਦੀ ਵਿਕਰੀ ’ਚ 12 ਫ਼ੀਸਦੀ ਦੀ ਤੇਜ਼ੀ ਆਈ ਹੈ। ਜ਼ਾਹਿਰ ਹੈ ਕਿ ਆਉਣ ਵਾਲੇ ਸਾਲਾਂ ਵਿਚ ਵੱਖ-ਵੱਖ ਦੇਸ਼ਾਂ ਵਿਚ ਉਤਪਾਦਕਤਾ ਵਧਾਉਣ ਲਈ ਹੋਰ ਵੀ ਰੋਬੋਟਸ ਦੀ ਜ਼ਰੂਰਤ ਪਏਗੀ। ਇਹੀ ਕਾਰਨ ਹੈ ਕਿ ਹੁਣ 12ਵੀਂ ਹੀ ਨਹੀਂ, 10ਵੀਂ ਪਾਸ ਵਿਦਿਆਰਥੀਆਂ ਲਈ ਵੀ ਰੋਬੋਟਿਕਸ ਦੇ ਖੇਤਰ ਬੇਸ਼ੁਮਾਰ ਮੌਕਿਆਂ ਦੀ ਉਪਲੱਬਧਤਾ ਕਾਰਨ ਵਰਦਾਨ ਸਿੱਧ ਹੋ ਰਿਹਾ ਹੈ।

### ਯੋਗਤਾ

ਮੈਥ ਵਿਸ਼ੇ ਨਾਲ 12ਵੀਂ ਪਾਸ ਵਿਦਿਆਰਥੀ ਰੋਬੋਟਿਕ ਇੰਜੀਨੀਅਰਿੰਗ ਦੇ ਯੋਗ ਹਨ। ਆਮ ਤੌਰ ’ਤੇ ਮਕੈਨੀਕਲ, ਇਲੈਕਟ੍ਰੀਕਲ, ਕੰਪਿਊਟਰ ਸਾਇੰਸ ’ਚ ਗ੍ਰੈਜੂਏਸ਼ਨ, ਇੰਜੀਨੀਅਰਿੰਗ ਕਰ ਚੁੱਕੇ ਵਿਦਿਆਰਥੀ, ਰੋਬੋਟਿਕਸ ਖੇਤਰ ਦੇ ਯੋਗ ਮੰਨੇ ਜਾਂਦੇ ਹਨ। ਰੋਬੋਟਿਕਸ ਇੰਜੀਨੀਅਰਿੰਗ ’ਚ ਪਾਠਕ੍ਰਮ ਗ੍ਰੈਜੂਏਸ਼ਨ ਪੱਧਰ ’ਤੇ 4 ਸਾਲ ਦਾ ਅਤੇ ਪੋਸਟ ਗ੍ਰੈਜੂਏਸ਼ਨ ਪੱਧਰ ’ਤੇ 2 ਸਾਲ ਦਾ ਹੁੰਦਾ ਹੈ। ਰੋਬੋਟਿਕਸ ਵਿਚ ਗ੍ਰੈਜੂਏਟ ਪੱਧਰ ਨਾਲੋਂ ਪੋਸਟ ਗ੍ਰੈਜੂਏਟ ਪੱਧਰ ਵਧੇਰੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਦਾ ਹੈ।

### ਤਨਖ਼ਾਹ

ਇਸ ਖੇਤਰ ’ਚ ਮਾਹਿਰਾਂ ਦੀ ਮੰਗ ਬਹੁਤ ਜ਼ਿਆਦਾ ਹੈ ਪਰ ਉਪਲੱਬਧਤਾ ਘੱਟ ਹੋਣ ਕਾਰਨ ਰੋਬੋਟਿਕ ਇੰਜੀਨੀਅਰ ਚੰਗੀ ਨਹੀਂ ਬਲਕਿ ਬਹੁਤ ਚੰਗੀ ਤਨਖ਼ਾਹ ਦਾ ਆਨੰਦ ਮਾਣਦੇ ਹਨ। ਰੋਬੋਟਿਕਸ ਇੰਜੀਨੀਅਰਿੰਗ ਆਪਣੇ ਆਪ ’ਚ ਇਕ ਲਾ-ਮਿਸਾਲ ਕਰੀਅਰ ਹੈ, ਜੋ ਉਮਰ ਭਰ ਦਾ ਗਹਿਣਾ ਹੈ। ਰੋਬੋਟਿਕਸ ਇੰਜੀਨੀਅਰ ਦੀ ਸ਼ੁਰੂਆਤੀ ਤਨਖ਼ਾਹ 5-6 ਲੱਖ ਸਾਲਾਨਾ ਅਤੇ ਯੋਗਤਾ ਤੇ ਕਾਰਗੁਜ਼ਾਰੀ ਅਨੁਸਾਰ ਵਧ ਕੇ 20 ਲੱਖ ਸਾਲਾਨਾ ਤਕ ਪਹੁੰਚ ਸਕਦੀ ਹੈ। ਹੋਰ ਵੀ ਬੇਸ਼ੁਮਾਰ ਸਹੂਲਤਾਂ ਪੇਡ ਰਿਟਾਇਰਮੈਂਟ ਪਲਾਨ, ਛੁੱਟੀਆਂ, ਹੈਲਥ ਇੰਸ਼ੋਰੈਂਸ ਆਦਿ ਵੀ ਮਿਲਦੀਆਂ ਹਨ।

### ਸੰਸਥਾਵਾਂ

- ਆਈਆਈਟੀ, ਦਿੱਲੀ, ਮੁੰਬਈ, ਚੇਨਈ, ਕਾਨਪੁਰ www.iiitd.ac.in, www.iitb.ac.in
- ਏਸੈਟ ਰੋਬੋਟਿਕਸ, ਦਿੱਲੀ www.diwakarvaish com
- ਇੰਡੀਅਨ ਇੰਸਟੀਚਿਊਟ ਆਫ ਰੋਬੋਟਿਕਸ। www.indianinstitut ofrobotics.com •

# ਸਬਜ਼ੀ ਦਾ ਸੁਆਦ ਵਧਾਉਣ ਦੇ ਨਾਲ-ਨਾਲ ਸਰੀਰ ਦੀਆਂ ਇਨ੍ਹਾਂ ਬੀਮਾਰੀਆਂ ਨੂੰ ਜੜ੍ਹ ਤੋਂ ਖ਼ਤਮ ਕਰਦੈ ਇਹ ਲੂਣ

ਸਿਹਤ ਦੇ ਹਿਸਾਬ ਨਾਲ ਸਹੀ ਲੂਣ ਦੀ ਵਰਤੋਂ ਕਰਨੀ ਚੰਗੀ ਹੁੰਦੀ ਹੈ। ਲੂਣ ਦੀ ਵਰਤੋਂ ਹਰੇਕ ਘਰ 'ਚ ਖਾਣੇ ਦਾ ਸੁਆਦ ਵਧਾਉਣ ਲਈ ਕੀਤੀ ਜਾਂਦੀ ਹੈ ਪਰ ਹੁਣ ਲੂਣ ਨਾਲ ਸਰੀਰ ਨੂੰ ਬਹੁਤ ਸਾਰੇ ਫ਼ਾਇਦੇ ਵੀ ਹੁੰਦੇ ਹਨ। ਲੂਣ ਪੰਜ ਪ੍ਰਕਾਰ ਦੇ ਹੁੰਦੇ ਹਨ। ਹਾਲਾਂਕਿ ਲੂਣ ਸ਼ੁੱਧ ਰੂਪ ਵਿੱਚ ਸੋਡੀਅਮ ਅਤੇ ਕਲੋਰਾਈਡ ਤੋਂ ਬਣਿਆ ਹੁੰਦਾ ਹੈ। ਸੋਡੀਅਮ ਖਾਣਾ ਪਚਾਉਣ ਤੋਂ ਇਲਾਵਾ ਸਾਡੇ ਪਾਚਣ ਤੰਤਰ ਨੂੰ ਠੀਕ ਰੱਖਦਾ ਹੈ। ਕਾਲ਼ੇ ਲੂਣ ਦਾ ਇਸਤੇਮਾਲ ਹਰ ਤਰ੍ਹਾਂ ਦੇ ਵਿਅਕਤੀ ਲਈ ਫ਼ਾਇਦੇਮੰਦ ਹੁੰਦਾ ਹੈ। ਲੂਣ ਲੋਕਾਂ ਦੀ ਰਸੋਈ ਦਾ ਰਾਜਾ ਹੁੰਦਾ ਹੈ, ਕਿਉਂਕਿ ਇਹ ਇੱਕ ਅਜਿਹਾ ਮਸਾਲਾ ਹੈ, ਜੋ ਹਰ ਚੀਜ਼ ਵਿੱਚ ਇਸਤੇਮਾਲ ਕੀਤਾ ਜਾਂਦਾ ਹੈ।

**ਸਰੀਰ ਲਈ ਜ਼ਰੂਰੀ ਹੁੰਦੀ ਹੈ ਸੋਡੀਅਮ ਅਤੇ ਕਲੋਰਾਈਡ ਦੀ ਮਾਤਰਾ**

ਕੁਝ ਲੋਕ ਅਜਿਹੇ ਹਨ, ਜੋ ਘੱਟ ਲੂਣ ਖਾਣਾ ਪਸੰਦ ਕਰਦੇ ਹਨ ਅਤੇ ਕੁਝ ਲੋਕ ?ਜ਼ਿਆਦਾ ਲੂਣ ਖਾਣਾ ਪਸੰਦ ਕਰਦੇ ਹਨ। ਲੂਣ ਸੋਡੀਅਮ ਦਾ ਸਭ ਤੋਂ ਚੰਗਾ ਸੋਮਾ ਹੈ। ਜਦੋਂ ਲੋਕ ਸੋਡੀਅਮ ਦੀ ਜ਼ਿਆਦਾ ਮਾਤਰਾ ਵਿੱਚ ਸੇਵਨ ਕਰਨ ਲੱਗ ਜਾਂਦੇ ਹਨ ਤਾਂ ਇਹ ਸਰੀਰ ਨੂੰ ਫ਼ਾਇਦੇ ਦੀ ਜਗ੍ਹਾ ਨੁਕਸਾਨ ਪਹੁੰਚਾਉਣੇ ਸ਼ੁਰੂ ਕਰ ਦਿੰਦਾ ਹੈ। ਸੋਡੀਅਮ ਅਤੇ ਕਲੋਰਾਈਡ ਸਾਡੇ ਸਰੀਰ ਦੀ ਹਰੇਕ ਕੋਸ਼ਿਕਾ ਦੇ ਅੰਦਰ ਅਤੇ ਬਾਹਰ ਮੌਜੂਦ ਹੋਰ ਕਈ ਖਣਿਜਾਂ ਦੇ ਨਾਲ ਤਾਲ ਮੇਲ ਬਣਾ ਕੇ ਚਲਾਉਣ ਵਿੱਚ ਮਦਦ ਕਰਦਾ ਹੈ। ਇਸੇ ਲਈ ਅੱਜ ਅਸੀਂ ਤੁਹਾਨੂੰ ਦੱਸ ਰਹੇ ਹਾਂ ਕਿ ਲੂਣ 1 ਨਹੀਂ ਸਗੋਂ ਪੂਰੇ 5 ਪ੍ਰਕਾਰ ਦਾ ਹੁੰਦਾ ਹੈ ਅਤੇ ਜਾਣੋ ਕਿਹੜਾ ਲੂਣ ਸਾਡੀ ਸਿਹਤ ਲਈ ਸਭ ਤੋਂ ਵਧੀਆ ਹੈ...

**ਸਾਦਾ ਲੂਣ**

ਇਸ ਲੂਣ ਵਿੱਚ ਸੋਡੀਅਮ ਦੀ ਮਾਤਰਾ ਸਭ ਤੋਂ ਜ਼ਿਆਦਾ ਹੁੰਦੀ ਹੈ। ਟੇਬਲ ਸਾਲਟ ਵਿੱਚ ਆਯੋਡੀਨ ਸਮਰੱਥ ਮਾਤਰਾ ਵਿੱਚ ਹੁੰਦਾ ਹੈ, ਜੋ ਸਾਡੇ ਸਰੀਰ ਦੀ ਰੋਗ ਪ੍ਰਤੀਰੋਧਕ ਸਮਰੱਥਾ ਵਧਾਉਂਦਾ ਹੈ। ਜੇਕਰ ਲੂਣ ਦਾ ਸੀਮਿਤ ਮਾਤਰਾ ਵਿੱਚ ਸੇਵਨ ਕੀਤਾ ਜਾਵੇ ਤਾਂ ਇਸ ਨਾਲ ਕਈ ਫ਼ਾਇਦੇ ਹੁੰਦੇ ਹਨ। ਇਸ ਲੂਣ ਦੀ ਜ਼ਿਆਦਾ ਵਰਤੋਂ ਸਾਡੀਆਂ ਹੱਡੀਆਂ ਨੂੰ ਸਿੱਧੇ ਤੌਰ ਉੱਤੇ ਪ੍ਰਭਾਵਿਤ ਕਰਦੀ ਹੈ, ਜਿਸ ਨਾਲ ਹੱਡੀਆਂ ਕਮਜ਼ੋਰ ਹੋਣ ਲੱਗਦੀਆਂ ਹਨ।

**ਸਾਦਾ ਲੂਣ**

ਇਸ ਲੂਣ ਵਿੱਚ ਸੋਡੀਅਮ ਦੀ ਮਾਤਰਾ




ਸਭ ਤੋਂ ਜ਼ਿਆਦਾ ਹੁੰਦੀ ਹੈ। ਟੇਬਲ ਸਾਲਟ ਵਿੱਚ ਆਯੋਡੀਨ ਸਮਰੱਥ ਮਾਤਰਾ ਵਿੱਚ ਹੁੰਦਾ ਹੈ, ਜੋ ਸਾਡੇ ਸਰੀਰ ਦੀ ਰੋਗ ਪ੍ਰਤੀਰੋਧਕ ਸਮਰੱਥਾ ਵਧਾਉਂਦਾ ਹੈ। ਜੇਕਰ ਲੂਣ ਦਾ ਸੀਮਿਤ ਮਾਤਰਾ ਵਿੱਚ ਸੇਵਨ ਕੀਤਾ ਜਾਵੇ ਤਾਂ ਇਸ ਨਾਲ ਕਈ ਫ਼ਾਇਦੇ ਹੁੰਦੇ ਹਨ। ਇਸ ਲੂਣ ਦੀ ਜ਼ਿਆਦਾ ਵਰਤੋਂ ਸਾਡੀਆਂ ਹੱਡੀਆਂ ਨੂੰ ਸਿੱਧੇ ਤੌਰ ਉੱਤੇ ਪ੍ਰਭਾਵਿਤ ਕਰਦੀ ਹੈ, ਜਿਸ ਨਾਲ ਹੱਡੀਆਂ ਕਮਜ਼ੋਰ ਹੋਣ ਲੱਗਦੀਆਂ ਹਨ।

**ਕਾਲ਼ਾ ਲੂਣ**

ਕਾਲ਼ਾ ਲੂਣ ਦਾ ਸੇਵਨ ਹਰ ਤਰ੍ਹਾਂ ਦੇ ਵਿਅਕਤੀ ਲਈ ਫ਼ਾਇਦੇਮੰਦ ਹੁੰਦਾ ਹੈ। ਇਸ ਨਾਲ ਕਬਜ਼, ਬਦਹਜ਼ਮੀ, ਢਿੱਡ ਦਰਦ, ਚੱਕਰ ਆਉਣਾ, ਉਲਟੀ ਆਉਣਾ ਅਤੇ ਜੀ ਘਬਰਾਉਣ ਵਰਗੀ ਸਮਸਿਆਵਾਂ ਤੋਂ ਛੁਟਕਾਰਾ ਮਿਲਦਾ ਹੈ। ਗਰਮੀਆਂ ਦੇ ਮੌਸਮ ਵਿੱਚ ਡਾਕਟਰ ਨੀਂਬੂ ਪਾਣੀ ਜਾਂ ਫ਼ਿਰ ਲੱਸੀ ਦੇ ਨਾਲ ਕਾਲ਼ਾ



ਲੂਣ ਦਾ ਸੇਵਨ ਕਰਣ ਦੀ ਸਲਾਹ ਦਿੰਦੇ ਹਨ। ਦੱਸ ਦੇਈਏ ਕਿ ਕਾਲ਼ਾ ਲੂਣ ਭਲੇ ਸਿਹਤ ਲਈ ਬਹੁਤ ਫ਼ਾਇਦੇਮੰਦ ਹੈ ਪਰ ਇਸ ਵਿੱਚ ਫ਼ਲੋਰਾਈਡ ਮੌਜੂਦ ਹੁੰਦਾ ਹੈ, ਇਸ ਦੀ ਜ਼ਿਆਦਾ ਵਰਤੋਂ ਕਰਨ ਨਾਲ ਨੁਕਸਾਨ ਹੋਣ ਦਾ ਖ਼ਤਰਾ ਵੀ ਰਹਿੰਦਾ ਹੈ।

**ਲੋ - ਸੋਡੀਅਮ ਲੂਣ**

ਇਸ ਲੂਣ ਨੂੰ ਮਾਰਕੀਟ ਵਿੱਚ ਪੌਟੇਸ਼ੀਅਮ ਲੂਣ ਵੀ ਕਿਹਾ ਜਾਂਦਾ ਹੈ। ਹਾਲਾਂਕਿ ਸਾਦਾ ਲੂਣ ਦੀ ਤਰ੍ਹਾਂ ਇਸ ਵਿੱਚ ਵੀ ਸੋਡੀਅਮ ਅਤੇ ਪੌਟੇਸ਼ੀਅਮ ਕਲੋਰਾਈਡ ਹੁੰਦੇ ਹਨ। ਜਿਨ੍ਹਾਂ ਲੋਕਾਂ ਨੂੰ ਬਲਡ ਪ੍ਰੇਸ਼ਰ ਦੀ ਸਮੱਸਿਆ ਹੁੰਦੀ ਹੈ, ਉਨ੍ਹਾਂ ਨੂੰ ਲੋ-ਸੋਡੀਅਮ ਸਾਲਟ ਦਾ ਸੇਵਨ ਕਰਣਾ ਚਾਹੀਦਾ ਹੈ। ਇਸ ਤੋਂ ਇਲਾਵਾ ਇਹ ਦਿਲ ਦੀ ਬੀਮਾਰੀਆਂ ਅਤੇ ਸ਼ੂਗਰ ਦੇ ਮਰੀਜ਼ਾਂ ਲਈ ਵੀ ਫ਼ਾਇਦੇਮੰਦ ਹੁੰਦਾ ਹੈ।

**ਸੀ ਸਾਲਟ**

ਇਹ ਲੂਣ ਵਾਸ਼ਪੀਕਰਨ ਰਾਹੀਂ ਬਣਾਇਆ ਜਾਂਦਾ ਹੈ। ਇਹ ਸਾਦੇ ਲੂਣ ਦੀ ਤਰ੍ਹਾਂ ਨਮਕੀਨ ਨਹੀਂ ਹੁੰਦਾ। ਸੀ ਸਾਲਟ ਦੀ ਵਰਤੋਂ ਢਿੱਡ ਫ਼ੁੱਲਣਾ, ਤਣਾਅ, ਸੋਜ, ਅੰਦਰੂਨੀ ਗੈਸ ਅਤੇ ਕਬਜ਼ ਵਰਗੀ ਸਮਸਿਆਵਾਂ ਹੋਣ 'ਤੇ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸਿਹਤ ਲਈ ਬੇਹੱਦ ਲਾਭਕਾਰੀ ਹੈ ਮੱਖਣ, ਖ਼ੁਰਾਕ 'ਚ ਜ਼ਰੂਰ ਕਰੋ ਸ਼ਾਮਲ

ਮੱਖਣ ਪੰਜਾਬੀਆਂ ਦੇ ਖਾਣੇ ਦਾ ਮੁੱਖ ਹਿੱਸਾ ਮੰਨਿਆ ਜਾਂਦਾ ਹੈ। ਮੱਖਣ ਖਾਣ 'ਚ ਜਿੰਨਾ ਸਵਾਦ ਹੁੰਦਾ ਹੈ, ਉਸ ਤੋਂ ਵੱਧ ਇਹ ਸਰੀਰ ਲਈ ਗੁਣਕਾਰੀ ਹੁੰਦਾ ਹੈ। ਫ਼ਾਇਦੇਮੰਦ ਹੋਣ ਕਾਰਨ ਮੱਖਣ ਨੂੰ ਨਾਸ਼ਤੇ 'ਚ ਪਹਿਲ ਦੇਣੀ ਚਾਹੀਦੀ ਹੈ।ਬਹੁਤ ਸਾਰੇ ਲੋਕ ਨਾਸ਼ਤੇ 'ਚ ਬਰੈੱਡ ਬਟਰ ਖਾਣਾ ਪਸੰਦ ਕਰਦੇ ਹਨ, ਜੋ ਸਹੀ ਹੈ। ਅੱਜ ਕੱਲ ਲੋਕ ਬਾਜ਼ਾਰ ਤੋਂ ਮਿਲਣ ਵਾਲੇ ਮੱਖਣ ਦੀ ਵਰਤੋਂ ਜ਼ਿਆਦਾ ਮਾਤਰਾ 'ਚ ਕਰਦੇ ਹਨ ਕਿਉਂਕਿ ਬੱਚਿਆਂ ਅਤੇ ਵੱਡਿਆਂ ਨੂੰ ਘਰ 'ਚ ਕੱਢਿਆ ਮੱਖਣ ਚੰਗਾ ਨਹੀਂ ਲੱਗਦਾ।



-ਪੀਲੇ ਮੱਖਣ ਨਾਲੋਂ ਸਫ਼ੈਦ ਮੱਖਣ ਸਿਹਤ ਲਈ ਬਹੁਤ ਫ਼ਾਇਦੇਮੰਦ ਹੈ ਜਿਸ 'ਚੋਂ ਵਿਟਾਮਿਨ-ਏ ਅਤੇ ਈ ਮਿਲਦੀ ਹੈ। ਇਹ ਸਰੀਰ ਦੇ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਣ 'ਚ ਮਦਦ ਕਰਦਾ ਹੈ।

-ਮੱਖਣ ਖਾਣ ਨਾਲ ਸਰੀਰ ਨੂੰ ਹੋਣ ਵਾਲੇ ਫ਼ਾਇਦੇ: ਥਾਈਰਾਈਡ ਦੀ ਵਜ੍ਹਾ ਨਾਲ ਗਲੇ 'ਚ ਸੋਜ ਹੋ ਜਾਂਦੀ ਹੈ। ਅਜਿਹੇ 'ਚ ਚਿੱਟਾ ਮੱਖਣ ਖਾਣਾ ਕਾਫ਼ੀ ਫ਼ਾਇਦੇਮੰਦ ਹੁੰਦਾ ਹੈ। ਇਸ 'ਚ ਮੌਜੂਦ ਆਇਓਡੀਨ ਥਾਈਰਾਈਡ ਗ੍ਰੰਥੀਆਂ ਨੂੰ ਮਜ਼ਬੂਤ ਬਣਾ ਕੇ ਇਸ ਸਮੱਸਿਆ ਤੋਂ ਛੁਟਕਾਰਾ ਦਿਵਾਉਣ 'ਚ ਮਦਦ ਕਰਦਾ ਹੈ।

-ਅੱਖਾਂ ਦੀ ਜਲਣ ਦੀ ਸਮੱਸਿਆ ਹੋਣ 'ਤੇ ਗਾਂ ਦੇ ਦੁੱਧ ਦਾ ਮੱਖਣ ਬਣਾ ਕੇ ਅੱਖਾਂ 'ਤੇ ਲਗਾਉਣਾ ਚਾਹੀਦਾ ਹੈ। ਇਸ ਨਾਲ ਅੱਖਾਂ ਨੂੰ ਫ਼ਾਇਦਾ ਹੁੰਦਾ ਹੈ। ਕਿਸੇ ਕਾਰਨ ਅੱਖਾਂ 'ਚ ਹੋਣ ਵਾਲੀ ਜਲਨ 'ਤੇ ਮੱਖਣ ਦੀ ਵਰਤੋਂ ਕਰਨਾ ਫ਼ਾਇਦੇਮੰਦ ਹੈ।

-ਅੱਜ ਕੱਲ ਜ਼ਿਆਦਾਤਰ ਲੋਕਾਂ ਨੂੰ ਕੈਲੇਸਟਰੋਲ ਦੀ ਸਮੱਸਿਆ ਹੁੰਦੀ ਹੈ, ਜਿਸ ਵਜ੍ਹਾ ਨਾਲ ਦਿਲ ਦੇ ਕਈ ਰੋਗ ਹੋ ਜਾਂਦੇ ਹਨ। ਅਜਿਹੇ 'ਚ ਵਿਟਾਮਿਨ ਨਾਲ ਭਰਪੂਰ ਸਫ਼ੈਦ ਮੱਖਣ ਖਾਣ ਨਾਲ ਦਿਲ ਠੀਕ ਰਹਿੰਦਾ ਹੈ।

-ਸਫ਼ੈਦ ਮੱਖਣ ਬੱਚਿਆਂ ਨੂੰ ਜ਼ਰੂਰ ਖਵਾਉਣਾ ਚਾਹੀਦਾ ਹੈ। ਇਸ ਨਾਲ ਬੱਚਿਆਂ ਦਾ ਦਿਮਾਗ ਸਿਹਤਮੰਦ ਹੁੰਦਾ ਹੈ ਤੇ ਯਾਦ ਰੱਖਣ ਦੀ ਤਾਕਤ ਵੱਧਦੀ ਹੈ। ਇਸ ਤੋਂ ਇਲਾਵਾ ਮੱਖਣ ਦੀ ਵਰਤੋਂ ਕਰਨ ਨਾਲ ਬੱਚਿਆਂ ਦੀ ਅੱਖਾਂ ਦੀ ਰੋਸ਼ਨੀ ਵੀ ਤੇਜ਼ ਹੋ ਜਾਂਦੀ ਹੈ।

-ਵੱਧਦੀ ਉਮਰ ਨਾਲ ਹੀ ਹੱਡੀਆਂ ਕਮਜ਼ੋਰ ਹੋਣ ਲੱਗਦੀਆਂ ਹਨ ਜਿਸ ਨਾਲ ਜੋੜਾਂ ਦੇ ਦਰਦ ਦੀ ਸਮੱਸਿਆ ਹੋ ਜਾਂਦੀ ਹੈ। ਅਜਿਹੇ 'ਚ ਸਫ਼ੈਦ ਮੱਖਣ ਖਾਣਾ ਬਹੁਤ ਜ਼ਰੂਰੀ ਹੁੰਦਾ ਹੈ। ਇਸ 'ਚ ਮੌਜੂਦ ਕੈਲਸ਼ੀਅਮ ਹੱਡੀਆਂ ਨੂੰ ਮਜ਼ਬੂਤ ਬਣਾਉਂਦਾ ਹੈ।

**ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।**

# ਸਰਦੀਆਂ 'ਚ 'ਗੁੜ ਦੀ ਚਾਹ' ਪੀਣ ਨਾਲ ਹੁੰਦੈ ਨੇ ਕਈ ਫ਼ਾਇਦੇ, ਇਨ੍ਹਾਂ ਬੀਮਾਰੀਆਂ ਤੋਂ ਮਿਲਦੀ ਹੈ ਰਾਹਤ

ਗੁੜ ਸਿਹਤ ਲਈ ਬਹੁਤ ਲਾਭਦਾਇੱਕ ਹੁੰਦਾ ਹੈ। ਕੋਰੋਨਾ ਕਾਲ 'ਚ ਗੁੜ ਦਾ ਸੇਵਨ ਕਰਨ ਨਾਲ ਇਮਿਊਨਿਟੀ ਸਿਸਟਮ ਮਜ਼ਬੂਤ ਹੁੰਦਾ ਹੈ। ਗੁੜ ਦੀ ਰੋਜ਼ਾਨਾ ਵਰਤੋਂ ਕਰਨ ਨਾਲ ਭਾਰ ਘੱਟ ਹੋਣ ਦੇ ਨਾਲ-ਨਾਲ ਕਈ ਤਰ੍ਹਾਂ ਦੀਆਂ ਬੀਮਾਰੀਆਂ ਨੂੰ ਵੀ ਦੂਰ ਕੀਤਾ ਜਾ ਸਕਦੀ ਹੈ। ਬਹੁਤ ਸਾਰੇ ਲੋਕ ਸਰਦੀਆਂ ਸ਼ੁਰੂ ਹੁੰਦੇ ਸਾਰ ਗੁੜ ਖਾਣਾ ਸ਼ੁਰੂ ਕਰ ਦਿੰਦੇ ਹਨ, ਜਦਕਿ ਕਈ ਗੁੜ ਦੀ ਚਾਹ ਬਣੀ ਚਾਹ ਪੀਣ ਦੇ ਸ਼ੌਕਿਨ ਹੁੰਦੇ ਹਨ। ਗੁੜ ਦੀ ਚਾਹ ਪੀਣ ਨਾਲ ਸਰੀਰ ਦੀਆਂ ਕਈ ਬੀਮਾਰੀਆਂ ਤੋਂ ਨਿਜਾਤ ਮਿਲਦੀ ਹੈ। ਸਰਦੀਆਂ 'ਚ ਗੁੜ ਦੀ ਚਾਹ ਪੀਣ ਦੇ ਬਹੁਤ ਸਾਰੇ ਫ਼ਾਇਦੇ ਹਨ।



ਗੁੜ ਖਾਣ ਦੇ ਲਾਭ

ਗੁੜ 'ਚ ਪ੍ਰੋਟੀਨ, ਗੁੱਡ ਫ਼ੈਟ, ਆਇਰਨ, ਮੈਗਨੀਅਮ, ਪੋਟਾਸ਼ੀਅਮ ਅਤੇ ਮੈਗਨੀਜ਼ ਪਾਇਆ ਜਾਂਦਾ ਹੈ। ਇਸ ਦੇ ਇਲਾਵਾ ਕੁੱਲ ਮਾਤਰਾ 'ਚ ਵਿਟਾਮਿਨ-ਬੀ, ਕੈਲਸ਼ੀਅਮ, ਫ਼ਾਸਫ਼ੋਰਸ, ਜਿੰਕ ਅਤੇ ਕਾਪਰ ਮੌਜੂਦ ਹੁੰਦੇ ਹਨ। ਗੁੜ 'ਚ ਲਗਭਗ 70 ਫ਼ੀਸਦੀ ਸੁਕਰੋਸ ਹੁੰਦਾ ਹੈ।10 ਫ਼ੀਸਦੀ ਦੇ ਲਗਭਗ ਗਲੂਕੋਜ਼ ਅਤੇ 5 ਫ਼ੀਸਦੀ ਖਣਿਜ ਲਵਣ ਹੁੰਦੇ ਹਨ। ਇਨ੍ਹਾਂ ਪੋਸ਼ਕ ਤੱਤਾਂ ਦੇ ਇਲਾਵਾ ਗੁੜ ਖਾਣ ਦੇ ਹੋਰ ਵੀ ਕਈ ਫ਼ਾਇਦੇ ਹਨ।

ਢਿੱਡ ਘੱਟ ਹੁੰਦਾ ਹੈ

ਸਰਦੀਆਂ 'ਚ ਗੁੜ ਦੀ ਚਾਹ ਪੀਣ ਦੇ ਨਾਲ ਢਿੱਡ ਦੀ ਵਧੀ ਹੋਈ ਚਰਬੀ ਘੱਟ ਹੁੰਦੀ ਹੈ। ਇਸ ਨਾਲ ਇਨਸਾਨ ਸਿਹਤਮੰਦ ਰਹਿੰਦਾ ਹੈ।

ਪਾਚਨ ਤੰਤਰ 'ਚ ਸੁਧਾਰ

ਗੁੜ ਦੀ ਚਾਹ ਪਾਚਨ ਤੰਤਰ 'ਚ ਸੁਧਾਰ ਲਿਆਉਂਦੀ ਹੈ। ਸੀਨੇ 'ਚ ਹੋਣ ਵਾਲੀ ਜਲਨ 'ਚ ਵੀ ਮਦਦਗਾਰ ਹੁੰਦੀ ਹੈ।

ਮਾਈਗ੍ਰੇਨ ਤੋਂ ਰਾਹਤ

ਮਾਈਗ੍ਰੇਨ ਜਾਂ ਸਿਰ ਦਰਦ ਦੇ ਮਰੀਜ਼ਾਂ ਨੂੰ ਗਾਂ ਦੇ ਦੁੱਧ 'ਚ ਗੁੜ ਦੀ ਚਾਹ ਬਣਾ ਕੇ ਪੀਣੀ ਚਾਹੀਦੀ ਹੈ। ਇਸ ਨਾਲ ਸਿਰ ਦਰਦ 'ਚ ਰਾਹਤ ਮਿਲਦੀ ਹੈ। ਜਿਨ੍ਹਾਂ ਨੂੰ ਲੋਕਾਂ ਨੂੰ ਖ਼ੂਨ ਦੀ ਕਮੀ ਹੈ, ਉਹ ਗੁੜ ਦਾ ਇਸਤੇਮਾਲ ਕਰਕੇ ਇਸ ਤੋਂ ਰਾਹਤ ਪਾ ਸਕਦੇ ਹਨ।

ਭੁੱਖ ਘੱਟ ਮਹਿਸੂਸ ਹੁੰਦੀ ਹੈ

ਸਵੇਰੇ-ਸਵੇਰੇ ਗੁੜ ਦੀ ਚਾਹ ਪੀਣ ਨਾਲ ਸਰੀਰ ਨੂੰ ਆਇਰਨ, ਮੈਗਨੀਸ਼ੀਅਮ ਅਤੇ ਪੋਟਾਸ਼ੀਅਮ ਭਰਪੂਰ ਮਾਤਰਾ 'ਚ ਮਿਲ ਜਾਂਦਾ ਹੈ, ਜਿਸ ਕਰਕੇ ਸਾਰਾ ਦਿਨ ਤੁਹਾਨੂੰ ਭੁੱਖ ਘੱਟ ਮਹਿਸੂਸ ਹੁੰਦੀ ਹੈ। ਤੁਸੀਂ ਦਿਨ ਭਰ ਖੁਦ ਨੂੰ ਐਕਟਿਵ ਫ਼ੀਲ ਕਰਦੇ ਹਨ।

ਭਾਰ ਘਟਾਉਣ 'ਚ ਮਦਦਗਾਰ

ਗੁੜ 'ਚ ਮੌਜੂਦ ਵਿਟਾਮਿਨ-ਬੀ1, ਬੀ6 ਅਤੇ ਵਿਟਾਮਿਨ-ਸੀ ਸਾਡੇ ਸਰੀਰ 'ਚ ਐਕਸਟ੍ਰਾ ਕੈਲੋਰੀ ਬਰਨ ਕਰਨ 'ਚ ਮਦਦ ਕਰਦੇ ਹਨ। ਗੁੜ ਦੀ ਚਾਹ ਭਾਰ ਘੱਟ ਕਰਨ ਦਾ ਕੰਮ ਕਰਦੀ ਹੈ।

ਢਿੱਡ ਨਾਲ ਜੁੜੀਆਂ ਪ੍ਰੇਸ਼ਾਨੀਆਂ ਕਰੇ ਦੂਰ

ਜੇਕਰ ਤੁਹਾਨੂੰ ਗੈਸ, ਅਪਚ ਜਾਂ ਫ਼ਿਰ ਕਬਜ਼ ਦੀ ਸਮੱਸਿਆ ਰਹਿੰਦੀ ਹੈ ਤਾਂ ਰੋਜ਼ ਰਾਤ ਨੂੰ ਖਾਣੇ ਦੇ ਦੋ ਘੰਟੇ ਬਾਅਦ ਦੋ ਟੁੱਕੜੇ ਗੁੜ ਖਾ ਕੇ ਗਰਮ ਪਾਣੀ ਪੀ ਲਓ। ਅਜਿਹਾ ਕਰਨ ਨਾਲ ਗੈਸ, ਕਬਜ਼ ਵਰਗੀ ਢਿੱਡ ਸੰਬੰਧੀ ਬੀਮਾਰੀਆਂ ਦੂਰ ਹੁੰਦੀਆਂ ਹਨ।

## ਸਰਦੀਆਂ 'ਚ ਜ਼ਰੂਰ ਖਾਓ ਮੱਕੀ ਦੀ ਰੋਟੀ, ਦਿਲ ਦੀਆਂ ਬੀਮਾਰੀਆਂ ਸਮੇਤ ਕਈ ਰੋਗਾਂ ਤੋਂ ਮਿਲੇਗੀ ਨਿਜ਼ਾਤ



ਸਰਦੀਆਂ 'ਚ ਮੱਕੀ ਦੀ ਵਰਤੋਂ ਕਰਨੀ ਸਿਹਤ ਲਈ ਬਹੁਤ ਫ਼ਾਇਦੇਮੰਦ ਹੁੰਦੀ ਹੈ, ਚਾਹੇ ਇਸ ਨੂੰ ਦਾਣੇ ਦੇ ਰੂਪ 'ਚ ਖਾਓ ਜਾਂ ਰੋਟੀ ਬਣਾ ਕੇ ਖਾਓ। ਇਸ 'ਚ ਵਿਟਾਮਿਨ-ਏ, ਬੀ, ਈ ਅਤੇ ਕਈ ਤਰ੍ਹਾਂ ਦੇ ਮਿਨਰਲਜ਼ ਜਿਵੇਂ ਆਇਰਨ, ਕਾਪਰ, ਜ਼ਿੰਕ ਅਤੇ ਮੈਗਨੀਜ਼, ਸੇਲੇਨਿਯਮ ਪੋਟਾਸ਼ੀਅਮ ਆਦਿ ਭਰਪੂਰ ਮਾਤਰਾ 'ਚ ਹੁੰਦੇ ਹਨ। ਇਹ ਕੈਂਸਰ ਅਤੇ ਦਿਲ ਦੇ ਗੰਭੀਰ ਰੋਗ ਹੋਣ ਦੀ ਸੰਭਾਵਨਾ ਨੂੰ ਘੱਟ ਕਰਦੇ ਹਨ। ਇਸ ਲਈ ਆਪਣੀ ਖ਼ੁਰਾਕ 'ਚ ਮੱਕੀ ਦੀ ਰੋਟੀ ਨੂੰ ਜ਼ਰੂਰ ਸ਼ਾਮਲ ਕਰੋ। ਆਓ ਜਾਣਦੇ ਹਾਂ ਇਸ ਦੇ ਫ਼ਾਇਦਿਆਂ ਦੇ ਬਾਰੇ 'ਚ...

-ਮੱਕੀ ਦੀ ਵਰਤੋਂ ਕਰਨੀ ਸਿਹਤ ਲਈ ਬੇਹੱਦ ਫ਼ਾਇਦੇਮੰਦ ਹੁੰਦੀ ਹੈ। ਇਸ 'ਚ ਐਂਟੀ-ਆਕਸੀਡੈਂਟ ਭਰਪੂਰ ਮਾਤਰਾ 'ਚ ਮਿਲਦਾ ਹੈ, ਜੋ ਫ਼ੇਫ਼ੜਿਆਂ ਦੇ ਕੈਂਸਰ, ਲੀਵਰ ਅਤੇ ਛਾਤੀ ਕੈਂਸਰ ਦੇ ਖ਼ਤਰੇ ਨੂੰ ਘੱਟ ਕਰਦੇ ਹਨ। ਇਹ ਕੈਲੇਸਟਰੋਲ ਨੂੰ ਘੱਟ ਕਰਕੇ ਕਾਰਡਿਉਵਰਸਕੁਲਰ ਦੇ ਖ਼ਤਰੇ ਨੂੰ ਘੱਟ ਕਰਦਾ ਹੈ। ਇਸ ਤੋਂ ਇਲਾਵਾ ਇਹ ਹਾਈ ਬੀ.ਪੀ. ਦੀ ਸਮੱਸਿਆ ਨੂੰ ਵੀ ਘੱਟ ਕਰ ਕੇ ਦਿਲ ਦੇ ਦੌਰੇ ਦਾ ਖ਼ਤਰਾ ਘੱਟ ਕਰਦਾ ਹੈ। ਇਸ ਨੂੰ ਲਗਾਤਾਰ ਖਾਣ ਨਾਲ ਸਰੀਰ 'ਚੋਂ ਮਾੜੇ ਕੈਲੇਸਟਰੋਲ ਦਾ ਲੈਵਲ ਘੱਟ ਹੋ ਜਾਂਦਾ ਹੈ।

-ਮੱਕੀ ਦੀ ਛੱਲੀ ਨੂੰ ਭੁੰਨ ਕੇ ਉਸ ਦੀ ਰਾਖ ਨੂੰ ਪੀਸ ਲਓ ਫ਼ਿਰ ਇਸ 'ਚ ਸਵਾਦ ਮੁਤਾਬਕ ਨਮਕ ਪਾ ਕੇ ਦਿਨ 'ਚ 4 ਵਾਰ 1 ਚਮਚਾ ਇਸ ਦੀ ਵਰਤੋਂ ਕਰੋ। ਇਸ ਨਾਲ ਖਾਂਸੀ, ਕਫ਼ ਅਤੇ ਸਰਦੀ ਤੋਂ ਰਾਹਤ ਮਿਲਦੀ ਹੈ। ਮੱਕੀ ਹੱਡੀਆਂ ਲਈ ਬਹੁਤ ਫ਼ਾਇਦੇਮੰਦ ਹੁੰਦੀ ਹੈ। ਮੈਗਨੀਸ਼ੀਅਮ ਅਤੇ ਆਇਰਨ ਇਸ 'ਚ ਭਰਪੂਰ ਮਾਤਰਾ 'ਚ ਹੁੰਦਾ ਹੈ, ਜੋ ਹੱਡੀਆਂ ਨੂੰ ਮਜ਼ਬੂਤ ਬਣਾਉਂਦਾ ਹੈ। ਨਾਲ ਹੀ ਇਸ 'ਚ ਮੌਜੂਦ ਜ਼ਿੰਕ ਅਤੇ ਫ਼ਾਸਫ਼ੋਰਸ ਆਰਥਰਾਈਟਸ ਵਰਗੇ ਰੋਗਾਂ ਦੇ ਖ਼ਤਰੇ ਨੂੰ ਘੱਟ ਕਰਦਾ ਹੈ।

# ਖ਼ੂਨ ਦੀ ਘਾਟ ਨੂੰ ਪੂਰਾ ਕਰਨ ਲਈ ਖ਼ੁਰਾਕ 'ਚ ਜ਼ਰੂਰ ਸ਼ਾਮਲ ਕਰੋ ਇਹ ਚੀਜ਼ਾਂ

ਸਰੀਰ ਦਾ ਵਧੀਆ ਤਰੀਕੇ ਨਾਲ ਵਿਕਾਸ ਹੋਣ ਲਈ ਸਾਰੇ ਪੋਸ਼ਕ ਤੱਤਾਂ ਦਾ ਸਹੀ ਮਾਤਰਾ 'ਚ ਮਿਲਣਾ ਬਹੁਤ ਜ਼ਰੂਰੀ ਹੈ। ਅਜਿਹੇ 'ਚ ਇਹ ਸਰੀਰ 'ਚ ਖ਼ੂਨ ਬਣਾਉਣ 'ਚ ਮਦਦ ਕਰਦਾ ਹੈ। ਅਜਿਹੇ 'ਚ ਇਸ ਦੀ ਘਾਟ ਹੋਣ ਨਾਲ ਥਕਾਵਟ, ਕਮਜ਼ੋਰੀ, ਜੀਭ ਦਾ ਲਾਲ ਹੋਣਾ, ਸਕਿਨ ਦਾ ਪੀਲਾ ਰੰਗ ਹੋਣਾ, ਨਹੁੰਆਂ ਦਾ ਕਮਜ਼ੋਰ ਹੋਣਾ ਆਦਿ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੇ 'ਚ ਇਸ ਦੀ ਕਮੀ ਨੂੰ ਨਾਨ-ਵੈੱਜ, ਸੀ-ਫ਼ੂਡ, ਹਰੀਆਂ ਪੱਤੇਦਾਰ ਸਬਜ਼ੀਆਂ, ਸੁੱਕੇ ਮੇਵੇ ਆਦਿ ਦੀ ਵਰਤੋਂ ਨਾਲ ਪੂਰਾ ਕਰ ਸਕਦੇ ਹਾਂ ਪਰ ਗੱਲ ਜੇ ਸੁੱਕੇ ਮੇਵਿਆਂ ਦੀ ਕਰੀਏ ਤਾਂ ਖ਼ੁਰਾਕ 'ਚ ਇਨ੍ਹਾਂ ਨੂੰ ਸ਼ਾਮਲ ਕਰਕੇ ਖ਼ੂਨ ਦੀ ਘਾਟ ਨੂੰ ਪੂਰਾ ਕੀਤਾ ਜਾ ਸਕਦਾ ਹੈ। ਆਓ ਜਾਣਦੇ ਹਾਂ ਇਸ ਬਾਰੇ ਵਿਸਥਾਰ 'ਚ

ਡੇਲੀ ਰੁਟੀਨ 'ਚ ਕਿੰਨੀ ਮਾਤਰਾ 'ਚ ਖ਼ੂਨ ਹੈ ਜ਼ਰੂਰੀ

19 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਮਰਦਾਂ ਨੂੰ ਦਿਨ ਭਰ 8 ਮਿ.ਲੀ. ਗ੍ਰਾਮ ਖ਼ੂਨ ਦੀ ਜ਼ਰੂਰਤ ਹੁੰਦੀ ਹੈ।

19 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1 ਦਿਨ 'ਚ 18 ਮਿ.ਲੀ. ਗ੍ਰਾਮ ਖ਼ੂਨ ਦੀ ਜ਼ਰੂਰਤ ਹੁੰਦੀ ਹੈ।

ਇਸ ਤੋਂ ਇਲਾਵਾ ਪ੍ਰੈਗਨੈਂਸੀ 'ਚ ਔਰਤਾਂ ਨੂੰ 27 ਮਿ.ਲੀ. ਗ੍ਰਾਮ ਖ਼ੂਨ ਦੀ ਜ਼ਰੂਰਤ ਹੁੰਦੀ ਹੈ। ਆਓ ਹੁਣ ਜਾਣਦੇ ਹਨ ਕਿਵੇਂ ਖ਼ੁਰਾਕ 'ਚ ਸੁੱਕੇ ਮੇਵੇਆਂ ਨੂੰ ਸ਼ਾਮਲ ਕਰਕੇ ਖ਼ੂਨ ਦੀ ਘਾਟ ਨੂੰ ਪੂਰਾ ਕੀਤਾ ਜਾ ਸਕਦਾ ਹੈ।

**ਬਦਾਮ**: ਲਗਭਗ ਹਰ ਕਿਸੇ ਨੂੰ ਬਦਾਮ ਖਾਣੇ ਪਸੰਦ ਹੁੰਦੇ ਹੈ। ਇਸ ਦੀ ਵਰਤੋਂ ਨਾਲ ਸਰੀਰ ਨੂੰ ਸਹੀ ਮਾਤਰਾ 'ਚ ਖ਼ੂਨ ਮਿਲਦਾ ਹੈ। ਇਹ ਇਮਿਊਨਿਟੀ ਨੂੰ ਵਧਾਉਣ ਅਤੇ ਮੌਸਮੀ ਬੀਮਾਰੀਆਂ ਤੋਂ ਬਚਾਅ 'ਚ ਮਦਦ ਕਰਦੇ ਹਨ। ਤੁਸੀਂ ਇਸ ਨੂੰ ਭੁੰਨੇ ਹੋਏ, ਭਿੱਜੇ ਹੋਏ, ਸਲਾਦ, ਕੇਕ, ਬਿਸਕੁੱਟ ਜਾਂ ਦੁੱਧ 'ਚ ਮਿਲਾ ਕੇ ਖਾ ਸਕਦੇ ਹੋ। ਦੁੱਧ 'ਚ ਮਿਲਾ ਕੇ ਪੀਣ ਨਾਲ ਮਾਸਪੇਸ਼ੀਆਂ ਅਤੇ ਹੱਡੀਆਂ 'ਚ ਮਜ਼ਬੂਤੀ ਆਉਣ ਦੇ ਨਾਲ ਸਰੀਰ ਦਾ ਸਹੀ ਤਰੀਕੇ ਨਾਲ ਵਿਕਾਸ ਹੋਣ 'ਚ ਸਹਾਇਤਾ ਮਿਲਦੀ ਹੈ। ਨਾਲ ਹੀ ਦਿਮਾਗ ਵਧੀਆ ਤਰੀਕੇ ਨਾਲ ਕੰਮ ਕਰਦਾ ਹੈ।

**ਕਾਜੂ**: ਖ਼ੂਨ ਨੂੰ ਪੂਰਾ ਕਰਨ ਲਈ ਕਾਜੂ ਨੂੰ ਖ਼ੁਰਾਕ 'ਚ ਸ਼ਾਮਲ ਕਰਨਾ ਸਭ ਤੋਂ ਵਧੀਆ ਆਪਸ਼ਨ ਹੈ। 100 ਗ੍ਰਾਮ ਕਾਜੂ 'ਚ ਕਰੀਬ 6.7 ਮਿ.ਲੀ ਗ੍ਰਾਮ ਖ਼ੂਨ (ਆਇਰਨ) ਪਾਇਆ ਜਾਂਦਾ ਹੈ। ਅਜਿਹੇ 'ਚ ਦਿਨ ਭਰ ਛੋਟੀ-ਛੋਟੀ ਭੁੱਖ ਲੱਗਣ 'ਤੇ ਬਾਹਰ ਦਾ ਤਲਿਆ-ਭੁੰਨਿਆ ਖਾਣ ਦੀ ਜਗ੍ਹਾ ਕਾਜੂ ਖਾਣਾ ਸਹੀ ਰਹੇਗਾ। ਤੁਸੀਂ ਇਸ ਨੂੰ ਭੁੰਨ ਕੇ, ਸਲਾਦ 'ਚ ਅਤੇ ਸ਼ੇਕ 'ਤੇ ਪਾ ਕੇ ਖਾ ਸਕਦੇ ਹੋ।

ਅਖਰੋਟ: ਦਿਮਾਗ ਦੀ ਸ਼ਕਲ ਵਾਲਾ



ਅਖਰੋਟ ਵਿਟਾਮਿਨ, ਮਿਨਰਲਜ਼, ਫ਼ਾਈਬਰ, ਐਂਟੀ-ਆਕਸੀਡੈਂਟ, ਆਇਰਨ ਆਦਿ ਗੁਣਾਂ ਨਾਲ ਭਰਿਆ ਹੁੰਦਾ ਹੈ। ਇਸ ਦੀ ਵਰਤੋਂ ਨਾਲ ਸਰੀਰਿਕ ਅਤੇ ਮਾਨਸਿਕ ਤੌਰ 'ਤੇ ਵਧੀਆ ਤਰੀਕੇ ਨਾਲ ਵਿਕਾਸ ਹੋਣ 'ਚ ਸਹਾਇਤਾ ਮਿਲਦੀ ਹੈ। 100 ਗ੍ਰਾਮ ਅਖਰੋਟ 'ਚ 2.9 ਗ੍ਰਾਮ ਆਇਰਨ ਹੋਣ ਨਾਲ ਇਸ ਦੀ ਕਮੀ ਨੂੰ ਪੂਰਾ ਕੀਤਾ ਜਾ ਸਕਦਾ ਹੈ। ਇਸ ਨੂੰ ਸਨੈਕ ਦੇ ਤੌਰ 'ਤੇ ਵੀ ਖਾਧਾ ਜਾ ਸਕਦਾ ਹੈ। ਇਸ ਤੋਂ ਇਲਾਵਾ ਅਖਰੋਟ ਨੂੰ ਕੇਕ, ਬਿਸਕੁੱਟ, ਦੁੱਧ 'ਚ ਮਿਲਾ ਕੇ ਵੀ ਖਾਧਾ ਜਾ ਸਕਦਾ ਹੈ।

**ਮੂੰਗਫ਼ਲੀ**: ਸਰਦੀਆਂ 'ਚ ਮੂੰਗਫ਼ਲੀ ਤਾਂ ਲਗਭਗ ਹਰ ਘਰ 'ਚ ਹੁੰਦੀ ਹੈ। ਖਾਣ 'ਚ ਸਵਾਦ ਹੋਣ ਦੇ ਨਾਲ ਇਹ ਸਰੀਰ 'ਚ ਆਇਰਨ (ਖ਼ੂਨ) ਦੀ ਕਮੀ ਨੂੰ ਪੂਰਾ ਕਰਨ ਲਈ ਵੀ ਕੰਮ ਕਰਦੀ ਹੈ। ਜੇ ਇਸ 'ਚ ਆਇਰਨ ਦੀ ਮਾਤਰਾ ਬਾਰੇ ਗੱਲ ਕਰੀਏ ਤਾਂ 100 ਗ੍ਰਾਮ ਮੂੰਗਫ਼ਲੀ 'ਚ 4.6 ਮਿ.ਲੀ. ਗ੍ਰਾਮ ਆਇਰਨ ਹੁੰਦਾ ਹੈ। ਇਸ ਤੋਂ ਇਲਾਵਾ ਵਿਟਾਮਿਨ, ਕੈਲਸ਼ੀਅਮ, ਫ਼ਾਈਬਰ ਆਦਿ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੋਣ ਕਾਰਨ ਮੂੰਗਫ਼ਲੀ ਦੀ ਵਰਤੋਂ ਕਰਨ ਨਾਲ ਇਮਿਊਨਿਟੀ ਵੱਧਦੀ ਹੈ ਅਤੇ ਬੀਮਾਰੀਆਂ ਤੋਂ ਬਚਾਅ ਹੁੰਦਾ ਹੈ। ਤੁਸੀਂ ਇਸ ਨੂੰ ਭੁੰਨ ਕੇ ਸਲਾਦ, ਸਬਜ਼ੀਆਂ, ਚੌਲ, ਪੋਹਾ ਆਦਿ 'ਚ ਮਿਲਾ ਕੇ ਖਾ ਸਕਦੇ ਹੋ।

**ਪਿਸਤਾ**: ਪਿਸਤਾ ਖਾਣ 'ਚ ਸਵਾਦ ਹੋਣ ਦੇ ਨਾਲ ਬਹੁਤ ਸਾਰੇ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੁੰਦਾ ਹੈ। ਅਜਿਹੇ 'ਚ ਇਸ ਦੀ ਵਰਤੋਂ ਕਰਨ ਨਾਲ ਸਰੀਰ 'ਚ ਖ਼ੂਨ ਦੀ ਕਮੀ ਪੂਰੀ ਹੋਣ ਦੇ ਨਾਲ ਵਧੀਆ ਤਰੀਕੇ ਨਾਲ ਵਿਕਾਸ ਹੋਣ 'ਚ ਮਦਦ ਮਿਲਦੀ ਹੈ। ਅਜਿਹੇ 'ਚ ਅਨੀਮੀਆ ਨੂੰ ਪੂਰਾ ਕਰਨ ਲਈ ਇਸ ਨੂੰ ਆਪਣੀ ਖ਼ੁਰਾਕ 'ਚ ਸ਼ਾਮਲ ਕਰਨਾ ਬਹੁਤ ਜ਼ਰੂਰੀ ਹੈ। 100 ਗ੍ਰਾਮ ਪਿਸਤਾ 'ਚ 3.9 ਮਿ.ਲੀ. ਗ੍ਰਾਮ ਆਇਰਨ ਪਾਇਆ ਜਾਂਦਾ ਹੈ।

ਸੂਰਜਮੁਖੀ ਦੇ ਬੀਜ: ਸਰੀਰ 'ਚ ਆਇਰਨ ਦੀ ਕਮੀ ਨੂੰ ਪੂਰਾ ਕਰਨ ਲਈ ਸੂਰਜਮੁਖੀ ਦੇ ਬੀਜਾਂ ਦੀ ਵਰਤੋਂ ਕਰਨਾ ਸਭ ਤੋਂ ਵਧੀਆ ਆਪਸ਼ਨ ਹੈ। ਸੂਰਜਮੁਖੀ ਦੇ ਲਗਭਗ 100 ਗ੍ਰਾਮ ਬੀਜਾਂ 'ਚ 5.3 ਮਿ.ਲੀ. ਗ੍ਰਾਮ ਆਇਰਨ ਪਾਇਆ ਜਾਂਦਾ ਹੈ। ਅਜਿਹੇ 'ਚ ਇਸ ਦੀ ਕਮੀ ਪੂਰੀ ਹੋਣ ਦੇ ਨਾਲ ਸਰੀਰ ਨੂੰ ਅੰਦਰੋਂ ਮਜ਼ਬੂਤੀ ਮਿਲੇਗੀ। ਤੁਸੀਂ ਇਸ ਨੂੰ ਸਨੈਕਸ, ਕੇਕ, ਬਿਸਕੁੱਟ ਜਾਂ ਦੁੱਧ 'ਚ ਮਿਲਾ ਕੇ ਖਾ ਸਕਦੇ ਹੋ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

## ਲੌਂਗਾਂ ਵਾਲੀ ਚਾਹ ਪੀਣ ਨਾਲ ਹੋਣਗੇ ਕਈ ਫ਼ਾਇਦੇ, ਇਨ੍ਹਾਂ ਬੀਮਾਰੀਆਂ ਤੋਂ ਮਿਲੇਗੀ ਨਿਜ਼ਾਤ

ਸਰਦੀਆਂ ਸ਼ੁਰੂ ਹੋ ਗਈਆਂ ਹਨ ਚਾਹ ਦੇ ਸ਼ੌਕੀਨ ਲੋਕਾਂ ਨੂੰ ਇਸ ਦਾ ਹਰ ਸੁਆਦ ਚੰਗਾ ਲੱਗਦਾ ਹੈ ਪਰ ਕਈ ਵਾਰ ਹਲਕੀ-ਫ਼ੁਲਕੀ ਬੀਮਾਰੀ ਤੋਂ ਰਾਹਤ ਪਾਉਣ 'ਚ ਵੀ ਇਹ ਕੰਮ ਆਉਂਦੀ ਹੈ। ਅੱਜ ਅਸੀਂ ਤੁਹਾਨੂੰ ਲੌਂਗ ਦੀ ਚਾਹ ਪੀਣ ਦੇ ਫ਼ਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ



ਇਸ ਨੂੰ ਪੀਣ ਨਾਲ ਸਰੀਰ ਨੂੰ ਕਈ ਫ਼ਾਇਦੇ ਹੁੰਦੇ ਹਨ। ਸਰੀਰ ਕਈ ਬੀਮਾਰੀਆਂ ਤੋਂ ਬਚਿਆ ਰਹਿੰਦਾ ਹੈ। ਆਓ ਜਾਣਦੇ ਹਾਂ ਲੌਂਗ ਵਾਲੀ ਚਾਹ ਪੀਣ ਦੇ ਫ਼ਾਇਦਿਆਂ ਦੇ ਬਾਰੇ...

ਸਰਦੀ-ਜੁਕਾਮ ਤੋਂ ਰਾਹਤ: ਸਰਦੀ ਤੋਂ ਬਚਣ ਲਈ ਲੌਂਗ ਵਾਲੀ ਚਾਹ ਬੇਹੱਦ ਫ਼ਾਇਦੇਮੰਦ ਹੁੰਦੀ ਹੈ ਲੌਂਗ ਦੀ ਤਾਸੀਰ ਗਰਮ ਹੁੰਦੀ ਹੈ। ਇਸ ਲਈ ਮੌਸਮੀ ਬਦਲਾਅ ਹੋਣ 'ਤੇ 2-3 ਵਾਰ ਇਸ ਨੂੰ ਪੀਣ ਨਾਲ ਸਰਦੀ, ਖਾਂਸੀ ਅਤੇ ਜੁਕਾਮ ਤੋਂ ਰਾਹਤ ਮਿਲਦੀ ਹੈ।

ਬੁਖਾਰ ਨੂੰ ਦੂਰ ਕਰੇ: ਜੇ ਤੁਸੀਂ ਬੁਖਾਰ ਨਾਲ ਪੀੜਤ ਹੋ ਤਾਂ ਲੌਂਗਾਂ ਵਾਲੀ ਦੀ ਚਾਹ ਪੀਣਾ ਤੁਹਾਡੇ ਲਈ ਕਾਫ਼ੀ ਫ਼ਾਇਦੇਮੰਦ ਹੋਵੇਗਾ।

ਸਰੀਰ ਦੇ ਦਰਦ ਤੋਂ ਨਿਜ਼ਾਤ: ਸਰੀਰ ਦੇ ਅੰਗਾਂ ਅਤੇ ਮਸਲਸ 'ਚ ਹੋਣ ਵਾਲੇ ਦਰਦ ਤੋਂ ਛੁਟਕਾਰਾ ਪਾਉਣਾ ਚਾਹੁੰਦੇ ਹੋ ਤਾਂ ਲੌਂਗਾਂ ਵਾਲੀ ਚਾਹ ਜ਼ਰੂਰ ਪੀਓ। ਇਸ ਦੇ ਇਲਾਵਾ ਜੇ ਤੁਸੀਂ ਚਾਹੋ ਤਾਂ ਲੌਂਗਾਂ ਵਾਲੀ ਚਾਹ ਦੀ ਦਰਦ ਵਾਲੀ ਥਾਂ 'ਤੇ ਸੇਕ ਵੀ ਕਰ ਸਕਦੇ ਹੋ। ਢਿੱਡ ਨੂੰ ਰੱਖੋ ਦਰੁਸਤ: ਢਿੱਡ 'ਚ ਐਸੀਡਿਟੀ ਹੋਣ ਅਤੇ ਪਾਚਨ ਤੰਤਰ ਦੀ ਗਤੀ ਘੱਟ ਹੋਣ 'ਤੇ ਲੌਂਗਾਂ ਵਾਲੀ ਚਾਹ ਪੀਣ ਨਾਲ ਕਾਫ਼ੀ ਫ਼ਾਇਦਾ ਹੁੰਦਾ ਹੈ।

ਦੰਦਾਂ ਦੇ ਦਰਦ ਤੋਂ ਛੁਟਕਾਰਾ: ਦੰਦਾਂ 'ਚ ਦਰਦ ਹੋਣ ਦੇ ਅਕਸਰ ਲੋਕ ਲੌਂਗਾਂ ਦੇ ਤੇਲ ਦੀ ਵਰਤੋਂ ਕਰਦੇ ਹਨ। ਇਸ ਸਮੱਸਿਆ ਤੋਂ ਰਾਹਤ ਪਾਉਣ ਲਈ ਲੌਂਗਾਂ ਦੀ ਚਾਹ ਵੀ ਬਹੁਤ ਹੀ ਫ਼ਾਇਦੇਮੰਦ ਹੁੰਦੀ ਹੈ। ਇਸ ਤੋਂ ਇਲਾਵਾ ਕੱਫ਼ ਦੀ ਸਮੱਸਿਆ 'ਚ ਵੀ ਲੌਂਗਾਂ ਵਾਲੀ ਚਾਹ ਫ਼ਾਇਦੇਮੰਦ ਸਾਬਤ ਹੁੰਦੀ ਹੈ।

# ਸਰੀਰ 'ਚ ਹੋਣ ਵਾਲੀਆਂ ਇਨ੍ਹਾਂ ਦਰਦਾਂ ਨੂੰ ਦੂਰ ਕਰਦਾ ਹੈ 'ਲਸਣ ਵਾਲਾ ਦੁੱਧ', ਜਾਣੋ ਹੋਰ ਵੀ ਬੇਮਿਸਾਲ ਫ਼ਾਇਦੇ

- ਲਸਣ ਸਿਰਫ਼ ਸਾਡੇ ਖਾਣੇ ਦਾ ਸਵਾਦ ਹੀ ਨਹੀਂ ਵਧਾਉਂਦਾ, ਸਗੋਂ ਇਹ ਸਰੀਰ ਲਈ ਇੱਕ ਦਵਾਈ ਦੀ ਤਰ੍ਹਾਂ ਕੰਮ ਵੀ ਕਰਦਾ ਹੈ। ਇਸ 'ਚ ਵਿਟਾਮਿਨ, ਖਣਿਜ, ਲਵਣ ਅਤੇ ਫ਼ਾਸਫ਼ੋਰਸ, ਆਇਰਨ, ਵਿਟਾਮਿਨ-ਏ, ਬੀ ਅਤੇ ਸੀ ਭਰਪੂਰ ਮਾਤਰਾ 'ਚ ਹੁੰਦੇ ਹਨ। ਲਸਣ ਸਾਡੇ ਸਰੀਰ ਦੀ ਰੋਗਾਂ ਨਾਲ ਲੜਨ ਦੀ ਸਮਰੱਥਾ ਨੂੰ ਵਧਾਉਂਦਾ ਹੈ। ਜੇਕਰ ਅਸੀਂ ਲਸਣ ਦਾ ਦੁੱਧ 'ਚ ਮਿਲਾ ਕੇ ਵਰਤੋਂ ਕਰੀਏ, ਤਾਂ ਇਸ ਦੇ ਦੁੱਗਣੇ ਫ਼ਾਇਦੇ ਹੋ ਜਾਂਦੇ ਹਨ। ਅੱਜ ਕੱਲ ਲੋਕ ਸਰੀਰ 'ਚ ਹੋਣ ਵਾਲੀਆਂ ਦਰਦਾਂ ਤੋਂ ਬਹੁਤ ਪਰੇਸ਼ਾਨ ਹਨ, ਜਿਨ੍ਹਾਂ ਨੂੰ ਦੂਰ ਕਰਨ ਲਈ ਲਸਣ ਵਾਲੇ ਦੁੱਧ ਦੀ ਵਰਤੋਂ ਕਰੋ। ਲਸਣ ਵਾਲਾ ਦੁੱਧ ਪੀਣ ਨਾਲ ਕਿਹੜੀਆਂ ਬੀਮਾਰੀਆਂ ਦਾ ਜੜ੍ਹ ਤੋਂ ਇਲਾਜ ਹੋ ਜਾਂਦਾ ਹੈ, ਆਓ ਜਾਣਦੇ ਹਾਂ...

ਇੰਝ ਤਿਆਰ ਕਰੋ ਲਸਣ ਵਾਲਾ ਦੁੱਧ

ਇਸ ਦੁੱਧ ਨੂੰ ਬਣਾਉਣ ਲਈ 1 ਗਲਾਸ ਦੁੱਧ 'ਚ ਥੋੜ੍ਹਾ ਜਿਹਾ ਪਾਣੀ ਅਤੇ ਲਸਣ ਮਿਲਾ ਕੇ ਚੰਗੀ ਤਰ੍ਹਾਂ ਉਬਾਲ ਲਓ। ਫ਼ਿਰ ਇਸ ਦੁੱਧ ਨੂੰ ਰਾਤ ਦੇ ਸਮੇਂ ਖਾਣਾ ਖਾਣ ਤੋਂ ਬਾਅਦ ਸੌਣ ਤੋਂ ਪਹਿਲਾਂ ਪੀ ਲਓ। ਇਸ ਨਾਲ ਸਾਡੀਆਂ ਬਹੁਤ ਸਾਰੀਆਂ ਸਮੱਸਿਆਵਾਂ ਦੂਰ ਹੁੰਦੀਆਂ ਹਨ ਅਤੇ ਦਰਦਾਂ ਤੋਂ ਰਾਹਤ ਮਿਲਦੀ ਹੈ।

ਹੋਣਗੇ ਇਹ ਫ਼ਾਇਦੇ

ਐਸੀਡਿਟੀ ਅਤੇ ਬਦਹਜ਼ਮੀ

ਦੁੱਧ ਅਤੇ ਲਸਣ ਦਾ ਮਿਸ਼ਰਣ ਪਾਚਕ ਰਸ ਨੂੰ ਬਣਾਉਣ 'ਚ ਅਹਿਮ ਭੂਮਿਕਾ ਨਿਭਾਉਂਦਾ ਹੈ। ਇਸ ਨਾਲ ਐਸੀਡਿਟੀ ਅਤੇ ਬਦਹਜ਼ਮੀ ਜਿਹੀਆਂ ਸਮੱਸਿਆਵਾਂ ਵੀ ਠੀਕ ਹੁੰਦੀਆਂ ਹਨ।

ਜੋੜਾਂ ਦੇ ਦਰਦਾਂ ਤੋਂ ਮਿਲੇ ਮੁਕਤੀ

ਲਸਣ ਵਾਲਾ ਦੁੱਧ ਜੋੜਾਂ ਦੇ ਦਰਦ ਲਈ ਬਹੁਤ ਜ਼ਿਆਦਾ ਫ਼ਾਇਦੇਮੰਦ ਹੁੰਦਾ ਹੈ। ਇਸ ਲਈ ਜੇਕਰ ਤੁਹਾਨੂੰ ਵੀ ਜੋੜਾਂ 'ਚ ਦਰਦ ਰਹਿੰਦਾ ਹੈ ਤਾਂ ਰੋਜ਼ਾਨਾ 1 ਗਲਾਸ ਦੁੱਧ 'ਚ ਲਸਣ ਦੀਆਂ ਕਲੀਆਂ ਮਿਲਾ ਕੇ ਉਬਾਲ ਕੇ ਪੀਓ। ਇਸ ਨਾਲ ਦਰਦ ਦੀ ਸਮੱਸਿਆ ਦੂਰ ਹੋ ਜਾਵੇਗੀ।

. ਠੀਕ ਹੁੰਦੈ ਸਿਆਟਿਕਾ ਦਾ ਦਰਦ

ਚਾਰ ਕਲੀਆਂ ਲਸਣ ਦੀਆਂ ਦੁੱਧ 'ਚ ਮਿਲਾ ਕੇ ਚੰਗੀ ਤਰ੍ਹਾਂ ਉਬਾਲੋ ਤੁਸੀਂ ਇਸ ਦੁੱਧ ਨੂੰ ਮਿੱਠਾ ਬਣਾਉਣ ਦੇ ਲਈ ਇਸ



'ਚ ਥੋੜ੍ਹਾ ਜਿਹਾ ਸ਼ਹਿਦ ਮਿਲਾ ਲਓ ਅਤੇ ਰੋਜ਼ਾਨਾ ਇਸ ਦੀ ਵਰਤੋਂ ਕਰੋ। ਇਸ ਨਾਲ ਸਿਆਟਿਕਾ ਦਾ ਦਰਦ ਠੀਕ ਹੋ ਜਾਵੇਗਾ।

ਦੂਰ ਹੁੰਦੀ ਹੈ ਕਲੈਸਟਰੋਲ ਦੀ ਸਮੱਸਿਆ

ਰੋਜ਼ਾਨਾ ਦੁੱਧ 'ਚ ਲਸਣ ਮਿਲਾ ਕੇ ਪੀਣ ਨਾਲ ਦਿਲ ਦੀਆਂ ਨਸਾਂ 'ਚ ਜੰਮਿਆ ਹੋਇਆ ਕੋਲੈਸਟਰੋਲ ਦੂਰ ਹੋ ਜਾਂਦਾ ਹੈ। ਇਸੇ ਲਈ ਜੇਕਰ ਤੁਹਾਨੂੰ ਵੀ ਕਲੈਸਟਰੋਲ ਦੀ ਸਮੱਸਿਆ ਹੈ ਤਾਂ ਰੋਜ਼ਾਨਾ ਲਸਣ ਵਾਲਾ ਦੁੱਧ ਜ਼ਰੂਰ ਪੀਓ।

ਕਬਜ਼ ਦੀ ਸਮੱਸਿਆ ਦੂਰ ਹੁੰਦੀ

ਆਯੂਰਵੇਦ ਮੁਤਾਬਕ ਦੁੱਧ 'ਚ ਲਸਣ ਮਿਲਾ ਕੇ ਪੀਣ ਨਾਲ ਅੰਤੜੀਆਂ ਤੰਦਰੁਸਤ ਹੁੰਦੀਆਂ ਹਨ। ਇਸ ਦੁੱਧ ਦੀ ਵਰਤੋਂ ਕਰਨ ਨਾਲ ਕਬਜ਼ ਦੀ ਸਮੱਸਿਆ ਵੀ ਦੂਰ ਹੁੰਦੀ ਹੈ।

ਮਾਈਗ੍ਰੇਨ ਦੇ ਮਰੀਜ਼ਾਂ ਲਈ ਫ਼ਾਇਦੇਮੰਦ

ਮਾਈਗ੍ਰੇਨ ਦੇ ਮਰੀਜ਼ਾਂ ਲਈ ਦੁੱਧ ਅਤੇ ਲਸਣ ਦਾ ਮਿਸ਼ਰਣ ਬਹੁਤ ਜ਼ਿਆਦਾ ਫ਼ਾਇਦੇਮੰਦ ਹੈ। ਇਸ ਨਾਲ ਨਾਰਮਲ ਸਿਰ ਦਰਦ ਵੀ ਠੀਕ ਹੋ ਜਾਂਦਾ ਹੈ।

ਦੰਦ ਅਤੇ ਹੱਡੀਆਂ ਮਜ਼ਬੂਤ

ਰੋਜ਼ਾਨਾ ਲਸਣ ਵਾਲਾ ਦੁੱਧ ਪੀਣ ਨਾਲ ਦੰਦ ਅਤੇ ਹੱਡੀਆਂ ਮਜ਼ਬੂਤ ਹੁੰਦੀਆਂ ਹਨ। ਲਸਣ ਵਾਲੇ ਦੁੱਧ 'ਚ ਕੈਲਸ਼ੀਅਮ ਦੀ ਮਾਤਰਾ ਭਰਪੂਰ ਪਾਈ ਜਾਂਦੀ ਹੈ, ਜੋ ਸਰੀਰ ਲਈ ਫ਼ਾਇਦੇਮੰਦ ਹੁੰਦੀ ਹੈ।

**ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।**

# ਰੈੱਡ ਕਰਾਸ ਸਾਕੇਤ ਹਸਪਤਾਲ ਵਲੋਂ ਸਿਉਨਾ ਵਿਖੇ ਜਾਗਰੂਕਤਾ ਪ੍ਰੋਗਰਾਮ

**ਪਟਿਆਲਾ, 9 ਫਰਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਦਿਆਰਥੀਆਂ ਦੀ ਸੁਰੱਖਿਆ ਸਿਹਤ ਖੁਸ਼ਹਾਲੀ ਉਨਤੀ ਲਈ, ਬੱਚਿਆਂ ਨੂੰ ਨਸ਼ਿਆਂ ਅਪਰਾਧਾਂ ਬਿਮਾਰੀਆਂ ਅਤੇ ਆਵਾਜਾਈ ਹਾਦਸਿਆਂ ਤੋਂ ਬਚਾਉਣ ਲਈ ਜਾਗਰੂਕ ਕਰਨ ਲਈ ਪੰਜਾਬ ਰੈੱਡ ਕਰਾਸ ਸਾਕੇਤ ਹਸਪਤਾਲ ਨਸ਼ਾ ਛੁਡਾਊ ਕੇਂਦਰ ਪਟਿਆਲਾ ਵਲੋਂ ਜੰਗੀ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ ਇਹ ਵਿਚਾਰ ਸਾਕੇਤ ਹਸਪਤਾਲ ਦੇ ਡਾਇਰੈਕਟਰ ਸ੍ਰੀਮਤੀ ਪ੍ਰਮਿੰਦਰ ਕੌਰ ਮਨਚੰਦਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਉਨਾ ਵਿਖੇ ਵਿਦਿਆਰਥੀਆਂ ਅਧਿਆਪਕਾਂ ਨੂੰ ਜਾਗਰੂਕ ਕਰਦੇ ਹੋਏ ਪ੍ਰਗਟ ਕੀਤੇ। ਇਸ ਮੌਕੇ ਸ੍ਰੀ ਕਾਕਾ ਰਾਮ ਵਰਮਾ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਸੁਸਾਇਟੀ ਨੇ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ ਫਰਜ਼ਾਂ, ਫਸਟ ਏਡ ਸੀ ਪੀ ਆਰ ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ ਅਤੇ ਐਮਰਜੈਂਸੀ ਦੌਰਾਨ ਪੀੜਤਾਂ ਦੀ ਸਹਾਇਤਾ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਦਸਿਆ ਕਿ ਜਿਹੜੇ ਵਿਦਿਆਰਥੀ ਅਧਿਆਪਕ ਨਾਗਰਿਕ ਕਰਮਚਾਰੀ ਪੀੜਤਾਂ ਦੀ ਸੁਰੱਖਿਆ ਬਚਾਉ ਮਦਦ ਲਈ ਯਤਨ ਕਰਨਗੇ ਉਨ੍ਹਾਂ ਨੂੰ ਡੀ ਬੀ ਜੀ ਸੰਸਥਾ ਵਲੋਂ ਸਨਮਾਨ ਪੱਤਰ ਅਤੇ ਗੋਲਡ ਮੈਡਲ ਦੇਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਨੇ ਹਲਕ ਬਾਰੇ ਜਾਣਕਾਰੀ ਦਿੱਤੀ ਕਿ ਜੇਕਰ ਕੋਈ ਕੁੱਤਾ ਬਿੱਲੀ ਜਾਨਵਰ, ਬੱਚਿਆਂ ਜਾ ਕਿਸੇ ਨੂੰ ਵੀ ਕੱਟਦਾ ਚੱਟਦਾ ਤਾਂ ਉਸ ਜ਼ਖ਼ਮ ਨੂੰ ਪਾਣੀ ਸਾਬਣ ਨਾਲ 8/10 ਵਾਰ ਚੰਗੀ ਤਰ੍ਹਾਂ ਧੋਣਾ ਚਾਹੀਦਾ ਪਰ ਜ਼ਖ਼ਮ ਤੇ ਪੱਟੀ ਨਹੀਂ ਬੰਨਦੇ। ਪਰ ਪੀੜਤ ਨੂੰ ਸਰਕਾਰੀ ਹਸਪਤਾਲ ਵਿਖੇ ਡਾਕਟਰਾਂ ਨੂੰ ਦਿਖਾਉਣਾ ਚਾਹੀਦਾ ਹੈ। ਪ੍ਰਮਿੰਦਰ ਕੌਰ ਮਨਚੰਦਾ ਨੇ ਨਸ਼ਿਆਂ ਦੀ ਵਰਤੋਂ ਕਰਨ ਵਾਲਿਆਂ ਦੀਆਂ ਨਿਸ਼ਾਨੀਆਂ, ਕਮਜ਼ੋਰੀਆਂ ਪੈਦਾ ਹੋਣ ਵਾਲੀ ਬਿਮਾਰੀਆਂ ਅਤੇ ਲੁਟਾਂ ਖੋਹਾਂ ਕਰਨ ਦੇ ਕਾਰਨ ਦੱਸੇ। ਪ੍ਰਿੰਸੀਪਲ ਸ਼੍ਰੀ ਰਜਨੀਸ਼ ਹਾਂਡਾ, ਵਾਇਸ ਪ੍ਰਿੰਸੀਪਲ ਮੈਡਮ ਅਤੇ ਅਧਿਆਪਕਾਂ ਨੇ ਧੰਨਵਾਦ ਕੀਤਾ।

# ਡਿਪਟੀ ਕਮਿਸ਼ਨਰ ਵੱਲੋਂ 13 ਫਰਵਰੀ ਨੂੰ ਬਾਰਾਂਦਰੀ ਬਾਗ 'ਚ ਲੱਗਣ ਵਾਲੇ ਫੂਡ, ਫਲਾਵਰ ਫੈਸਟੀਵਲ, ਈਟ ਰਾਈਟ ਮੇਲੇ ਤੇ ਵਾਕਾਥੋਨ ਦੀ ਤਿਆਰੀਆਂ ਦਾ ਜਾਇਜ਼ਾ

## ਬਾਰਾਂਦਰੀ ਬਾਗ ਦਾ ਵੀ ਕੀਤਾ ਨਿਰੀਖਣ, ਵਿਭਾਗ ਨੂੰ ਤੁਰੰਤ ਸੁਧਾਰ ਕਰਨ ਲਈ ਹਦਾਇਤਾਂ ਜਾਰੀ

**ਪਟਿਆਲਾ, 9 ਫਰਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਹੈਰੀਟੇਜ ਮੇਲੇ ਦੌਰਾਨ 13 ਫਰਵਰੀ ਨੂੰ ਬਾਰਾਂਦਰੀ ਬਾਗ ਵਿਖੇ ਲੱਗਣ ਵਾਲੇ ਫਲਾਵਰ ਅਤੇ ਫੂਡ ਫੈਸਟੀਵਲ ਅਤੇ 'ਈਟ ਰਾਈਟ ਮਿਲੇਟ ਮੇਲੇ ਤੇ ਵਾਕਾਥੋਨ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਿਆਲਾ ਹੈਰੀਟੇਜ ਮੇਲੇ ਦੀ ਸ਼ੁਰੂਆਤ ਬਾਰਾਂਦਰੀ ਬਾਗ ਤੋਂ ਹੋਵੇਗੀ ਅਤੇ ਇਸ ਦਿਨ ਇੱਥੇ ਇਸ ਹੈਰੀਟੇਜ ਫੂਡ ਫੈਸਟੀਵਲ ਵਿੱਚ ਪਟਿਆਲਾ ਦੇ ਸਟਰੀਟ ਫੂਡ ਤੇ ਲਜ਼ੀਜ਼ ਪਕਵਾਨਾਂ ਦੀਆਂ ਸਟਾਲਾਂ ਵੀ ਲਗਾਈਆਂ ਜਾਣਗੀਆਂ ਤੇ ਫੂਡ ਸੇਫਟੀ ਐਂਡ ਡਰੱਗ ਐਡਮਨਿਸਟਰੇਸ਼ਨ, ਪੰਜਾਬ (ਐਫ.ਡੀ.ਏ) ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ 'ਈਟ ਰਾਈਟ ਮਿਲੇਟ ਮੇਲੇ ਤੇ ਵਾਕਾਥੋਨ' ਵੀ ਕਰਵਾਈ ਜਾਵੇਗੀ। ਇਸ ਦੌਰਾਨ ਪਟਿਆਲਵੀਆਂ ਨੂੰ ਸ਼ੁੱਧ ਤੇ ਪੌਸ਼ਟਿਕ ਖਾਣ-ਪੀਣ ਲਈ ਉਤਸ਼ਾਹਤ ਕਰਨ ਲਈ ਮਿਲੇਟਸ ਤੇ ਮੂਲ ਅਨਾਜ 'ਤੇ ਅਧਾਰਤ ਵੱਖ-ਵੱਖ ਉਤਪਾਦਾਂ ਸਮੇਤ ਹੋਰ ਭੋਜਨ ਪਦਾਰਥਾਂ ਦੀ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ।

ਇਸੇ ਦੌਰਾਨ ਡਾ. ਪ੍ਰੀਤੀ ਯਾਦਵ ਨੇ ਬਾਰਾਂਦਰੀ ਬਾਗ ਦਾ ਨਿਰੀਖਣ ਵੀ ਕੀਤਾ ਅਤੇ ਬਾਗਬਾਨੀ ਵਿਭਾਗ ਨੂੰ ਇਸ ਪੁਰਾਤਨ ਤੇ ਵਿਰਾਸਤੀ ਬਾਰਾਂਦਰੀ ਬਾਗ ਦੀ ਸੁੰਦਰਤਾ ਵਧਾਉਣ ਤੇ ਇਸਦੇ ਸੁਧਾਰ ਲਈ ਤੁਰੰਤ ਕਾਰਵਾਈ ਕਰਨ ਦੀ ਹਦਾਇਤ ਜਾਰੀ ਕੀਤੀ। ਉਨ੍ਹਾਂ ਨੇ ਇੱਥੇ ਬੱਚਿਆਂ ਲਈ ਲੱਗੇ ਝੂਲਿਆਂ ਦੀ ਸੁਰੱਖਿਆ ਤੇ ਓਪਨ ਜਿੰਮ ਦਾ ਮੁਲੰਕਣ ਕਰਨ, ਫੁਹਾਰੇ ਚਲਾਉਣ, ਸਾਫ਼-ਸਫ਼ਾਈ ਸਮੇਤ ਬਾਗ ਦੇ ਰੱਖ-ਰਖਾਓ 'ਚ ਸੁਧਾਰ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ। ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਸੁੱਕ ਚੁੱਕੇ ਪੁਰਾਣੇ ਬੂਟਿਆਂ ਨੂੰ ਤਬਦੀਲ ਕਰਕੇ ਉਸੇ ਕਿਸਮ ਦੇ ਨਵੇਂ ਬੂਟੇ ਲਗਾਏ ਜਾਣ ਤੋਂ ਇਲਾਵਾ ਬਾਰਾਦਰੀ ਬਾਗ 'ਚ ਗ਼ੈਰ ਸਮਾਜੀ ਅਨਸਰਾਂ ਦੇ ਦਾਖਲੇ ਨੂੰ ਰੋਕਣ ਲਈ ਸੁਰੱਖਿਆ ਗਾਰਡ ਵੀ ਤੈਨਾਤ ਕੀਤੇ ਜਾਣ। ਇਸ ਮਗਰੋਂ ਫੂਡ ਮੇਲੇ ਦੇ ਨੋਡਲ ਅਫ਼ਸਰ ਤੇ ਐਸ.ਡੀ.ਐਮ. ਨਾਭਾ ਡਾ. ਇਸਮਤ ਵਿਜੇ ਸਿੰਘ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪਟਿਆਲਾ ਹੈਰੀਟੇਜ ਮੇਲੇ ਦੌਰਾਨ ਅਹਿਮ ਪ੍ਰੋਗਰਾਮ ਬਾਇਉਡਰਵਸਿਟੀ ਹੈਰੀਟੇਜ ਸਾਈਟ ਬਾਰਾਂਦਰੀ ਵਿਖੇ ਕਰਵਾਏ ਜਾ ਰਹੇ ਹਨ, ਇਸ ਲਈ ਸਮੂਹ ਪੰਜਾਬੀ ਤੇ ਖਾਸ ਕਰਕੇ ਪਟਿਆਲਵੀ ਪਟਿਆਲਾ ਹੈਰੀਟੇਜ ਮੇਲੇ ਦਾ ਆਨੰਦ ਮਾਨਣ ਲਈ ਇੱਥੇ ਪੁੱਜਣ ਅਤੇ ਇੱਥੇ ਦਾਖਲਾ ਫ੍ਰੀ ਹੋਵੇਗਾ। ਇਸ ਮੌਕੇ ਬਾਗਬਾਨੀ ਵਿਕਾਸ ਅਫ਼ਸਰ ਹਰਿੰਦਰਪਾਲ ਸਿੰਘ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਵੀ ਮੌਜੂਦ ਸਨ।



ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਬਾਰਾਂਦਰੀ ਬਾਗ ਪਟਿਆਲਾ ਦਾ ਦੌਰਾ ਕਰਦੇ ਹੋਏ। ਉਨ੍ਹਾਂ ਦੇ ਨਾਲ ਐਸ.ਡੀ.ਐਮ. ਨਾਭਾ ਡਾ. ਇਸਮਤ ਵਿਜੇ ਸਿੰਘ ਅਤੇ ਹੋਰ ਨਜ਼ਰ ਆ ਰਹੇ ਹਨ।

# ਗਿੱਦੜਬਾਹਾ ਦੇ ਆਰਟ ਆਫ ਲਿਵਿੰਗ ਚੈਪਟਰ ਵੱਲੋਂ ਭਜਨ ਸੰਧਿਆ ਦਾ ਕੀਤਾ ਗਿਆ ਆਯੋਜਨ

**ਗਿੱਦੜਬਾਹਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਗਿੱਦੜਬਾਹਾ ਦੇ ਆਰਟ ਆਫ ਲਿਵਿੰਗ ਚੈਪਟਰ ਵੱਲੋਂ ਬੀਤੇ ਐਤਵਾਰ ਦੇਰ ਸ਼ਾਮ ਪ੍ਰਾਚੀਨ ਸ੍ਰੀ ਦੁਰਗਾ ਮੰਦਿਰ ਵਿਖੇ ਭਜਨ ਸੰਧਿਆ ਦਾ ਆਯੋਜਨ ਕੀਤਾ ਗਿਆ, ਜਿਸ ਮੌਕੇ ਆਰਟ ਆਫ ਲਿਵਿੰਗ ਦੇ ਸੀਨੀਅਰ ਟੀਚਰ ਸੁਨੀਲ ਲਾਲਵਾਨੀ ਗੁਜਰਾਤ ਅਤੇ ਟੀਚਰ ਸੁਮੀਤ ਅਰੋੜਾ ਬਠਿੰਡਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਆਰਟ ਆਫ ਲਿਵਿੰਗ ਦੇ ਮੋਹਿਤ ਸ਼ਰਮਾ ਨੇ ਆਪਣੇ ਸੁਰੀਲੇ ਭਜਨ ਅਤੇ ਸੰਗੀਤ ਦੀਆਂ ਧੁਨਾਂ ਨਾਲ ਹਾਜ਼ਰੀਨ ਨੂੰ ਪ੍ਰਫੁੱਲਿਤ ਕੀਤਾ।



ਇਸ ਮੌਕੇ ਆਰਟ ਆਫ ਲਿਵਿੰਗ ਦੇ ਟੀਚਰ ਦਵਿੰਦਰ ਸਿੰਗਲਾ ਨੇ ਦੱਸਿਆ ਕਿ ਆਰਟ ਆਫ ਲਿਵਿੰਗ ਖੂਬਸੂਰਤ ਜ਼ਿੰਦਗੀ ਜਿਉਣ ਦੀ ਇੱਕ ਕਲਾਂ ਹੈ ਜੋ ਮੈਡੀਟੇਸ਼ਨ,ਯੋਗਾ ਅਤੇ ਧਿਆਨ ਕ੍ਰਿਆਵਾਂ ਰਾਹੀਂ ਮਨੁੱਖ ਨੂੰ ਤਣਾਅ ਮੁਕਤ, ਸਰੀਰਿਕ ਤੰਦਰੁਸਤੀ, ਮਾਨਸਿਕ ਸ਼ਾਂਤੀ, ਗ਼ਲਤ ਵਿਚਾਰਾ ਤੋਂ ਛੁਟਕਾਰਾ,ਇਮਿਊਨ ਸਿਸਟਮ ਦੀ ਮਜ਼ਬੂਤੀ ਅਤੇ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਛੁਟਕਾਰਾ ਆਦਿ ਦਾ ਸੁਨੇਹਾ ਦਿੰਦਾ ਹੈ।

ਇਸ ਲਈ ਉਨ੍ਹਾਂ ਨਿਰੋਗ ਜ਼ਿੰਦਗੀ ਬਤੀਤ ਕਰਨ ਲਈ ਹਾਜ਼ਰੀਨ ਨੂੰ ਆਰਟ ਆਫ ਲਿਵਿੰਗ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੀਨੀਅਰ ਟੀਚਰ ਸੁਨੀਲ ਲਾਲਵਾਨੀ ਅਤੇ ਸੁਮੀਤ ਅਰੋੜਾ ਨੇ ਆਰਟ ਆਫ ਲਿਵਿੰਗ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੰਦੇ ਦੱਸਿਆ ਕਿ 20 ਫਰਵਰੀ 2025 ਦਿਨ ਵੀਰਵਾਰ ਨੂੰ ਸ਼ਾਮ 5 ਵਜੇ ਤੋਂ 8 ਵਜੇ ਤੱਕ ਸਪੋਰਟਸ ਸਟੇਡੀਅਮ ਬਠਿੰਡਾ ਵਿਖੇ ਉਮੰਗ ਮਹਾਂ ਸਤਸੰਗ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਆਰਟ ਆਫ ਲਿਵਿੰਗ ਦੇ ਸੰਸਥਾਪਕ ਅਤੇ ਅਧਿਆਤਮਕ ਗੁਰੂ ਸ੍ਰੀ ਸ੍ਰੀ ਰਵੀ ਸ਼ੰਕਰ ਜੀ ਮਹਾਰਾਜ ਵਿਸ਼ੇਸ਼ ਤੌਰ ਤੇ ਸ਼ਿਰਕਰ ਕਰਕੇ ਆਪਣੇ ਭਜਨਾ ਅਤੇ ਪ੍ਰਵਾਚਨਾ ਰਾਹੀਂ ਖੁਸਸਾਲ ਜ਼ਿੰਦਗੀ ਬਤੀਤ ਕਰਨ ਲਈ ਵਿਚਾਰ ਸਾਂਝੇ ਕਰਨਗੇ, ਇਸ ਲਈ ਉਨ੍ਹਾਂ ਲੋਕਾਂ ਨੂੰ ਬਠਿੰਡਾ ਵਿਖੇ ਆਯੋਜਿਤ ਉਮੰਗ ਮਹਾਂ ਸਤਸੰਗ ਵਿੱਚ ਵੱਧ ਤੋਂ ਵੱਧ ਪਹੁੰਚਣ ਦਾ ਸੱਦਾ ਦਿੱਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਿੰਦਰ ਬਾਂਸਲ ਪਪਲੂ, ਕੋਆਰਡੀਨੇਟਰ ਬਬਲੂ ਜੁਨੇਜਾ,ਦੀਪਕ ਗੋਇਲ, ਵਿਨੀਤ ਬਾਂਸਲ, ਸੰਜੀਵ ਬਾਂਸਲ, ਸੂਫ਼ੀ ਮੁੰਜਾਲ, ਸੰਜੇ ਪ੍ਰਕਾਸ਼, ਵਿਨੋਦ, ਮੁਕੇਸ਼ ਤਾਂਗੜੀ, ਮਨੋਜ਼, ਸੰਚਿਤ ਸਿੰਗਲਾ, ਸੰਜੂ, ਪ੍ਰਵੀਨ ਪੋਨੀ, ਸੁਮਨ ਸਿੰਗਲਾ, ਰਮੇਸ਼, ਕੈਲਾਸ਼ ਕਥੂਰੀਆ, ਕੀਮਤ ਬੁਲਾਸਦੀ, ਕਮਲਾਂ ਆਂਟੀ,ਉਮਾ ਸਿੰਗਲਾ,ਆਰਤੀ ਬਾਂਸਲ, ਵੰਦਨਾ ਗਰਗ, ਮਮਤਾ ਗਰਗ,ਪੂਨਮ ਦਾਬੜਾ,ਅੰਜੂ, ਦੀਪਿਕਾ, ਅਪੇਕਸਾ, ਰਵਿਤਾ ਗੋਇਲ,ਵਰੁਣਾ ਗਰਗ, ਨੇਹਾ ਸਿੰਗਲਾ, ਮੋਨਾ ਗਰੋਵਰ,ਨੈਨਸੀ, ਸੋਫੀਆ ਅਤੇ ਚਾਰੂ ਆਦਿ ਹਾਜ਼ਰ ਸਨ।

# 38ਵੀਆਂ ਨੈਸ਼ਨਲ ਖੇਡਾਂ 'ਚ ਪਟਿਆਲਾ ਦੇ ਚਾਰ ਖਿਡਾਰੀਆਂ ਨੇ ਤਗਮੇ ਜਿੱਤੇ



**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਦੇਹਰਾਦੂਨ (ਉਤਰਾਖੰਡ) ਵਿਖੇ ਚੱਲ ਰਹੀਆਂ 38ਵੀਆਂ ਨੈਸ਼ਨਲ ਖੇਡਾਂ-2025 ਵਿੱਚ ਪਟਿਆਲਾ ਦੇ ਚਾਰ ਖਿਡਾਰੀਆਂ ਨੇ ਵੁਸ਼ੂ ਖੇਡ ਦੇ ਵਿਅਕਤੀਗਤ ਈਵੈਂਟ ਵਿੱਚ ਕਾਂਸੀ ਦਾ ਤਗਮਾ ਜਿੱਤੇ ਕਿ ਪਟਿਆਲਾ ਜ਼ਿਲ੍ਹੇ ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਦੇ ਚਾਰ ਖਿਡਾਰੀ ਮਹਾਦੇਵ ਪਾਂਡੇ, ਅਰਜੁਨ, ਮਨਦੀਪ ਬਹਾਦਰ ਅਤੇ ਕਰਮਜੀਤ ਕੌਰ ਵੱਲੋਂ ਚੱਲ ਰਹੀਆਂ 38ਵੀਂ ਨੈਸ਼ਨਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਤਗਮੇ ਵੀ ਖਿਡਾਰੀਆਂ ਵੱਲੋਂ ਪ੍ਰਾਪਤ ਕੀਤੇ ਜਾਣਗੇ।

ਇਨ੍ਹਾਂ ਖਿਡਾਰੀਆਂ ਦਾ ਪਟਿਆਲਾ ਵਿਖੇ ਪੁੱਜਣ 'ਤੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਵੱਲੋਂ ਸਵਾਗਤ ਕੀਤਾ ਗਿਆ ਅਤੇ ਇਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਦੀ ਕਾਮਨਾ ਕੀਤੀ ਗਈ। ਇਸ ਖ਼ੁਸ਼ੀ ਦੇ ਮੌਕੇ ਇਨ੍ਹਾਂ ਖਿਡਾਰੀਆਂ ਦੇ ਕੋਚ ਵਿਸ਼ਾਲ ਕੁਮਾਰ ਅਤੇ ਸੁਰਿੰਦਰ ਸਿੰਘ, ਪ੍ਰਧਾਨ ਵੁਸ਼ੂ ਐਸੋਸੀਏਸ਼ਨ ਪਟਿਆਲਾ ਵੀ ਸ਼ਾਮਲ ਹੋਏ ਸਨ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਹਰਪਿੰਦਰ ਸਿੰਘ ਨੇ ਕਿਹਾ ਕਿ ਇਨ੍ਹਾਂ ਖਿਡਾਰੀਆਂ ਤੋਂ ਹੋਰਨਾਂ ਨੌਜਵਾਨਾਂ ਨੂੰ ਪ੍ਰੇਰਨਾ ਲੈਣ ਚਾਹੀਦੀ ਹੈ ਅਤੇ ਆਪਣੀ ਊਰਜਾ ਨੂੰ ਖੇਡਾਂ ਵਾਲੇ ਪਾਸੇ ਲਗਾ ਕੇ ਦੇਸ਼ ਅਤੇ ਸੂਬੇ ਦੇ ਨਾਮ ਚਮਕਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਰਾਹੀ ਨਸ਼ਿਆਂ ਜਿਹੀ ਭੈੜੀ ਸਮਾਜਿਕ ਲਾਹਨਤ ਤੋਂ ਵੀ ਦੂਰ ਰਿਹਾ ਜਾ ਸਕਦਾ। ਇਸ ਮੌਕੇ ਉਨ੍ਹਾਂ ਨੇ ਇਨ੍ਹਾਂ ਖਿਡਾਰੀਆਂ ਨੂੰ ਅਤੇ ਇਨ੍ਹਾਂ ਦੇ ਕੋਚ ਸਾਹਿਬਾਨ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਨੇ ਪੰਜਾਬ ਸਿਵਲ ਸਰਵਿਸ ਪ੍ਰੀਖਿਆ ਲਈ ਮੌਕ ਟੈਸਟ ਕਰਵਾਇਆ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਨੁਪ੍ਰਿਤਾ ਜੌਹਲ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਸਿਵਲ ਸਰਵਿਸ ਪ੍ਰੀਖਿਆ 2025 ਲਈ ਮੌਕ ਟੈਸਟ ਕਰਵਾਇਆ ਗਿਆ। ਜਿਸ ਵਿਚ ਲਗਭਗ 50 ਉਮੀਦਵਾਰਾਂ ਵੱਲੋਂ ਭਾਗ ਲਿਆ ਗਿਆ।

ਇਸ ਮੌਕ ਟੈਸਟ ਦਾ ਮੁੱਖ ਉਦੇਸ਼ ਯੋਗ ਉਮੀਦਵਾਰਾਂ ਦੀ ਸ਼ਨਾਖ਼ਤ ਕਰਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਉਨ੍ਹਾਂ ਨੂੰ ਪੰਜਾਬ ਸਿਵਲ ਸਰਵਿਸ ਪ੍ਰੀਖਿਆ 2025 ਲਈ ਮੁਫ਼ਤ ਕੋਚਿੰਗ ਦਿਵਾਉਣਾ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਇਸ ਪ੍ਰੀਖਿਆ ਦੀ ਮੈਰਿਟ ਸੂਚੀ ਅਨੁਸਾਰ ਉਮੀਦਵਾਰਾਂ ਦਾ ਬੈਚ ਬਣਾ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਇਹਨਾਂ ਉਮੀਦਵਾਰਾਂ ਨੂੰ ਮੁਫ਼ਤ ਕੋਚਿੰਗ ਦਿਵਾਈ ਜਾਵੇਗੀ ਤਾਂ ਜੋ ਵੱਧ ਤੋਂ ਵੱਧ ਪ੍ਰਾਰਥੀ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਦੇ ਇਹਨਾਂ ਨਿਵੇਕਲੇ ਉਪਰਾਲਿਆਂ ਤੋਂ ਉਤਸ਼ਾਹਿਤ ਹੋ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਸੇਵਾਵਾਂ ਦਾ ਭਰਪੂਰ ਲਾਹਾ ਲੈ ਸਕਣ ਅਤੇ ਆਪਣੇ ਉਦੇਸ਼ ਦੀ ਪ੍ਰਾਪਤੀ ਕਰ ਸਕਣ।

# ਪੀ.ਜੀ.ਆਰ.ਐਸ. ਪੋਰਟਲ 'ਤੇ ਆਈਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ 'ਤੇ ਜ਼ੋਰ



**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਨਤਕ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਮੁੱਖ ਮੰਤਰੀ ਫ਼ੀਲਡ ਅਫ਼ਸਰ ਡਾ. ਨਵਜੋਤ ਸ਼ਰਮਾ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਪੀ.ਜੀ.ਆਰ.ਐਸ ਪੋਰਟਲ ਦੇ ਨੋਡਲ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਇਸ ਮੌਕੇ ਉਨ੍ਹਾਂ ਕਿਹਾ ਕਿ ਪੀ.ਜੀ.ਆਰ.ਐਸ. ਪੋਰਟਲ 'ਤੇ ਆਈਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨਾ ਹਰ ਵਿਭਾਗ ਦੀ ਅਹਿਮ ਜ਼ਿੰਮੇਵਾਰੀ ਬਣਦੀ ਹੈ, ਸਾਨੂੰ ਇਸ ਬਾਰੇ ਵਧੇਰੇ ਸਤਰਕ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੀ.ਜੀ.ਆਰ.ਐਸ.'ਤੇ ਆਈਆਂ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ ਤੇ ਨਿਪਟਾਰਾ ਕੀਤਾ ਜਾਵੇ। ਉਹਨਾਂ ਇਸ ਗੱਲ 'ਤੇ ਵੀ ਮੁੜ ਜ਼ੋਰ ਦਿੰਦਿਆਂ ਕਿਹਾ ਕਿ ਹਰ ਵਿਭਾਗ ਦੇ ਅਧਿਕਾਰੀ ਨੂੰ ਹੋਰ ਕੰਮਾਂ ਦੇ ਨਾਲ-ਨਾਲ ਇਹਨਾਂ ਸ਼ਿਕਾਇਤਾਂ ਨੂੰ ਵੀ ਤਰਜੀਹ ਦੇਣੀ ਚਾਹੀਦੀ ਹੈ, ਤਾਂ ਜੋ ਇਹਨਾਂ ਦਾ ਨਿਪਟਾਰਾ ਨਿਸ਼ਚਿਤ ਸਮੇਂ ਵਿੱਚ ਹੋ ਸਕੇ।

ਡਾ. ਨਵਜੋਤ ਸ਼ਰਮਾ ਨੇ ਰੈਵਿਨਊ, ਕਰ ਕੇ ਆਬਕਾਰੀ ਵਿਭਾਗ, ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਸਿਹਤ ਵਿਭਾਗ, ਕਿਰਤ ਵਿਭਾਗ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਵਣ ਵਿਭਾਗ, ਟਰਾਂਸਪੋਰਟ ਵਿਭਾਗ, ਪੁਲਿਸ ਵਿਭਾਗ ਸਮੇਤ ਹੋਰਨਾਂ ਵਿਭਾਗਾਂ ਦੇ ਪੀ.ਜੀ.ਆਰ.ਐਸ. ਦੇ ਨੋਡਲ ਅਫ਼ਸਰਾਂ ਨਾਲ ਬੈਠਕ ਕਰਦਿਆਂ ਕਿਹਾ ਕਿ ਕੱਲ੍ਹ ਤੱਕ ਸਮੂਹ ਵਿਭਾਗਾਂ ਦੇ ਅਧਿਕਾਰੀ ਆਪਣੀਆਂ ਸਮਾਂ ਲੰਘ ਚੁੱਕੀਆਂ ਸ਼ਿਕਾਇਤਾਂ ਸਬੰਧੀ ਫਾਈਨਲ ਰਿਪੋਰਟ ਡਿਪਟੀ ਕਮਿਸ਼ਨਰ ਦਫ਼ਤਰ ਜਮ ?ਹਾਂ ਕਰਵਾਉਣੀ ਯਕੀਨੀ ਬਣਾਉਣ। ਉਹਨਾਂ ਸਾਰੇ ਨੋਡਲ ਅਫ਼ਸਰਾਂ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਇਸ ਕੰਮ ਵਿਚ ਦੇਰੀ ਹੋਣ ਤੇ ਸਬੰਧਤ ਵਿਭਾਗ ਇਸ ਲਈ ਜ਼ਿੰਮੇਵਾਰ ਹੋਵੇਗਾ। ਮੀਟਿੰਗ ਵਿੱਚ ਸਾਰੇ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਸਨ।

# ਅਮਨ ਅਰੋੜਾ ਨੇ ਸਬਜ਼ੀ ਮੰਡੀ ਦੀ ਨਿਯਮਤ ਸਾਫ ਸਫਾਈ ਲਈ ਲਿਫਟ ਵਾਲੀਆਂ 2 ਨਵੀਆਂ ਟਰਾਲੀਆਂ ਸੌਂਪੀਆਂ



**ਸੁਨਾਮ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਨਵੀ ਤੇ ਨਵਿਆਉਣਯੋਗ ਊਰਜਾ ਸਰੋਤ, ਛਪਾਈ ਤੇ ਲਿਖਣ ਸਮੱਗਰੀ, ਪ੍ਰਸ਼ਾਸਕੀ ਸੁਧਾਰ ਤੇ ਸ਼ਿਕਾਇਤ ਨਿਵਾਰਣ ਅਤੇ ਰੋਜ਼ਗਾਰ ਉਤਪਤੀ ਤੇ ਸਿਖਲਾਈ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਅੱਜ ਸੁਨਾਮ ਸ਼ਹਿਰ ਵਿਖੇ ਸਥਿਤ ਸਬਜ਼ੀ ਮੰਡੀ ਦੇ ਆੜ੍ਹਤੀਆਂ ਅਤੇ ਸਬਜ਼ੀ ਵਿਕਰੇਤਾਵਾਂ ਨਾਲ ਮੀਟਿੰਗ ਕਰਦੇ ਹੋਏ ਮੰਡੀ ਨੂੰ ਸਾਫ ਸੁਥਰਾ ਰੱਖਣ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। ਮਾਰਕਿਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ ਦੀ ਮੌਜੂਦਗੀ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਨਗਰ ਕੌਂਸਲ ਸੁਨਾਮ ਅਧੀਨ ਆਉਂਦੇ ਵਾਰਡਾਂ ਅਤੇ ਸ਼ਹਿਰੀ ਹਿੱਸੇ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਤਹਿਤ ਸਾਰੇ ਹੀ ਵਰਗਾਂ ਦਾ ਸਹਿਯੋਗ ਅਤਿਅੰਤ ਜ਼ਰੂਰੀ ਹੈ।

ਇਸ ਮੌਕੇ ਕੈਬਨਿਟ ਮੰਤਰੀ ਨੇ ਸਬਜ਼ੀ ਮੰਡੀ ਦੀ ਸਾਫ ਸਫਾਈ ਨੂੰ ਮੁੱਖ ਰੱਖਦੇ ਹੋਏ ਲਿਫਟ ਵਾਲੀਆਂ ਦੋ ਨਵੀਆਂ ਟਰਾਲੀਆਂ ਸੌਂਪੀਆਂ ਅਤੇ ਆੜ੍ਹਤੀਆਂ ਤੇ ਵਿਕਰੇਤਾਵਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਸ੍ਰੀ ਅਰੋੜਾ ਨੇ ਕਿਹਾ ਕਿ ਮੰਡੀ ਵਿੱਚ ਖਰੀਦਾਰੀ ਕਰਨ ਲਈ ਆਉਣ ਵਾਲੇ ਲੋਕਾਂ ਨੂੰ ਕੂੜਾ ਕਰਕਟ ਕਾਰਨ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸਾਰੇ ਹੀ ਨਾਗਰਿਕਾਂ ਨੂੰ ਇਹ ਅਪੀਲ ਹੈ ਕਿ ਉਹ ਸੜਕਾਂ ਦੇ ਆਲੇ ਦੁਆਲੇ ਗੰਦਗੀ ਨਾ ਸੁੱਟਣ ਬਲਕਿ ਯੋਗ ਨਿਪਟਾਰੇ ਲਈ ਸਹਿਯੋਗ ਦੇਣ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਆੜ੍ਹਤੀਆਂ ਤੇ ਸਬਜ਼ੀ ਵਿਕਰੇਤਾਵਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਨਾਲ ਸੁਣਿਆ ਅਤੇ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਨੂੰ ਢੁਕਵੇ ਕਦਮ ਚੁੱਕਣ ਦੀ ਹਦਾਇਤ ਕੀਤੀ।

ਇਸ ਮੌਕੇ ਜਤਿੰਦਰ ਜੈਨ, ਰਤਨ ਲਾਲ ਚਾਵਲਾ ਪ੍ਰਧਾਨ ਸਬਜੀ ਮੰਡੀ ਯੂਨੀਅਨ, ਓਮ ਪ੍ਰਕਾਸ਼ ਰੇਹੜੀ ਫੜੀ ਯੂਨੀਅਨ, ਹੰਗੀ ਖਾਨ, ਸੁਰਜੀਤ ਸਿੰਘ, ਬਲਾਕ ਪ੍ਰਧਾਨ ਸੰਦੀਪ ਜਿੰਦਲ, ਪੱਪੀ ਪ੍ਰਧਾਨ ਸ਼ੈਲਰ ਯੂਨੀਅਨ, ਵਿਕੀ ਗਰਗ, ਬਲਦੇਵ ਸਿੰਘ ਫੌਜੀ, ਰਜਨੀਸ਼ ਗੋਲਡੀ, ਸੱਤੀ ਸਿੰਘ, ਯਾਦਵਿੰਦਰ ਸਿੰਘ ਰਾਜਾ, ਮਾਰਕੀਟ ਕਮੇਟੀ ਦੇ ਸਕੱਤਰ ਨਰਿੰਦਰ ਪਾਲ ਸਿੰਘ, ਜਿੰਮੀ ਬੰਸਲ, ਗੁਰਮੇਲ ਸਿੰਘ, ਦਿਨੇਸ਼ ਗਿੱਲ, ਕਨਈਆ ਲਾਲ, ਰਾਮ ਕੁਮਾਰ ਤੇ ਹੋਰ ਕਰਮਚਾਰੀ ਮੌਜੂਦ ਸਨ।

# ਇਸਾਈ ਭਾਈਚਾਰੇ ਵੱਲੋਂ ਮੇਅਰ ਕੁੰਦਨ ਗੋਗੀਆ ਨਾਲ ਮੁਲਾਕਾਤ ਕਰਕੇ ਕੀਤਾ ਵਿਸ਼ੇਸ਼ ਸਨਮਾਨ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਵਿਖੇ ਮੇਅਰ ਵਜੋਂ ਅਹੁੱਦੇ ਤੇ ਆਪਣੇ ਕਾਰਜ ਸੰਭਾਲਣ ਤੇ ਬਾਰਾਦਰੀ ਗਾਰਡਨ ਸਥਿਤ ਸੈਂਟਰਲ ਮੈਥੋਡਿਸਟ ਚਰਚ ਦੇ ਇਸਾਈ ਭਾਈਚਾਰੇ ਨਾਲ ਸਬੰਧਤ ਪਾਸਟਰ ਕਮੇਟੀ ਦੇ ਮੁੱਖ ਆਗੂਆਂ ਦੇ ਵਫ਼ਦ ਵਲੋਂ ਜਿਲਾ ਪ੍ਰਧਾਨ ਏਮਨੂਅਲ ਮਸੀਹ ਅਤੇ ਰੈਵ. ਸ਼ਰੀਫ ਮਸੀਹ ਅਤੇ ਪ੍ਰਧਾਨ ਰਾਜੇਸ਼ ਕਾਲਾ ਦੀ ਅਗਵਾਈ ਵਿੱਚ ਕੁੰਦਨ ਗੋਗੀਆ ਨੂੰ ਫੁੱਲਾਂ ਦਾ ਬੁੱਕਾ ਭੇਟ ਕਰ ਅਤੇ ਉਹਨਾਂ ਦਾ ਮੂੰਹ ਮਿੱਠਾ ਕਰ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਇਸਾਈ ਭਾਈਚਾਰੇ ਦੇ ਇਨ੍ਹਾਂ ਮੁੱਖ ਆਗੂਆਂ ਏਮੁਨੂਅਲ ਮਸੀਹ ਰੈਵ. ਸ਼ਰੀਫ ਮਸੀਹ ਨੇ ਕਿਹਾ ਕਿ ਕੁੰਦਨ ਗੋਗੀਆ ਜਿੱਥੇ ਇੱਕ ਵਧੀਆ ਕਿਰਦਾਰ ਵਾਲੇ ਰਾਜਨੀਤਿਕ ਆਗੂ ਹਨ, ਉੱਥੇ ਹੀ ਸਹਿਜ ਸੁਭਾਅ ਮਿਲਣਸਾਰ ਸਮਾਜ ਸੇਵਾ ਕਾਰਜਾਂ ਨੂੰ ਸਮਰਪਿਤ ਮੋਹਰੀ ਆਗੂ ਵੀ ਹਨ, ਜਿਨ੍ਹਾਂ ਨੇ ਨਿਮਰਤਾ, ਸੇਵਾਭਾਵ ਨਾਲ ਸਮੂਹ ਸ਼ਹਿਰ ਵਾਸੀਆਂ ਦੇ ਦਿੱਲਾਂ ਵਿੱਚ ਆਪਣੀ ਵਿਸ਼ੇਸ਼ ਥਾਂ ਬਣਾਈ ਹੈ। ਇਸ ਲਈ ਲੀਡਰ ਉਹੀ ਹੁੰਦੇ ਹਨ ਜਿਹੜਾ ਲੋਕਾਂ ਦੇ ਦਿਲਾਂ ਵਿੱਚ ਵੱਸਦਾ ਹੋਵੇ। ਉਹਨਾ ਭਰੋਸਾ ਜਤਾਉਂਦਿਆ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਇਸਾਈ ਭਾਈਚਾਰੇ ਸਬੰਧੀ ਸਮੱਸਿਆਵਾਂ ਦੇ ਸਮਾਧਾਨ ਮੇਅਰ ਸਾਹਿਬ ਦੀ ਅਗਵਾਈ ਵਿੱਚ ਜਲਦ ਹੋ ਜਾਣਗੇ।

ਇਸ ਮੌਕੇ ਪਾਸਟਰ ਆਗੂਆਂ ਦਾ ਧੰਨਵਾਦ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਉਹ ਸਮੂਹ ਭਾਈਚਾਰੇ ਦੀਆਂ ਨਗਰ ਨਿਗਮ ਸਬੰਧੀ ਸਮੱਸਿਆਵਾਂ ਦੇ ਜਲਦ ਹਲ ਕਰਵਾਉਣ ਲਈ ਵਚਨਬੱਧ ਹਨ। ਇਸ ਮੌਕੇ ਰਾਜੇਸ਼ ਕਾਲਾ ਪ੍ਰਧਾਨ, ਸਟਾਕ ਪਾਲ, ਅਸ਼ੋਕ ਮਸੀਹ, ਸ਼ੀਤਲ ਮਸੀਹ, ਸਮਾ ਡੇਵਿਡ, ਰਾਜਿੰਦਰ ਮਸੀਹ, ਸੰਜੀਵ ਮਸੀਹ, ਸੰਜੇ ਮਸੀਹ, ਆਦਿ ਹਾਜਰ ਸਨ।



# ਡੀ ਡੀ ਹਸਪਤਾਲ ਬਠਿੰਡਾ ਵੱਲੋਂ ਮੁਫਤ ਮੈਡੀਕਲ ਜਾਂਚ 9 ਫਰਵਰੀ ਨੂੰ

**ਬਠਿੰਡਾ, 9 ਫਰਵਰੀ/-ਆਸ਼ੂ ਖੰਨਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਡੀ ਡੀ ਹੱਡੀਆਂ ਅਤੇ ਜੋੜਾਂ ਦੇ ਹਸਪਤਾਲ ਵੀਰ ਕਲੋਨੀ ਬਠਿੰਡਾ ਵੱਲੋਂ ਡੇਰਾ ਬਾਬਾ ਗੰਗਾ ਰਾਮ ਗਿੱਦੜਬਾਹਾ ਵਿਖੇ ਮੁਫਤ ਮੈਡੀਕਲ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਹੱਡੀਆਂ ਅਤੇ ਜੋੜਾਂ ਦੇ ਮਾਹਿਰ ਡਾ.ਦੀਪਕ ਬਾਂਸਲ ਨੇ ਦੱਸਿਆ ਕਿ ਇਹ ਕੈਂਪ 9 ਫਰਵਰੀ 2025 ਨੂੰ ਡੇਰਾ ਬਾਬਾ ਗੰਗਾ ਰਾਮ ਗਿੱਦੜਬਾਹਾ ਵਿਖੇ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਹੱਡੀਆਂ ਦੇ ਰੋਗਾਂ ਸਬੰਧੀ ਜਾਂਚ ਕੀਤੀ ਜਾਵੇਗੀ। ਇਸ ਤੋਂ ਇਲਾਵਾ ਚਮੜੀ ਰੋਗਾਂ ਦੇ ਮਾਹਿਰ ਲੇਡੀ ਡਾ. ਪਾਰੁਲ ਗਰਗ ਵੱਲੋਂ ਚਮੜੀ ਰੋਗਾਂ ਸਬੰਧੀ ਜਾਂਚ ਕੀਤੀ ਜਾਵੇਗੀ।

# ਪੰਜਾਬ ਸਰਕਾਰ ਵਲੋਂ 12 ਫਰਵਰੀ ਨੂੰ ਛੁੱਟੀ ਦਾ ਐਲਾਨ

**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਰ @ਚ 12 ਫਰਵਰੀ ਯਾਨੀ ਬੁੱਧਵਾਰ ਨੂੰ ਸਰਕਾਰੀ ਛੁੱਟੀ ਰਹੇਗੀ। ਦੱਸ ਦੇਈਏ ਕਿ ਇਸ ਦਿਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾਵੇਗਾ। ਇਸ ਦੇ ਚੱਲਦੇ 12 ਫਰਵਰੀ ਨੂੰ ਪੰਜਾਬ ਦੇ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ, ਵਿੱਦਿਅਕ ਅਦਾਰਿਆਂ ਵਿਚ ਪੂਰੇ ਦਿਨ ਦੀ ਛੁੱਟੀ ਐਲਾਨੀ ਗਈ ਹੈ।

# ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਵਿਗਿਆਨਕ ਸਲਾਹਕਾਰ ਕਮੇਟੀ ਦੀ ਮੀਟਿੰਗ

## ਖੇਤੀਬਾੜੀ ਯੂਨੀਵਰਸਿਟੀ ਦੀਆਂ ਨਵੀਨਤਮ ਸਿਫ਼ਾਰਸ਼ਾਂ ਕਿਸਾਨਾਂ ਤੱਕ ਪਹੁੰਚਾਉਣ ਦੇ ਨਿਰਦੇਸ਼

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀ ਧੰਦੇ ਨੂੰ ਲਾਹੇਵੰਦ ਬਣਾਉਣ ਲਈ ਅਤੇ ਕਿਸਾਨਾਂ ਨੂੰ ਸਹਾਇਕ ਧੰਦੇ ਅਪਣਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀਆਂ ਪ੍ਰਮਾਣਿਤ ਤਕਨੀਕਾਂ ਤੋਂ ਜਾਣੂ ਕਰਵਾਉਣ ਲਈ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵਿਖੇ ਵਿਗਿਆਨਕ ਸਲਾਹਕਾਰ ਕਮੇਟੀ ਦੀ ਮੀਟਿੰਗ ਹੋਈ। ਇਸ ਦੀ ਪ੍ਰਧਾਨਗੀ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਨੇ ਕੀਤੀ। ਡਾ. ਜਸਵਿੰਦਰ ਸਿੰਘ, ਪ੍ਰਿੰਸੀਪਲ ਐਗਰੋਨੋਮਿਸਟ ਨੇ ਵਿਸ਼ੇਸ਼ ਮਹਿਮਾਨ ਵੱਜੋ ਸ਼ਿਰਕਤ ਕੀਤੀ। ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ.ਮਨਦੀਪ ਸਿੰਘ, ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਤਿਹਗੜ੍ਹ ਸਾਹਿਬ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਵਿਪਨ ਕੁਮਾਰ ਰਾਮਪਾਲ, ਫਾਰਮ ਸਲਾਹਕਾਰ ਸੇਵਾ ਕੇਂਦਰ, ਪਟਿਆਲਾ ਅਤੇ ਸੰਗਰੂਰ ਤੋਂ ਡਾ. ਗੁਰਪ੍ਰੀਤ ਕੌਰ ਅਤੇ ਡਾ. ਅਸ਼ੋਕ ਕੁਮਾਰ ਵੀ ਇਸ ਮੀਟਿੰਗ ਵਿਚ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਖੇਤੀਬਾੜੀ, ਬਾਗਬਾਨੀ, ਪਸ਼ੂ-ਪਾਲਣ, ਮੱਛੀ-ਪਾਲਣ, ਵਣ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਰੋਜ਼ਗਾਰ ਵਿਭਾਗ ਦੇ ਅਫ਼ਸਰ ਸਾਹਿਬਾਨ, ਅਗਾਂਹਵਧੂ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਇਸ ਮੀਟਿੰਗ ਵਿਚ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਹਰਦੀਪ ਸਿੰਘ ਸਭਿਖੀ, ਡਿਪਟੀ ਡਾਇਰੈਕਟਰ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਦੀ ਅਗਵਾਈ ਹੇਠ ਆਏ ਹੋਏ ਮਹਿਮਾਨਾਂ ਨੂੰ ਕੇਂਦਰ ਦੇ ਤਕਨੀਕੀ ਪਾਰਕ, ਪ੍ਰਦਰਸ਼ਨੀ ਪਲਾਟਾਂ ਅਤੇ ਬੀਜ ਫਾਰਮ ਦਾ ਦੌਰਾ ਕਰਵਾਇਆ ਗਿਆ।



ਮੀਟਿੰਗ ਦੀ ਸ਼ੁਰੂਆਤ ਵਿਚ ਡਾ. ਗੁਰਉਪਦੇਸ਼ ਕੌਰ, ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਆਏ ਹੋਏ ਮਹਿਮਾਨਾਂ ਨੂੰ ਜੀ-ਆਇਆ ਆਖਿਆ। ਇਸ ਉਪਰੰਤ ਡਾ. ਹਰਦੀਪ ਸਿੰਘ ਸਭਿਖੀ ਨੇ ਕੇਂਦਰ ਵੱਲੋਂ ਲਗਾਏ ਜਾਂਦੇ ਸਿਖਲਾਈ ਕੋਰਸਾਂ, ਖੇਤ ਤਜਰਬਿਆਂ ਅਤੇ ਹੋਰ ਪਸਾਰ ਗਤੀ-ਵਿਧੀਆਂ ਦੀ ਜਾਣਕਾਰੀ ਹਾਜ਼ਰੀਨ ਨਾਲ ਸਾਂਝੀ ਕੀਤੀ।

ਕੇ.ਵੀ.ਕੇ. ਦੇ ਵੱਖ-ਵੱਖ ਵਿਗਿਆਨੀਆਂ ਨੇ ਆਪਣੇ ਵਿਸ਼ੇ ਵਿਚ ਹੋਈ ਕਾਰਵਾਈ ਅਤੇ ਸਾਲ 2025-26 ਵਿਚ ਆਯੋਜਿਤ ਹੋਣ ਵਾਲੀਆਂ ਸਿਖਲਾਈਆਂ ਸਬੰਧੀ ਕਾਰਜ-ਯੋਜਨਾ ਵੀ ਸਾਂਝੀ ਕੀਤੀ ਅਤੇ ਆਏ ਹੋਏ ਮਹਿਮਾਨਾਂ ਦੇ ਸੁਝਾਅ ਲਏ। ਮੀਟਿੰਗ ਦੇ ਮੁੱਖ ਮਹਿਮਾਨ ਡਾ. ਮੱਖਣ ਸਿੰਘ ਭੁੱਲਰ ਨੇ ਖੇਤੀ ਵਿਗਿਆਨੀਆਂ ਨੂੰ ਸਥਾਈ ਖੇਤੀਬਾੜੀ ਲਈ ਯੂਨੀਵਰਸਿਟੀ ਦੀਆਂ ਨਵੀਨਤਮ ਸਿਫ਼ਾਰਸ਼ਾਂ ਕਿਸਾਨਾਂ ਤੱਕ ਪਹੁੰਚਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਅਗਾਂਹਵਧੂ ਕਿਸਾਨਾਂ ਦੇ ਖੇਤਾਂ ਦੇ ਦੌਰੇ ਕਰਨ ਅਤੇ ਕੁਦਰਤੀ ਸਰੋਤਾਂ ਦੀ ਸੁਚੱਜੀ ਵਰਤੋਂ ਬਾਰੇ ਵੀ ਪ੍ਰੇਰਿਤ ਕੀਤਾ।

ਡਾ. ਜਸਵਿੰਦਰ ਸਿੰਘ ਨੇ ਹਾਜ਼ਰੀਨ ਕਿਸਾਨਾਂ ਅਤੇ ਅਧਿਕਾਰੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਆਯੋਜਿਤ ਕੀਤੇ ਜਾਂਦੇ ਪਸਾਰ ਕਾਰਜਾਂ ਨਾਲ ਵੱਧ ਤੋਂ ਵੱਧ ਜੁੜਨ ਲਈ ਉਤਸ਼ਾਹਿਤ ਕੀਤਾ। ਵੱਖ-ਵੱਖ ਵਿਭਾਗਾਂ ਤੋਂ ਆਏ ਪਤਵੰਤਿਆਂ ਅਤੇ ਕਿਸਾਨਾਂ ਨੇ ਵੀ ਇਸ ਵਿਚਾਰ-ਚਰਚਾ ਵਿਚ ਖੁੱਲ ਕੇ ਹਿੱਸਾ ਲਿਆ ਅਤੇ ਲੋੜ ਮੁਤਾਬਕ ਸਿਖਲਾਈ ਕੋਰਸ ਲਾਉਣ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਅਗਾਂਹਵਧੂ ਕਿਸਾਨ ਕੁਲਵਿੰਦਰ ਸਿੰਘ, ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ, ਨਰਿੰਦਰ ਸਿੰਘ, ਪਰਮਿੰਦਰ ਸਿੰਘ, ਰਣਧੀਰ ਸਿੰਘ, ਅਜੈਬ ਸਿੰਘ, ਗੁਰਪ੍ਰੀਤ ਸਿੰਘ ਅਤੇ ਉੱਦਮੀ ਬੀਬੀਆਂ ਹਰਜੀਤ ਕੌਰ, ਗੁਰਪ੍ਰੀਤ ਕੌਰ ਅਤੇ ਭੁਪਿੰਦਰ ਕੌਰ ਨੇ ਮਧੂ-ਮੱਖੀ ਪਾਲਣ, ਫ਼ਸਲ ਉਤਪਾਦਨ, ਸਬਜ਼ੀਆਂ ਦੀ ਕਾਸ਼ਤ, ਖੁੰਬ ਉਤਪਾਦਨ, ਫੂਡ ਪ੍ਰੋਸੈਸਿੰਗ ਅਤੇ ਫੁਲਕਾਰੀ ਦਸਤਕਾਰੀ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ।

ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਸਿਖਲਾਈ ਪ੍ਰਾਪਤ ਉੱਦਮੀ ਕਿਸਾਨ ਵੀਰਾਂ ਅਤੇ ਬੀਬੀਆਂ ਨੇ ਆਪਣੇ ਉਤਪਾਦਾਂ ਦੀ ਪ੍ਰਦਰਸ਼ਨੀ ਵੀ ਲਗਾਈ। ਅੰਤ ਵਿਚ ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਨੇ ਇਸ ਮੀਟਿੰਗ ਵਿਚ ਹਾਜ਼ਰ ਮਾਹਿਰਾਂ, ਕਮੇਟੀ ਮੈਂਬਰਾਂ, ਅਗਾਂਹਵਧੂ ਕਿਸਾਨਾਂ ਅਤੇ ਬੀਬੀਆਂ ਦਾ ਧੰਨਵਾਦ ਕੀਤਾ।

# ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਬਠਿੰਡਾ ਤਹਿਸੀਲ ਦਫ਼ਤਰ ਦੀ ਅਚਨਚੇਤੀ ਚੈਕਿੰਗ



**ਬਠਿੰਡਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮਾਲ ਤੇ ਮੁੜ ਵਸੇਬਾ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਬਠਿੰਡਾ ਵਿਖੇ ਤਹਿਸੀਲ ਦਫ਼ਤਰ ਵਿਖੇ ਅਚਨਚੇਤ ਚੈਕਿੰਗ ਕਰਦਿਆਂ ਸਬ-ਰਜਿਸਟਰਾਰ ਦਫ਼ਤਰ, ਫ਼ਰਦ ਕੇਂਦਰ ਤੇ ਹੋਰ ਵੱਖ-ਵੱਖ ਬਰਾਂਚਾਂ ਦਾ ਦੌਰਾ ਕਰਕੇ ਕੰਮ ਦਾ ਨਿਰੀਖਣ ਕੀਤਾ।

ਕੈਬਨਿਟ ਮੰਤਰੀ ਸ. ਮੁੰਡੀਆਂ ਨੇ ਸਬ-ਰਜਿਸਟਰਾਰ ਦਫ਼ਤਰ ਦੀ ਚੈਕਿੰਗ ਦੌਰਾਨ ਹਦਾਇਤ ਕੀਤੀ ਕਿ ਰਜਿਸਟਰੀ ਮੌਕੇ ਖ਼ਰੀਦਦਾਰ ਤੇ ਵੇਚਣ ਵਾਲੇ ਦੋਵਾਂ ਦਾ ਹੋਣਾ ਲਾਜ਼ਮੀ ਬਣਾਇਆ ਜਾਵੇ ਅਤੇ ਸੀ.ਸੀ.ਟੀ.ਵੀ. ਕੈਮਰੇ ਹਮੇਸ਼ਾ ਚਾਲੂ ਹਾਲਤ ਵਿੱਚ ਰੱਖੇ ਜਾਣ।

ਫ਼ਰਦ ਕੇਂਦਰ ਦੇ ਨਿਰੀਖਣ ਦੌਰਾਨ ਉਨ੍ਹਾਂ ਆਦੇਸ਼ ਦਿੱਤੇ ਕਿ ਕੰਮ ਕਰਵਾਉਣ ਵਾਲੇ ਹਰੇਕ ਵਿਅਕਤੀ ਨੂੰ ਟੋਕਣ ਦੇਣਾ ਅਤੇ ਉਸ ਦਾ ਸਮੇਂ-ਸਿਰ ਕੰਮ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਕੋਈ ਵੀ ਪੈਂਡਿੰਗ ਇੰਤਕਾਲ ਨਾ ਰਹਿਣ ਦਿੱਤਾ ਜਾਵੇ।

ਉਨ੍ਹਾਂ ਇਹ ਵੀ ਕਿਹਾ ਕਿ ਦਫ਼ਤਰੀ ਕੰਮਕਾਜ ਆਉਣ ਵਾਲੇ ਲੋਕਾਂ ਨਾਲ ਵਧੀਆ ਵਤੀਰਾ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਬੈਠਣ ਅਤੇ ਪੀਣ ਵਾਲੇ ਪਾਣੀ ਆਦਿ ਦਾ ਵੀ ਢੁਕਵਾਂ ਪ੍ਰਬੰਧ ਯਕੀਨੀ ਬਣਾਇਆ ਜਾਵੇ। ਇਸ ਦੌਰਾਨ ਉਨ੍ਹਾਂ ਵੱਲੋਂ ਰਜਿਸਟਰੀ ਬਰਾਂਚ ਦਾ ਵੀ ਦੌਰਾ ਕਰਕੇ ਨਿਰੀਖਣ ਕੀਤਾ ਗਿਆ।

ਇਸ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਮਾਲ ਤੇ ਮੁੜ ਵਸੇਬਾ ਅਤੇ ਸ਼ਹਿਰੀ ਵਿਕਾਸ ਤੇ ਮਕਾਨ ਉਸਾਰੀ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਇਹ ਪ੍ਰਮੁੱਖ ਤਰਜੀਹ ਹੈ ਕਿ ਪਾਰਦਰਸ਼ੀ, ਸਮੇਂ-ਸਿਰ ਤੇ ਬਿਨਾਂ ਖੱਜਲ-ਖੁਆਰੀ ਤੋਂ ਆਮ ਲੋਕਾਂ ਨੂੰ ਸੇਵਾਵਾਂ ਮਿਲਣ। ਉਨ੍ਹਾਂ ਇੱਕ ਸਵਾਲ ਦੇ ਜਵਾਬ ਵਿੱਚ ਇਹ ਵੀ ਦੱਸਿਆ ਕਿ ਸੂਬੇ ਅੰਦਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਬਿਹਤਰ ਅਤੇ ਸਮਾਂਬੱਧ ਸੇਵਾਵਾਂ ਮਿਲ ਰਹੀਆਂ ਹਨ।

ਸ. ਮੁੰਡੀਆ ਨੇ ਇਹ ਵੀ ਕਿਹਾ ਕਿ ਚੈਕਿੰਗ ਦੌਰਾਨ ਜੋ ਵੀ ਥੋੜ੍ਹੀ ਬਹੁਤ ਕਮੀ ਦੇਖਣ ਨੂੰ ਮਿਲੀ ਹੈ, ਉਸ ਸਬੰਧੀ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ।

ਦੌਰੇ ਦੌਰਾਨ ਉਨ੍ਹਾਂ ਕੰਮਕਾਜ ਲਈ ਆਏ ਲੋਕਾਂ ਨਾਲ ਵੀ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਫ਼ਤਰੀ ਕੰਮਕਾਜ ਦੌਰਾਨ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਰਕਾਰ ਉਨ੍ਹਾਂ ਨੂੰ ਸੇਵਾਵਾਂ ਸਮੇਂ-ਸਿਰ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹ ।

ਇਸ ਮੌਕੇ ਪੰਜਾਬ ਲਘੂ ਉਦਯੋਗ ਵਿਕਾਸ ਬੋਰਡ ਦੇ ਚੇਅਰਮੈਨ ਨੀਲ ਗਰਗ, ਸ਼ੂਗਰਫੈਡ ਦੇ ਚੇਅਰਮੈਨ ਨਵਦੀਪ ਜੀਦਾ, ਐਸ.ਡੀ.ਐਮ. ਬਲਕਰਨ ਸਿੰਘ ਮਾਹਲ, ਤਹਿਸੀਲਦਾਰ ਮੈਡਮ ਦਿਵਿਆ ਸਿੰਗਲਾ ਵੀ ਹਾਜ਼ਰ ਸਨ।

# ਹਰਿਆਣਾ ਵਿਚ ਦੋ ਆਈਏਐਸ ਅਧਿਕਾਰੀਆਂ ਨੂੰ ਵੱਧ ਕਾਰਜਭਾਰ, 12 ਆਈਏਐਸ ਅਤੇ 67 ਐਚਸੀਐਸ ਅਧਿਕਾਰੀਆਂ ਦਾ ਤਬਾਦਲਾ

**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਵੱਡਾ ਪ੍ਰਸ਼ਾਸਨਿਕ ਫੇਰਬਦਲ ਕਰਦੇ ਹੋਏ ਤੁਰੰਤ ਪ੍ਰਭਾਵ ਨਾਲ 12 ਆਈਏਐਸ ਅਤੇ 16 ਐਚਸੀਐਸ ਅਧਿਕਾਰੀਆਂ ਦੀ ਨਿਯੁਕਤੀ ਅਤੇ ਤਬਾਦਲੇ ਦੇ ਆਦੇਸ਼ ਜਾਰੀ ਕੀਤੇ ਹਨ।

ਸਿਹਤ ਅਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਅਤੇ ਖੋਜ ਅਤੇ ਆਯੂਸ਼ ਵਿਭਾਗਾਂ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ ਨੂੰ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਵਧੀਕ ਮੁੱਖ ਸਕੱਤਰ ਦਾ ਕਾਰਜਭਾਰ ਵੀ ਸੌਂਪਿਆ ਗਿਆ ਹੈ।

ਮਹਿਲਾ ਅਤੇ ਬਾਲ ਵਿਕਾਸ ਅਤੇ ਪੁਰਾਲੇਖ ਵਿਭਾਗਾਂ ਦੀ ਕਮਿਸ਼ਨਰ ਅਤੇ ਸਕੱਤਰ ਸ੍ਰੀਮਤੀ ਅਮਨੀਤ ਪੀ.ਕੁਮਾਰ ਨੂੰ ਮੱਛੀ ਪਾਲਨ ਅਤੇ ਪੁਰਾਲੇਖ ਵਿਭਾਗਾਂ ਦੀ ਕਮਿਸ਼ਨਰ ਅਤੇ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਆਬਕਾਰੀ ਅਤੇ ਟੈਕਸਟੇਸ਼ਨ ਕਮਿਸ਼ਨਰ, ਆਬਕਾਰੀ ਅਤੇ ਟੈਕਸਟੇਸ਼ਨ ਵਿਭਾਗ ਦੀ ਸਕੱਤਰ ਅਤੇ ਹਰਿਆਣਾ ਬਿਜਲੀ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਦੀ ਪ੍ਰਬੰਧ ਨਿਰਦੇਸ਼ਕ ਸ੍ਰੀਮਤੀ ਆਸ਼ਿਮਾ ਬਰਾੜ ਨੂੰ ਸਹਿਕਾਰਤਾ ਵਿਭਾਗ ਦੀ ਕਮਿਸ਼ਨਰ ਅਤੇ ਸਕੱਤਰ ਅਤੇ ਹਰਿਆਣਾ ਬਿਜਲੀ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਦੀ ਪ੍ਰਬੰਧ ਨਿਰਦੇਸ਼ਕ ਨਿਯੁਕਤ ਕੀਤਾ ਗਿਆ ਹੈ।

ਅੰਬਾਲਾ ਦੇ ਡਿਵੀਜ਼ਨਲ ਕਮਿਸ਼ਨਰ ਸ੍ਰੀ ਫੂਲ ਚੰਦ ਮੀਣਾ ਨੂੰ ਰੋਹਤੱਕ ਦਾ ਡਿਵੀਜ਼ਨਲ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ।

ਪੁਰਾਲੇਖ ਵਿਭਾਗ ਦੇ ਡਾਇਰੈਕਟਰ ਜਨਰਲ ਅਤੇ ਸਕੱਤਰ ਸ਼ੇਖਰ ਵਿਦਿਆਰਥੀ ਨੂੰ ਫਾਇਰ ਸਰਵਿਸਿਜ਼ ਵਿਭਾਗ ਦਾ ਵਧੀਕ ਕਾਰਜਭਾਰ ਸੌਂਪਿਆ ਗਿਆ ਹੈ।

ਵਿਕਾਸ ਅਤੇ ਪੰਚਾਇਤ ਦੇ ਡਾਇਰੈਕਟਰ ਜਨਰਲ ਅਤੇ ਸਕੱਤਰ ਦੁਸ਼ਮੰਤਾ ਕੁਮਾਰ ਬੇਹਰਾ ਨੂੰ ਟ੍ਰਾਂਸਪੋਰਟ ਕਮਿਸ਼ਨਰ ਅਤੇ ਟ੍ਰਾਂਸਪੋਰਟ ਵਿਭਾਗ ਦੇ ਸਕੱਤਰ ਦਾ ਵਧੀਕ ਕਾਰਜਭਾਰ ਸੌਂਪਿਆ ਗਿਆ ਹੈ।

ਸਵਰਨ ਜਯੰਤੀ ਹਰਿਆਣਾ ਵਿਤੀ ਪ੍ਰਬੰਧਨ ਸੰਸਥਾਨ ਦੇ ਡਾਇਰੈਕਟਰ ਜਨਰਲ ਅਤੇ ਰੋਹਤੱਕ ਦੇ ਕਮਿਸ਼ਨਰ ਸ੍ਰੀ ਅੰਸ਼ਜ ਸਿੰਘ ਨੂੰ ਸਵਰਨ ਜਯੰਤੀ ਹਰਿਆਣਾ ਵਿਤੀ ਪ੍ਰਬੰਧਨ ਸੰਸਥਾਨ ਦੇ ਡਾਇਰੈਕਟਰ ਜਨਰਲ ਅਤੇ ਅੰਬਾਲਾ ਦਾ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ।

ਮਾਨਵ ਸਰੋਤ ਵਿਭਾਗ ਦੇ ਡਾਇਰੈਕਟਰ ਅਤੇ ਵਪਾਰ ਮੇਲਾ ਅਥਾਰਟੀ ਹਰਿਆਣਾ ਦੇ ਪ੍ਰਸ਼ਾਸਕ ਸ੍ਰੀ ਵਿਨਯ ਪ੍ਰਤਾਪ ਸਿੰਘ ਨੂੰ ਆਬਕਾਰੀ ਅਤੇ ਟੈਕਸਟੇਸ਼ਨ ਕਮਿਸ਼ਨਰ, ਆਬਕਾਰੀ ਅਤੇ ਟੈਕਸਟੇਸ਼ਨ ਵਿਭਾਗ ਦੇ ਵਿਸ਼ੇਸ਼ ਸਕੱਤਰ ਦਾ ਵਧੀਕ ਕਾਰਜਭਾਰ ਸੌਂਪਿਆ ਗਿਆ ਹੈ। ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਅਤੇ ਵਿਸ਼ੇਸ਼ ਸਕੱਤਰ ਡਾ. ਸ਼ਾਲੀਨ ਨੂੰ ਹਰਿਆਣਾ ਸੂਬਾ ਭੰਡਾਰ ਕਾਰਪੋਰੇਸ਼ਨ ਦੇ ਪ੍ਰਬੰਧ ਡਾਇਰੈਕਟਰ ਦਾ ਵਧੀਕ ਕਾਰਜਭਾਰ ਸੌਂਪਿਆ ਗਿਆ ਹੈ।

ਝੱਜਰ ਦੀ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸਿਵਿਲ ਸਰੋਤ ਸੂਚਨਾ ਅਧਿਕਾਰੀ ਸੁਸ੍ਰੀ ਸਲੋਨੀ ਸ਼ਰਮਾ ਨੂੰ ਭਿਵਾਨੀ ਦੀ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸਿਵਿਲ ਸਰੋਤ ਸੂਚਨਾ ਅਧਿਕਾਰੀ ਅਤੇ ਜ਼ਿਲ੍ਹਾ ਨਗਰ ਕਮਿਸ਼ਨਰ, ਭਿਵਾਨੀ ਨਿਯੁਕਤ ਕੀਤਾ ਗਿਆ ਹੈ।

ਭਿਵਾਨੀ ਦੇ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸਿਵਿਲ ਸਰੋਤ ਸੂਚਨਾ ਅਧਿਕਾਰੀ ਅਤੇ ਜ਼ਿਲ੍ਹਾ ਮਿਊਂਸੀਪਲ ਕਮਿਸ਼ਨਰ, ਭਿਵਾਨੀ ਸ੍ਰੀ ਹਰਸ਼ਿਤ ਕੁਮਾਰ ਨੂੰ ਮਿਊਂਸੀਪਲ ਕਾਰਪੋਰੇਸ਼ਨ, ਸੋਨੀਪਤ ਦਾ ਕਮਿਸ਼ਨਰ ਅਤੇ ਜ਼ਿਲ੍ਹਾ ਮਿਊਂਸੀਪਲ ਕਮਿਸ਼ਨਰ, ਸੋਨੀਪਤ ਨਿਯੁਕਤ ਕੀਤਾ ਗਿਆ ਹੈ।

ਫਤਿਹਾਬਾਦ ਦੇ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸਿਵਿਲ ਸਰੋਤ ਸੂਚਨਾ ਅਧਿਕਾਰੀ ਸ੍ਰੀ ਰਾਹੁਲ ਮੋਦੀ ਨੂੰ ਜ਼ਿਲ੍ਹਾ ਮਿਊਂਸੀਪਲ ਕਮਿਸ਼ਨਰ, ਰਿਵਾੜੀ ਨਿਯੁਕਤ ਕੀਤਾ ਗਿਆ ਹੈ।

ਐਚਸੀਐਸ ਅਧਿਕਾਰੀਆਂ ਵਿੱਚ, ਲੋਕ ਨਿਰਮਾਣ( ਇਮਾਰਤਾਂ ਅਤੇ ਸੜਕਾਂ) ਵਿਭਾਗ ਦੇ ਵਿਸ਼ੇਸ਼ ਸਕੱਤਰ ਅਤੇ ਸ਼ਿਵਾਲਿਕ ਵਿਕਾਸ ਏਜੰਸੀ, ਅੰਬਾਲਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਵੀਰੇਂਦਰ ਸਿੰਘ ਸਹਿਰਾਵਤ ਨੂੰ ਵਧੀਕ ਕਿਰਤ ਕਮਿਸ਼ਨਰ (ਪ੍ਰਸ਼ਾਸਨ) ਅਤੇ ਹਰਿਆਣਾ ਵਪਾਰ ਭਲਾਈ ਬੋਰਡ ਦਾ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਉਤਕਰਸ਼ ਸੁਸਾਇਟੀ ਦੇ ਸਕੱਤਰ -ਕਮ-ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਅਨੁਰਾਗ ਧਾਲਿਆ ਨੂੰ ਫਤਿਹਾਬਾਦ ਦਾ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸਿਵਿਲ ਸਰੋਤ ਸੂਚਨਾ ਅਧਿਕਾਰੀ, ਫਤਿਹਾਬਾਦ ਨਿਯੁਕਤ ਕੀਤਾ ਗਿਆ ਹੈ।

ਰਾਜ ਇਲੈਕਸ਼ਨ ਕਮਿਸ਼ਨ ਦੇ ਸਕੱਤਰ ਸ੍ਰੀ ਯੋਗੇਸ਼ ਕੁਮਾਰ ਮੇਹਤਾ ਨੂੰ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਦਾ ਵਧੀਕ ਡਾਇਰੈਕਟਰ (ਪ੍ਰਸ਼ਾਸਨ) ਅਤੇ ਵਿਸ਼ੇਸ਼ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ, ਪੰਚਕੂਲਾ ਦੇ ਸਕੱਤਰ ਸ੍ਰੀ ਨਵੀਨ ਕੁਮਾਰ ਆਹੂਜਾ ਨੂੰ ਯਮੁਨਾਨਗਰ ਦਾ ਵਧੀਕ ਡਿਪਟੀ ਕਮਿਸ਼ਨਰ -ਕਮ-ਜ਼ਿਲ੍ਹਾ ਸਿਵਿਲ ਸਰੋਤ ਸੂਚਨਾ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ।

ਮਾਡਲ ਸਭਿਆਚਾਰ ਸਕੂਲ ਦੇ ਵਧੀਕ ਡਾਇਰੈਕਟਰ ਮਨੀਸ਼ਾ ਸ਼ਰਮਾ ਨੂੰ ਜ਼ਿਲ੍ਹਾ ਮਿਊਂਸੀਪਲ ਕਮਿਸ਼ਨਰ, ਪਲਵਲ ਨਿਯੁਕਤ ਕੀਤਾ ਗਿਆ ਹੈ।

ਸ਼ਾਹਬਾਦ ਦੇ ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ) ਕਮ ਵਧੀਕ ਕਲੈਕਟਰ ਸ੍ਰੀ ਵਿਵੇਕ ਚੌਧਰੀ ਨੂੰ ਮਿਊਂਸੀਪਲ ਕਾਰਪੋਰੇਸ਼ਨ, ਪਾਨੀਪਤ ਦਾ ਵਧੀਕ ਕਮਿਸ਼ਨਰ ਲਗਾਇਆ ਗਿਆ ਹੈ।

ਜ਼ਿਲ੍ਹਾ ਪਰਿਸ਼ਦ, ਪਾਨੀਪਤ ਅਤੇ ਡੀਆਰਡੀਏ, ਪਾਨੀਪਤ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਨਰਿੰਦਰ ਪਾਲ ਮਲਿਕ ਆਬਕਾਰੀ ਅਤੇ ਟੈਕਸਿਜ਼ ਵਿਭਾਗ ਵਿੱਚ ਫਲਾਇੰਗ ਸਕਵੈਡ ਅਧਿਕਾਰੀ ਲਗਾਇਆ ਗਿਆ ਹੈ।

ਜ਼ਿਲ੍ਹਾ ਪਰਿਸ਼ਦ ਝੱਜਰ ਅਤੇ ਡੀਆਰਡੀਏ, ਝੱਜਰ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਰਾਜੇਸ਼ ਕੁਮਾਰ-1 ਨੂੰ ਨਗਰ ਪਰਿਸ਼ਦ, ਫਰੀਦਾਬਾਦ ਦਾ ਸੰਯੁਕਤ ਕਮਿਸ਼ਨਰ ਲਗਾਇਆ ਗਿਆ ਹੈ।

ਗੁਰੂਗ੍ਰਾਮ ਮੇਟ੍ਰੋਪਾਲਿਟਨ ਸਿਟੀ ਬਸ ਲਿਮਿਟੇਡ ਦੇ ਸੰਯੁਕਤ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਤ੍ਰਿਲੋਕ ਚੰਦ ਨੂੰ ਬੜਖਲ ਦਾ ਉਪਮੰਡਲ ਅਧਿਕਾਰੀ (ਸਿਵਿਲ) ਲਗਾਇਆ ਗਿਆ ਹੈ।

ਹਰਿਆਣਾ ਰੋਡਵੇਜ਼, ਰੋਹਤੱਕ ਦੇ ਮਹਾਪ੍ਰਬੰਧਕ ਸ੍ਰੀ ਭਾਰਤ ਭੂਸ਼ਣ ਗੋਗਿਆ ਨੂੰ ਹਰਿਆਣਾ ਰੋਡਵੇਜ਼, ਗੁਰੂਗ੍ਰਾਮ ਦਾ ਮਹਾਪ੍ਰਬੰਧਕ ਲਗਾਇਆ ਗਿਆ ਹੈ।

ਹਰਿਆਣਾ ਸ਼ਹਿਰੀ ਵਿਕਾਸ ਪ੍ਰਾਧਿਕਰਨ, ਫਰੀਦਾਬਾਦ ਦੀ ਸੰਪਦਾ ਅਧਿਕਾਰੀ ਅਤੇ ਭੂ-ਅਧਿਗ੍ਰਹਿਣ ਅਧਿਕਾਰੀ, ਫਰੀਦਾਬਾਦ ਸੁਸ੍ਰੀ ਗੌਰੀ ਮਿੱਡਾ ਨੂੰ ਫਰੀਦਾਬਾਦ ਮਹਾਨਗਰ ਵਿਕਾਸ ਪ੍ਰਾਧਿਕਰਨ ਦੀ ਵਧੀਕ ਮੁੱਖ ਕਾਰਜਕਾਰੀ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ।

ਸੂਬਾ ਪੁਲਿਸ ਸ਼ਿਕਾਇਤ ਅਥਾਰਟੀ, ਹਰਿਆਣਾ ਦੇ ਸਕੱਤਰ ਸ੍ਰੀ ਜਗਦੀਪ ਸਿੰਘ ਨੂੰ ਡਿਵੀਜ਼ਨਲ ਕਮਿਸ਼ਨਰ ਹਿਸਾਰ ਦੇ ਦਫ਼ਤਰ ਵਿੱਚ ਓਐਸਡੀ ਲਗਾਇਆ ਗਿਆ ਹੈ।

ਸੂਬਾ ਟ੍ਰਾਂਸਪੋਰਟ, ਹਰਿਆਣਾ ਦੀ ਵਧੀਕ ਨਿਰਦੇਸ਼ਕ ਡਾ. ਪੂਜਾ ਭਾਰਤੀ ਹਰਿਆਣਾ ਸੂਬਾ ਖੇਤੀਬਾੜੀ ਮਾਰਕੀਟਿੰਗ ਬੋਰਡ, ਪੰਚਕੂਲਾ ਵਿੱਚ ਸਕੱਤਰ ਲਗਾਇਆ ਗਿਆ ਹੈ।

ਹਰਿਆਣਾ ਸ਼ਹਿਰੀ ਵਿਕਾਸ ਪ੍ਰਾਧੀਕਰਨ, ਕੁਰੂਕਸ਼ੇਤਰ ਦੇ ਸੰਪਦਾ ਅਧਿਕਾਰੀ ਸ੍ਰੀ ਪਰਮਜੀਤ ਚਹਿਲ ਨੂੰ ਉਪ ਮੰਡਲ ਅਧਿਕਾਰੀ (ਸਿਵਿਲ) ਉਤਰੀ ਗੁਰੂਗ੍ਰਾਮ ਲਗਾਇਆ ਗਿਆ ਹੈ।

ਫਰੀਦਾਬਾਦ ਮਹਾਨਗਰ ਵਿਕਾਸ ਪ੍ਰਾਧੀਕਰਨ ਦੇ ਸੰਯੁਕਤ ਮੁੱਖ ਕਾਰਜਕਾਰੀ ਅਧਿਕਰੀ ਅਤੇ ਨਗਰ ਨਿਗਮ, ਫਰੀਦਾਬਾਦ ਦੇ ਸੰਯੁਕਤ ਕਮਿਸ਼ਨਰ ਸ੍ਰੀ ਸੁਮਿਤ ਕੁਮਾਰ ਨੂੰ ਨਗਰ ਨਿਗਮ, ਗੁਰੂਗ੍ਰਾਮ ਦਾ ਸੰਯੁਕਤ ਕਮਿਸ਼ਨਰ ਲਗਾਇਆ ਗਿਆ ਹੈ।

ਹਰਿਆਣਾ ਸੈਰ ਸਪਾਟਾ ਵਿਕਾਸ ਨਿਗਮ ਦੇ ਮਹਾਪ੍ਰਬੰਧਕ ਸ੍ਰੀ ਆਸ਼ੁਤੋਸ਼ ਰਾਜਨ ਨੂੰ ਹਰਿਆਣਾ ਸੂਬਾ ਖੇਤੀਬਾੜੀ ਮਾਰਕੀਟਿੰਗ ਬੋਰਡ, ਗੁਰੂਗ੍ਰਾਮ ਵਿੱਚ ਜੋਨਲ ਪ੍ਰਸ਼ਾਸਕ ਦਾ ਵਧੀਕ ਕਾਰਜਭਾਰ ਸੌਂਪਿਆ ਗਿਆ ਹੈ।

ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ), ਇਸਰਾਨਾ ਸ੍ਰੀ ਅਸ਼ਵਨੀ ਕੁਮਾਰ ਨੂੰ ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ), ਨੂੰਹ ਲਗਾਨਿਆ ਗਿਆ ਹੈ।

ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ), ਅੰਬਾਲਾ ਕੈਂਟ ਅਤੇ ਆਬਕਾਰੀ ਖੇਤਰ, ਅੰਬਾਲਾ ਕੈਂਟ ਵਿੱਚ ਸਰਕਾਰੀ ਭੂਮਿ ਦੇ ਪ੍ਰਬੰਧਨ ਲਈ ਸੰਪਦਾ ਅਧਿਕਾਰੀ ਸ੍ਰੀ ਸਤਿੰਦਰ ਸਿਵਾਚ ਨੂੰ ਜ਼ਿਲ੍ਹਾ ਨਗਰ ਕਮਿਸ਼ਨਰ, ਕੁਰੂਕਸ਼ੇਤਰ ਲਗਾਇਆ ਗਿਆ ਹੈ।

ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ), ਮਹਿੰਦਰਗੜ੍ਹ ਸ੍ਰੀ ਸੰਜੀਵ ਕੁਮਾਰ ਨੂੰ ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ), ਦੱਖਣ ਗੁਰੂਗ੍ਰਾਮ ਲਗਾਇਆ ਗਿਆ ਹੈ।

ਸਬ ਡਿਵੀਜ਼ਨਲ ਅਧਿਕਾਰੀ (ਸਿਵਿਲ), ਨੂੰਹ ਪ੍ਰਦੀਪ ਅਹਿਲਾਵਤ-2 ਨੂੰ ਜ਼ਿਲ੍ਹਾ ਪਰਿਸ਼ਦ, ਨੂੰਹ ਅਤੇ ਡੀਆਰਡੀਏ, ਨੂੰਹ ਦਾ ਮੁੱਖ ਕਾਰਜਕਾਰੀ ਅਧਿਕਾਰੀ ਲਗਾਇਆ ਗਿਆ ਹੈ।

ਨਗਰ ਨਿਗਮ, ਰੋਹਤਕ ਦੇ ਸੰਯੁਕਤ ਕਮਿਸ਼ਨਰ ਸ੍ਰੀ ਭੁਪੇਂਦਰ ਸਿੰਘ ਨੂੰ ਜਿਲ੍ਹਾ ਪਰਿਸ਼ਦ, ਰੋਹਤਕ ਅਤੇ ਡੀਆਰਡੀਏ, ਰੋਹਤਕ ਦਾ ਮੁੱਖ ਕਾਰਜਕਾਰੀ ਅਧਿਕਾਰੀ ਲਗਾਇਆ ਹੈ।

ਸੰਯੁਕਤ ਆਬਕਾਰੀ ਅਤੇ ਕਰਾਧਾਨ ਕਮਿਸ਼ਨਰ ਰਾਜੀਵ ਪ੍ਰਸਾਦ ਨੂੰ ਸਹਿਕਾਰੀ ਖੰਡ ਮਿੱਲ, ਕਰਨਾਲ ਦਾ ਪ੍ਰਬੰਧ ਨਿਦੇਸ਼ਕ ਲਗਾਇਆ ਹੈ।

# ਕੈਬੀਨੇਟ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਮੁੱਖ ਮੰਤਰੀ ਨੂੰ ਸੌਂਪੀ ਕਾਰਜ ਪ੍ਰਗਤੀ ਪੁਸਤਕਾ

**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਹਿਕਾਰਤਾ, ਜੇਲ੍ਹ, ਚੋਣ, ਵਿਰਾਸਤ ਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਅੱਜ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਉਨ੍ਹਾਂ ਦੇ ਆਵਾਸ ਸੰਤ ਕਰੀਬ ਕੁਟੀਰ ਵਿਚ ਮੁਲਾਕਾਤ ਕਰ ਸਰਕਾਰ ਦੇ 100 ਦਿਨ ਦੇ ਸਮੇਂ ਵਿਚ ਉਨ੍ਹਾਂ ਦੇ ਵਿਭਾਗਾਂ ਦੀ ਗਤੀਵਿਧੀਆਂ ਦੀ ਕਾਰਜ ਪ੍ਰਗਤੀ ਪੁਸਤਕਾ ਸੌਂਪੀ। ਉਨ੍ਹਾਂ ਨੇ ਕਿਹਾ ਕਿ ਅਸੀਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸੰਕਲਪ ਅਤੇ ਡਬਲ ਇੰਜਨ ਹਰਿਆਣਾ ਸਰਕਾਰ , ਤਿਗੁਣੀ ਰਫਤਾਰ ਨਾਲ ਸੰਕਲਪ 'ਤੇ ਮਿਲ ਕੇ ਅੱਗੇ ਵੱਧ ਰਹੇ ਹਨ।

ਕੈਬੀਨੇਟ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਦਸਿਆ ਕਿ ਇੰਨ੍ਹਾਂ 100 ਦਿਨ ਦੇ ਕਾਰਜਕਾਲ ਦੌਰਾਨ ਰਾਜ ਪੱਧਰੀ ਸਹਿਕਾਰਤਾ ਹਫਤਾ ਦੇ ਰਾਜ ਪੱਧਰੀ ਪ੍ਰਬੰਧ ਰੋਹਤਕ ਤੇ ਗੁਰੂਗ੍ਰਾਮ ਵਿਚ ਕਰਵਾਏ ਗਏ, ਤਾਂ ਜੋ ਕੇਂਦਰੀ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਦੇ ਸਹਿਕਾਰ ਤੋਂ ਖੁਸ਼ਹਾਲ ਦੇ ਸੰਕਲਪ 'ਤੇ ਆਮਜਨਤਾ ਨੂੰ ਜਾਗਰੁਕ ਕੀਤਾ ਜਾ ਸਕੇ। ਇਸ ਲੜੀ ਵਿਚ ਗੋਹਾਨਾ ਤੋਂ ਪੂਰੇ ਸੂਬੇ ਲਈ ਜਿਲ੍ਹਾ ਪੱਧਰੀ ਸਹਿਕਾਰਤਾ ਜਾਗਰੁਕਤਾ ਮੁਹਿੰਮ ਦਾ ਵੀ ਆਗਾਜ਼ ਕੀਤਾ।

ਉਨ੍ਹਾਂ ਨੇ ਦਸਿਆ ਕਿ ਕੇਂਦਰੀ ਸਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਸ੍ਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਮੁਲਾਕਾਤ ਕਰਦੇ ਹੋਏ ਹਰਿਆਣਾ ਦੇ ਸੈਰ-ਸਪਾਟਾ ਨੂੰ ਦੁਨੀਆ ਦੇ ਨਕਸ਼ੇ 'ਤੇ ਲਿਆਉਣ 'ਤੇ ਚਰਚਾ ਕੀਤੀ। ਇਸ ਤੋਂ ਇਲਾਵਾ, ਸਿੰਧੂ-ਸਰਸਵਤੀ ਸਭਿਅਤਾ ਦੇ ਮਹਤੱਵਪੂਰਣ ਕੇਂਦਰ ਰਾਖੀਗੜੀ ਨੂੰ ਕੌਮਾਂਤਰੀ ਪਹਿਚਾਣ ਵਜੋ ਵਿਕਸਿਤ ਕਰਨ ਦੇ ਮਕਦ ਨਾਲ ਰਾਖੀਗੜੀ ਮਹੋਤਸਵ ਦਾ ਪ੍ਰਬੰਧ ਕੀਤਾ ਗਿਆ। ਉਨ੍ਹਾਂ ਨੇ ਦਸਿਆ ਕਿ ਦੂਜੇ ਮਹਾਭਾਰਤ ਸਰਕਿਟ ਸਮੇਲਨ ਵਿਚ ਸਰਕਿਟ ਦੇ ਘੇਰੇ ਵਿਚ ਆਉਣ ਵਾਲੇ ਖੇਤਰਾਂ ਦੇ ਵਿਕਾਸ ਅਤੇ ਸੰਭਾਲਣ ਨੂੰ ਲੈ ਕੇ ਪ੍ਰਕ੍ਰਿਆ ਨੂੰ ਤੇਜ ਕੀਤਾ ਗਿਆ। ਸੂਬੇ ਦੀ ਜਿਲ੍ਹਾ ਜੇਲ੍ਹ ਵਿਚ ਕੈਦੀਆਂ ਤੇ ਬੰਦੀਆਂ ਦੇ ਮਾਨਸਿਕ ਸਿਹਤ ਨੂੰ ਬਿਹਤਰ ਬਨਾਉਣ ਲਈ ਗੀਤਾ ਪਾਠ ਨੂੰ ਸ਼ੁਰੂ ਕਰਵਾਇਆ ਗਿਆ ਅਤੇ ਉਨ੍ਹਾਂ ਦੀ ਸਹੂਲਤਾਂ ਵਿਚ ਵਾਧਾ ਲਈ ਯਤਨ ਕੀਤੇ ਗਏ।

ਉਨ੍ਹਾਂ ਨੇ ਦਸਿਆ ਕਿ ਇਸ ਦੌਰਾਨ ਵੱਖ-ਵੱਖ ਵਿਭਾਗਾਂ, ਬੋਰਡਾਂ, ਨਿਗਮਾਂ ਦੇ ਅਧਿਕਾਰੀਆਂ ਦੇ ਨਾਲ ਸਮੀਖਿਆ ਮੀਟਿੰਗ ਕਰਦੇ ਹੋਏ ਨਵੀਆਂ ਯੋਜਨਾਵਾਂ ਤਿਆਰ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ। ਇਸ ਵਿਚ ਸਹਿਕਾਰੀ ਕਮੇਟੀਆਂ ਨੂੰ ਮੁਨਾਫੇ, ਵੀਟਾ ਵੱਲੋਂ ਸ਼ੂਗਰ ਫਰੀ ਉਤਪਾਦ ਬਨਾਉਣ ਤੇ ਵਿਕਸਿਤ ਸਾਇਟਾਂ ਨੂੰ ਆਮਜਨਤਾ ਦੇ ਵਿਚ ਪ੍ਰਸਿੱਦ ਬਨਾਉਣਾ ਵੀ ਸ਼ਾਮਿਲ ਹਨ। ਕੈਬੀਨੇਟ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਵਿਭਾਗ ਦੀ ਯੋਜਨਾਵਾਂ ਨੂੰ ਲਗਾਤਾਰ ਅੱਗੇ ਵਧਾਇਆ ਜਾਵੇਗਾ, ਤਾਂ ਜੋ ਆਮਜਨਤਾ ਨੂੰ ਯੋਜਨਾਵਾਂ ਦਾ ਲਾਭ ਦਿਵਾਉਣਾ ਯਕੀਨੀ ਕੀਤਾ ਜਾ ਸਕੇ।

# ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਹਰ ਸੰਭਵ ਸਹਾਇਤਾ ਮੁਹੱਈਆ ਕਰਵਾਈ ਜਾਵੇ: ਮੋਹਿੰਦਰ ਭਗਤ



**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਹਨਾਂ ਦੇ ਪਰਿਵਾਰਾਂ ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸ ਮੰਤਵ ਦੀ ਪੂਰਤੀ ਲਈ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਅਤੇ ਪੈਸਕੋ ਦੇ ਅਧਿਕਾਰੀਆ ਨਾਲ ਬੁੱਧਵਾਰ ਨੂੰ ਪੰਜਾਬ ਸਿਵਲ ਸਕੱਤਰੇਤ ਵਿਖੇ ਮੀਟਿੰਗ ਦੀ ਪ੍ਰਧਾਨਗੀ ਕੀਤੀ ।

ਮੀਟਿੰਗ ਦੌਰਾਨ ਮੰਤਰੀ ਮੋਹਿੰਦਰ ਭਗਤ ਨੇ ਇਹਨਾਂ ਦੋਵੇਂ ਵਿਭਾਗਾਂ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ ਅਤੇ ਵਿਭਾਗ ਵੱਲੋਂ ਸਾਬਕਾ ਸੈਨਿਕਾਂ ਅਤੇ ਉਹਨਾਂ ਦੇ ਆਸਰਿਤਾਂ ਲਈ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਨੂੰ ਪ੍ਰਭਾਸ਼ਾਲੀ ਢੰਗ ਲਾਗੂ ਕਰਨ ਲਈ ਨਿਰਦੇਸ਼ ਦਿੱਤੇ । ਮੰਤਰੀ ਨੇ ਵਿਭਾਗ ਅਧੀਨ ਆਉਂਦੇ ਸੈਨਿਕ ਰੈਸਟ ਹਾਊਸਾਂ ਦੀ ਵੀ ਰਿਪੋਰਟ ਲਈ ਅਤੇ ਉਹਨਾਂ ਨੂੰ ਹੋਰ ਬਿਹਤਰ ਬਣਾਉਣ ਲਈ ਲੋੜੀਂਦੇ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਚਾਲੂ ਵਿੱਤੀ ਸਾਲ ਦੌਰਾਨ ਸਰਕਾਰ ਵੱਲੋਂ ਅਲਾਟ ਕੀਤੇ ਗਏ ਬਜਟ ਅਤੇ ਅਗਲੇ ਵਿੱਤੀ ਸਾਲ 2025-26 ਦੇ ਬਜਟ ਬਾਰੇ ਵੀ ਚਰਚਾ ਕੀਤੀ ਗਈ ਤਾਂ ਜੋ ਸਰਕਾਰ ਵੱਲੋਂ ਸਾਬਕਾ ਸੈਨਿਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਲਈ ਲੋੜੀਂਦਾ ਬਜਟ ਉਪਲੱਬਧ ਕਰਵਾਇਆ ਜਾ ਸਕੇ।ਮੰਤਰੀ ਮੋਹਿੰਦਰ ਭਗਤ ਨੇ ਕਿਹਾ ਸਰਕਾਰ ਦਾ ਮੁੱਖ ਟੀਚਾ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ। ਮੰਤਰੀ ਨੇ ਕਿਹਾ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਜਿਲ੍ਹਾ ਪੱਧਰ ਤੇ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਕੀਤੀ ਜਾਵੇ ਤਾਂ ਜੋ ਸਾਬਕਾ ਸੈਨਿਕਾਂ ਦੀਆਂ ਸਮੱਸਿਆਵਾਂ ਦਾ ਹੱਲ ਸਮਾਂ-ਬੱਧ ਤਰੀਕੇ ਨਾਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹੁਕਮ ਕੀਤੇ ਕਿ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਵੱਲੋਂ ਕੀਤੀਆਂ ਜਾਣ ਵਾਲੀਆਂ ਮੀਟਿੰਗਾਂ ਦੀਆਂ ਰਿਪੋਰਟਾਂ ਸਰਕਾਰ ਨੂੰ ਭੇਜੀਆਂ ਜਾਣ।

ਮੰਤਰੀ ਨੇ ਸਾਬਕਾ ਸੈਨਿਕਾਂ ਅਤੇ ਉਹਨਾਂ ਦੇ ਆਸ਼ਰਿਤਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਾਉਣ ਦੇ ਮੰਤਵ ਲਈ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਨਾਲ ਤਾਲਮੇਲ ਕਰਨ ਦੇ ਦਿਸ਼ਾ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਵਿਭਾਗ ਵਿੱਚ ਅਧਿਕਾਰੀਆਂ ਅਤੇ ਕਰਮਚਾਰੀਆ ਦੀਆ ਖਾਲੀ ਅਸਾਮੀਆਂ ਨੂੰ ਵੀ ਭਰਨ ਲਈ ਯੋਗ ਉਪਰਾਲੇ ਕੀਤੇ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹਿਆਂ ਵਿੱਚ ਸਾਬਕਾ ਸੈਨਿਕਾਂ ਅਤੇ ਉਹਨਾਂ ਦੇ ਪਰਿਵਾਰਾਂ ਨਾਲ ਜ਼ਮੀਨੀ ਪੱਧਰ ਤੇ ਤਾਲਮੇਲ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਜੋ ਉਹ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਦੀ ਜਾਣਕਾਰੀ ਪ੍ਰਾਪਤ ਕਰ ਸਕਣ ਅਤੇ ਵੱਧ ਤੋਂ ਵੱਧ ਸਰਕਾਰੀ ਸਕੀਮਾਂ ਦਾ ਲਾਭ ਲੈ ਸਕਣ।

ਇਸ ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਰੱਖਿਆ ਸੇਵਾਵਾਂ ਭਲਾਈ ਸ੍ਰੀ ਜੈ.ਐਮ.ਬਾਲਾਮੁਰੁਗਨ, ਮੈਨੇਜਿੰਗ ਡਾਇਰੈਕਟਰ ਪੈਸਕੋ ਮੇਜਰ ਜਰਨਲ ਹਰਮਨਦੀਪ ਸਿੰਘ ਅਤੇ ਡਾਇਰੈਕਟਰ ਰੱਖਿਆ ਸੇਵਾਵਾਂ ਭਲਾਈ ਬ੍ਰਿਗੇ. ਭੁਪਿੰਦਰ ਸਿੰਘ ਢਿੱਲੋਂ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਹਰਚੋਵਾਲ ਦੇ ਟਰੈਵਲ ਏਜੰਟ ਦਾ ਲਾਇਸੰਸ ਰੱਦ

**ਗੁਰਦਾਸਪੁਰ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੰਜਾਬ ਮਨੁੱਖੀ ਤਸਕਰੀ ਰੋਕੂ ਐਕਟ-2012 ਅਧੀਨ ਜਾਰੀ ਪੰਜਾਬ ਮਨੁੱਖੀ ਤਸਕਰੀ ਨਿਯਮ 2013 (ਸੋਧਿਆ ਨਾਮ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ) ਦੇ ਤਹਿਤ ਮੈਸ: ਗੁਰੂ ਟਰੇਡ ਟੈਸਟ ਐਂਡ ਟਰੇਨਿੰਗ ਸੈਂਟਰ, ਪਿੰਡ ਤੇ ਡਾਕਖ਼ਾਨਾ ਹਰਚੋਵਾਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਦੇ ਨਾਮ 'ਤੇ ਸ੍ਰੀ ਬਿਕਰਮਜੀਤ ਸਿੰਘ ਪੁੱਤਰ ਬਲਦੇਵ ਸਿੰਘ ਪਿੰਡ ਮਠੋਲਾ, ਡਾਕਖ਼ਾਨਾ ਭਰਥ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਨੂੰ ਟਰੈਵਲ ਏਜੰਟ ਦਾ ਲਾਇਸੰਸ ਨੰਬਰ 128/ਸਮ/ਐਕਟ-ਐੱਮ.ਏ.-3/25 ਫਰਵਰੀ 2019 ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 21 ਫਰਵਰੀ 2024 ਤੱਕ ਸੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਵਿਜੇ ਕੁਮਾਰ, ਸੁਪਰਡੈਂਟ ਡਿਪਟੀ ਕਮਿਸ਼ਨਰ ਦਫ਼ਤਰ ਨੇ ਦੱਸਿਆ ਕਿ ਲਾਇਸੰਸ ਧਾਰਕ ਬਿਕਰਮਜੀਤ ਸਿੰਘ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਲਿਖਤੀ ਦਰਖਾਸਤ ਦਿੱਤੀ ਗਈ ਹੈ ਕਿ ਉਹ ਆਪਣਾ ਲਾਇਸੰਸ ਰੀਨਿਊ ਨਹੀਂ ਕਰਵਾਉਣਾ ਚਾਹੁੰਦਾ ਅਤੇ ਉਸ ਵੱਲੋਂ ਆਪਣਾ ਲਾਇਸੰਸ ਸਰੰਡਰ ਕਰਨ ਦੀ ਬੇਨਤੀ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਬਣੇ ਰੂਲਜ਼ ਦੇ ਸੈਕਸ਼ਨ 8 (1) ਵਿੱਚ ਦਰਜ ਉਪਬੰਧ ਅਨੁਸਾਰ ਪ੍ਰਾਰਥੀ ਦਾ ਲਾਇਸੰਸ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਟਰੈਵਲ ਏਜੰਟ ਦੇ ਲਾਇਸੰਸ ਨਾਲ ਸਬੰਧਿਤ ਕੋਈ ਵੀ ਸ਼ਿਕਾਇਤ/ਕੇਸ਼ ਹੋਵੇਗਾ ਤਾਂ ਇਸ ਸਬੰਧੀ ਬਿਕਰਮਜੀਤ ਸਿੰਘ ਖ਼ੁਦ ਜ਼ਿੰਮੇਵਾਰ ਹੋਵੇਗਾ।

# ਅਰਾਵਲੀ ਖੇਤਰ ਵਿਚ ਹਰਿਤ ਰੁਜਗਾਰ ਦੇ ਮੌਕੇ ਸ੍ਰਿਜਤ ਕਰਨ ਦੀ ਯੋਜਨਾ : ਰਾਓ ਨਰਬੀਰ ਸਿੰਘ

**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਵਨ ਅਤੇ ਵਾਤਾਵਰਣ ਤੇ ਜੰਗਲੀਜੀਵ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਸੱਭ ਤੋਂ ਪੁਰਾਣੀ ਮਾਊਂਟੇਨ ਰੇਂਜ ਅਰਾਵਲੀ ਹਰਿਆਣਾ ਦੀ ਸ਼ਾਨ ਹੈ, ਹਰਿਆਣਾ ਸਮੇਤ ਦਿੱਲੀ, ਰਾਜਸਤਾਨ ਤੇ ਗੁਜਰਾਤ ਦੇ 1.15 ਹੈਕਟੇਅਰ ਖੇਤਰ ਵਿਚ ਇਹ ਫੈਲੀ ਹੋਈ ਹੈ।

ਇਸ ਵਿਚ ਵਾਤਾਵਰਣ ਸੰਤੁਲਨ ਨੂੰ ਵਧਾਉਣ ਲਈ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਮਿਸ਼ਨ ਲਾਇਵ ਵਾਤਾਵਰਣ ਲਈ ਜੀਵਨ ਸ਼ੈਲੀ ਤੇ ਇੱਕ ਪੇੜ ਮਾਂ ਦੇ ਨਾਂਅ ਪ੍ਰੋਗਰਾਮ ਦੀ ਸ਼ੁਰੂਆਤ ਕਰ ਲੋਕਾਂ ਨੂੰ ਵਾਤਾਵਰਣ ਨਾਲ ਜੋੜਨ ਦੀ ਪਹਿਲ ਸਵਾਗਤਯੋਗ ਹੈ। ਇਸ ਲੜੀ ਵਿਚ ਹਰਿਆਣਾ ਨੇ ਅਰਾਵਲੀ ਖੇਤਰ ਵਿਚ ਹਰਿਆਲੀ ਨੂੰ ਵਧਾਉਣ ਲਈ ਸਾਊਦੀ ਅਰਬਿਆ ਦੀ ਤਰਜ 'ਤੇ ਅਰਾਵਲੀ ਗ੍ਰੀਨ ਵਾਲ ਪ੍ਰੋਜੈਕਟ ਦੀ ਰੂਪਰੇਖਾ ਤਿਆਰ ਕੀਤੀ ਹੈ। ਕੇਂਦਰੀ ਵਾਤਾਵਰਣ ਮੰਤਰੀ ਸ੍ਰੀ ਭੂਪੇਂਦਰ ਸਿੰਘ ਯਾਦਵ ਕੱਲ 9 ਫਰਵਰੀ ਨੂੰ ਇਸ ਪਰਿਯੋਜਨਾ ਦਾ ਉਦਘਾਟਨ ਕਰਣਗੇ।

ਰਾਓ ਨਰਬੀਰ ਸਿੰਘ ਨੇ ਕਿਹਾ ਕਿ ਸਾਊਦੀ ਅਰਬ ਇੱਕ ਰੇਗੀਸਤਾਨੀ ਦੇਸ਼ ਹੈ ਪਰ ਉੱਥੇ ਹਰਿਤ ਪੱਟੀਆਂ ਵਿਕਸਿਤ ਕਰ ਹਰਿਆਲੀ ਨੂੰ ਬਹੁਤ ਆਕਰਸ਼ਨ ਢੰਗ ਨਾਲ ਵਧਾਇਆ ਹੈ। ਇਸੀ ਨੂੰ ਦੇਖਦੇ ਹੋਏ ਭਾਰਤ ਸਰਕਾਰ ਨੇ ਹਰਿਆਣਾ ਨੂੰ ਅਰਾਵਲੀ ਗ੍ਰੀਨ ਵਾਲ ਪ੍ਰੋਜੈਕਟ ਤਿਆਰ ਕਰਨ ਦੀ ਜਿਮੇਵਾਰੀ ਸੌਂਪੀ ਹੈ। ਉਹ ਖੁਦ ਗ੍ਰੀਨ ਵਾਲ ਪ੍ਰੋਜੈਕਟ ਦਾ ਅਵਲੋਕਨ ਕਰਨ ਲਈ ਸਾਊਦੀ ਅਰਬਿਆ ਦਾ ਦੌਰਾ ਕਰ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਜਲਦੀ ਹੀ ਉਹ ਨਾਗਪੁਰ (ਮਹਾਰਾਸ਼ਟਰ) ਦੇ ਗੋਰੇਵਾੜਾ ਜੰਗਲੀਜੀਵ ਸਫਾਰੀ ਅਤੇ ਜਾਮ ਨਗਰ, ਗੁਜਰਾਤ ਦੇ ਵਨਤਾਰਾ ਪਰਿਯੋਜਨਾ ਦਾ ਅਧਿਐਨ ਕਰਨ ਲਈ 7 ਫਰਵਰੀ ਤੋਂ ਚਾਰ ਦਿਨਾਂ ਦਾ ਅਧਿਐਨ ਦੌਰੇ 'ਤੇ ਜਾਣਗੇ।

ਉਨ੍ਹਾਂ ਨੇ ਕਿਹਾ ਕਿ ਅਰਾਵਲੀ ਗ੍ਰੀਨ ਵਾਲ ਪਰਿਯੋਜਨਾ ਤਹਿਤ ਹਰਿਆਣਾ, ਰਾਜਸਤਾਨ, ਗੁਜਰਾਤ ਅਤੇ ਦਿੱਲੀ ਸਮੇਤ ਚਾਰ ਸੂਬਿਆਂ ਵਿਚ 1.15 ਮਿਲਿਆ ਹੈਕਟੇਅਰ ਤੋਂ ਵੱਧ ਭੂਮੀ ਦਾ ਸੁਧਾਰ ਬਹੁ-ਰਾਜ ਸਹਿਯੋਗ ਦਾ ਇੱਕ ਮਿਸਾਲੀ ਮਾਡਲ ਪ੍ਰਦਰਸ਼ਿਤ ਕਰਨਾ ਹੈ। ਜੰਗਲਾਂ ਦੀ ਸਵਦੇਸ਼ੀ ਪ੍ਰਜਾਤੀਆਂ ਦੇ ਨਾਲ ਵਨਰੋਪਣ, ਜੈਵ ਵਿਵਿਧਤਾ ਸਰੰਖਣ, ਮਿੱਟੀ ਸਿਹਤ ਵਿਚ ਸੁਧਾਰ ਅਤੇ ਭੂਜਨ ਮੁੜ ਭਰਨ ਨੂੰ ਵਧਾਉਣ 'ਤੇ ਧਿਆਨ ਕੇਂਦ੍ਰਿਤ ਕਰਨਾ ਵੀ ਹੈ।

ਉਨ੍ਹਾਂ ਨੇ ਕਿਹਾ ਕਿ ਅਰਾਵਲੀ ਖੇਤਰ ਵਿਚ ਗ੍ਰੀਨ ਵਾਲ ਪ੍ਰੋਜੈਕਟ ਦੇ ਨਾਲ-ਨਾਲ ਇਸ ਮਾਊਟੇਨ ਰੇਂਜ ਵਿਚ ਇਕੋ ਟੂਰੀਜਮ ਨੂੰ ਪ੍ਰੋਤਸਾਹਨ ਦੇਣ ਲਈ ਜੰਗਲ ਸਫਾਰੀ ਪਰਿਯੋਜਨਾ ਦੇ ਪ੍ਰਸਤਾਵ 'ਤੇ ਵੀ ਅਸੀਂ ਅੱਗੇ ਵੱਧ ਰਹੇ ਹਨ। ਪਿਛਲੇ ਦਿਨਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜੰਗਲ ਸਫਾਰੀ ਪਰਿਯੋਜਨਾ ਨੂੰ ਸੈਰ-ਸਪਾਟਾ ਵਿਭਾਗ ਦੀ ਥਾਂ ਵਨ ਅਤੇ ਜੰਗਲੀਜੀਵ ਵਿਭਾਗ ਨੂੰ ਇਸ ਨੂੰ ਸਿਰੇ ਚੜਾਉਣ ਦੀ ਜਿਮੇਵਾਰੀ ਸੌਂਪੀ ਹੈ। ਇਸ ਲਈ ਉਹ ਖੁਦ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਪਰਿਯੋਜਨਾ ਦੀ ਅਵਧਾਰਣਾ ਦਾ ਅਧਿਐਨ ਕਰਨ ਲਈ ਮਹਾਰਾਸ਼ਟਰ ਅਤੇ ਗੁਜਰਾਤ ਦੌਰੇ 'ਤੇ ਜਾ ਰਹੇ ਹਨ।

ਉਨ੍ਹਾਂ ਨੇ ਕਿਹਾ ਕਿ ਇਸ ਪਰਿਯੋਜਨਾ ਨਾਲ ਅਰਾਵਲੀ ਖੇਤਰ ਵਿਚ ਸਥਾਨਕ ਲੋਕਾਂ ਲਈ ਹਰਿਤ ਰੁਜਗਾਰ ਦੇ ਮੌਕੇ ਸ੍ਰਿਜਤ ਹੋਣਗੇ ਅਤੇ ਜੈਵ ਵਿਵਿਧਤਾ ਸਰੰਖਣ ਅਤੇ ਵਾਤਾਵਰਣ ਅਨੁਰੂਲ ਸੰਸਾਧਨ ਪ੍ਰਬੰਧਨ ਨੂੰ ਪ੍ਰੋਤਸਾਹਨ ਮਿਲੇਗਾ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਵਿਚ ਨੌਜੁਆਨ ਪੀੜੀ ਨੂੰ ਕੁਦਰਤ ਨੂੰ ਇਸ ਨੇਕ ਕੰਮ ਦੇ ਪ੍ਰਤੀ ਜਾਗਰੁਕ ਕਰਨ ਅਤੇ ਉਨ੍ਹਾਂ ਦੇ ਆਜੀਵਿਕਾ ਦੇ ਸਾਧਨ ਵਧਾਉਣ ਦੇ ਲਈ ਰਾਜ ਵਿਚ ਵਨ ਮਿੱਤਰਾਂ ਦੀ ਨਿਯੁਕਤੀ ਕੀਤੀ ਗਈ ਹੈ, ਜੋ ਸਥਾਨਕ ਲੋਕਾਂ ਨੂੰ ਜੰਗਨਾਂ ਨਾਲ ਜੋੜ ਰਹੇ ਹਨ।

# ਹਸਪਤਾਲ ਅਮਲੋਹ ਵਿਖੇ ਚਾਰ ਮਾਹਿਰ ਡਾਕਟਰ ਤਾਇਨਾਤ: ਸਿਵਲ ਸਰਜਨ

**ਫ਼ਤਹਿਗੜ੍ਹ ਸਾਹਿਬ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ ਦਵਿੰਦਰਜੀਤ ਕੌਰ ਨੇ ਕਮਿਊਨਿਟੀ ਸਿਹਤ ਕੇਂਦਰ ਅਮਲੋਹ ਵਿੱਚ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਦੀ ਤਾਇਨਾਤੀ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਸਪਤਾਲ ਵਿੱਚ ਮੈਡੀਸਨ ਦੇ ਮਾਹਿਰ, ਬੱਚਿਆਂ ਦੇ ਮਾਹਿਰ, ਔਰਤ ਰੋਗਾਂ ਦੇ ਮਾਹਿਰ, ਬੇਹੋਸ਼ੀ ਦੇ ਮਾਹਿਰ ਆਦਿ ਚਾਰ ਮਾਹਿਰ ਡਾਕਟਰ ਤਾਇਨਾਤ ਹਨ।

ਉਹਨਾਂ ਦੱਸਿਆ ਕਿ ਸਿਹਤ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹੋਰਾਂ ਸਿਹਤ ਕੇਂਦਰਾਂ ਤੋਂ ਵੀ ਸਮੇਂ ਸਮੇਂ ਤੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਦੀ ਡਿਊਟੀ ਲਗਾਈ ਜਾਂਦੀ ਹੈ, ਤਾਂ ਕਿ ਆਮ ਲੋਕਾਂ ਨੂੰ ਸਿਹਤ ਸੇਵਾਵਾ ਲੈਣ ਵਿੱਚ ਕੋਈ ਦਿੱਕਤ ਨਾ ਆਵੇ । ਉਹਨਾਂ ਇਹ ਵੀ ਦੱਸਿਆ ਕਿ ਸਿਹਤ ਕੇਂਦਰਾਂ ਦੀ ਵਕੈਂਸੀ ਪੋਜੀਸ਼ਨ ਹਰ ਮਹੀਨੇ ਉੱਚ ਅਧਿਕਾਰੀਆਂ ਨੂੰ ਭੇਜੀ ਜਾਂਦੀ ਹੈ ਤਾਂ ਕਿ ਲੋੜ ਅਨੁਸਾਰ ਮੈਡੀਕਲ ਅਤੇ ਪੈਰਾਮੈਡੀਕਲ ਦੀ ਤਾਇਨਾਤੀ ਕਰਵਾਈ ਜਾ ਸਕੇ।

ਉਹਨਾਂ ਇਹ ਵੀ ਦੱਸਿਆ ਕਿ ਨਵੀਂ ਭਰਤੀ ਤਹਿਤ ਜਿਲ੍ਹੇ ਵਿੱਚ ਤਾਇਨਾਤ ਕੀਤੇ ਜਾਣ ਵਾਲੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਨੂੰ ਸੀਐਚਸੀ ਅਮਲੋਹ ਵਿਖੇ ਵੀ ਲਗਾਇਆ ਜਾਵੇਗਾ ਤਾਂ ਕਿ ਇਲਾਕੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਵਧੀਆ ਢੰਗ ਨਾਲ ਪ੍ਰਦਾਨ ਕੀਤਾ ਜਾ ਸਕੇ। ਉਹਨਾਂ ਇਹ ਵੀ ਦੱਸਿਆ ਕਿ ਉਥੋਂ ਦੇ ਸੀਨੀਅਰ ਮੈਡੀਕਲ ਅਫਸਰ ਨੂੰ ਵੀ ਉਹਨਾਂ ਵੱਲੋਂ ਹਿਦਾਇਤ ਕੀਤੀ ਗਈ ਹੈ ਕੇ ਸਿਹਤ ਸਟਾਫ ਨੂੰ ਛੁੱਟੀ ਨਾ ਦਿੱਤੀ ਜਾਵੇ ਬਹੁਤ ਜਰੂਰੀ ਕੰਮ ਹੋਣ ਦੀ ਹਾਲਤ ਵਿੱਚ ਹੀ ਛੁੱਟੀ ਸੈਕਸ਼ਨ ਕੀਤੀ ਜਾਵੇ ਤੇ ਛੁੱਟੀ ਤੇ ਜਾਣ ਵਾਲੇ ਸਟਾਫ ਦੀ ਥਾਂ ਤੇ ਬਦਲਵਾਂ ਪ੍ਰਬੰਧ ਕੀਤਾ ਜਾਵੇ ਤਾਂਕਿ ਇਲਾਜ ਕਰਾਉਣ ਲਈ ਆਉਣ ਵਾਲੇ ਮਰੀਜ਼ਾਂ ਨੂੰ ਕੋਈ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ

**ਪਠਾਨਕੋਟ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸ਼ੀ ਹਰਦੀਪ ਸਿੰਘ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਰੈਗੂਲੇਟਰੀ ਵਿੰਗ, ਜਿਲ੍ਹਾ ਨਗਰ ਯੋਜਨਾਕਾਰ (ਰ), ਪਠਾਨਕੋਟ ਵੱਲੋਂ ਬਤੌਰ ਡਿਊਟੀ ਮੈਜਿਸਟ੍ਰੇਟ ਸ਼੍ਰੀ ਪਰਮਪ੍ਰੀਤ ਸਿੰਘ ਗੋਰਾਇਆ, ਤਹਿਸੀਲਦਾਰ, ਪਠਾਨਕੋਟ ਅਤੇ ਥਾਣਾ ਬਾਰਠ ਸਾਹਿਬ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਪਠਾਨਕੋਟ ਤੋਂ ਬਾਰਠ ਸਾਹਿਬ ਰੋਡ ਉੱਪਰ ਪੈਂਦੇ ਗੁਰੂ ਅਰਜਨ ਦੇਵ ਪਬਲਿਕ ਸਕੂਲ ਦੇ ਨੇੜੇ ਬਣ ਰਹੀ ਅਣ-ਅਧਿਕਾਰਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਕਤ ਵਿਕਸਿਤ ਕੀਤੀ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ, ਜਿਸ ਤਹਿਤ ਵਿਭਾਗ ਵੱਲੋਂ ਹੁਣ ਤੱਕ ਕੁੱਲ 04 ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਕਲੋਨਾਈਜਰਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਪਠਾਨਕੋਟ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।ਜਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।



# ਵਿਧਾਇਕ ਫਾਜ਼ਿਲਕਾ ਨੇ ਮਿਸ਼ਨ ਵਾਤਸੱਲਿਆ ਸਕੀਮ ਅਧੀਨ 3 ਬੱਚਿਆਂ ਨੂੰ ਸਪਾਂਸਰਸ਼ਿਪ ਸਰਟੀਫਿਕੇਟ ਕੀਤੇ ਜਾਰੀ



**ਫਾਜ਼ਿਲਕਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਦਾਨਾ ਮੰਡੀ ਵਿਖੇ ਬਣੇ ਮਾਰਕਿਟ ਕਮੇਟੀ ਦਫਤਰ ਫਾਜ਼ਿਲਕਾ ਵਿਖੇ ਲੋਕ ਮਿਲਣੀ ਦੌਰਾਨ ਪੰਜਾਬ ਸਰਕਾਰ ਦੀ ਮਿਸ਼ਨ ਵਾਤਸੱਲਿਆ ਸਕੀਮ ਅਧੀਨ 3 ਬੱਚਿਆਂ ਨੂੰ ਸਪਾਂਸਰਸ਼ਿਪ ਸਰਟੀਫਿਕੇਟ ਜਾਰੀ ਕੀਤੇ ਗਏ ਜਿਸ ਨਾਲ ਇਨ੍ਹਾਂ ਬਚਿਆਂ ਨੂੰ ਪ੍ਰਤੀ ਮਹੀਨਾ 4 ਹਜਾਰ ਰੁਪਏ ਮਾਲੀ ਸਹਾਇਤਾ ਮਿਲ ਸਕੇਗੀ। ਉਨ੍ਹਾਂ ਦੱਸਿਆ ਕਿ ਇਹ ਸਕੀਮ ਪੰਜਾਬ ਸਰਕਾਰ ਦੇ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਵੱਲੋਂ ਲੋੜਵੰਦ ਤੇ ਬੇਸਹਾਰਾ ਬੱਚਿਆਂ ਹਿਤ ਚਲਾਈ ਜਾ ਰਹੀ ਹੈ।

ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਦੱਸਿਆ ਕਿ ਮਾਲੀ ਸਹਾਇਤਾ ਮੁਹੱਈਆ ਕਰਵਾਉਣ ਲਈ ਬੱਚਿਆਂ ਦੀਆਂ ਦਰਖਾਸਤਾਂ ਪ੍ਰਾਪਤ ਹੋਈਆਂ ਸਨ ਜਿੰਨ੍ਹਾਂ *ਤੇ ਕਾਰਵਾਈ ਕਰਦਿਆਂ ਸਕੀਮ ਅਧੀਨ ਸਰਟੀਫਿਕੇਟ ਜਾਰੀ ਕੀਤੇ ਗਏ ਹਨ।

ਉਨ੍ਹਾਂ ਇਸ ਸਕੀਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿੰਗਲ ਮਾਪੇ, ਅਨਾਥ, ਜੇਲ੍ਹ ਵਿੱਚ ਰਹਿ ਰਹੇ ਕੈਦੀਆਂ ਦੇ ਬੱਚਿਆਂ ਅਤੇ ਐਚ.ਆਈ.ਵੀ ਨਾਲ ਪੀੜਿਤ ਮਾਤਾ ਪਿਤਾ ਦੇ ਬੱਚਿਆਂ ਨੂੰ ਸਪਾਂਸਰਸ਼ਿਪ ਸਕੀਮ ਦਾ ਲਾਭ 4000 ਰੁਪਏ/-ਪ੍ਰਤੀ ਮਹੀਨਾ ਦਿੱਤਾ ਜਾਂਦਾ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਫਾਜ਼ਿਲਕਾ ਦੇ 107 ਬੱਚਿਆਂ ਨੂੰ ਸਪਾਂਸਰਸ਼ਿਪ ਦਾ ਲਾਭ ਦਿੱਤਾ ਜਾ ਰਿਹਾ ਹੈ।

ਜਿਲ੍ਹਾ ਬਾਲ ਸੁਰੱਖਿਆ ਅਫ਼ਸਰ ਰੀਤੂ ਬਾਲਾ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਨਵਦੀਪ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਨੂੰ ਕੋਈ ਅਜਿਹਾ ਲੋੜਵੰਦ ਜਾਂ ਬੇਸਹਾਰਾ ਬੱਚਾ ਨਜ਼ਰ ਆਉਂਦਾ ਹੈ ਤਾਂ ਤੁਰੰਤ ਹੀ ਇਸ ਸਬੰਧੀ ਸੂਚਨਾ ਚਾਇਲਡ ਹੈਲਪ ਲਾਇਨ ਨੰਬਰ 1098 ਤੇ ਜਾਣਕਾਰੀ ਦੇਣਾ ਯਕੀਨੀ ਬਣਾਇਆ ਜਾਵੇ।

ਸਕੀਮ ਸਬੰਧੀ ਜਾਣਕਾਰੀ ਹਾਸਲ ਕਰਨ ਲਈ ਦਫਤਰ ਡਿਪਟੀ ਕਮਿਸ਼ਨਰ, ਏ-ਬਲਾਕ, ਤੀਸਰੀ ਮੰਜ਼ਿਲ, ਕਮਰਾ ਨੰ. 405 ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਨਾਲ ਸੰਪਰਕ ਕਰ ਸਕਦਾ ਹੈ।

ਇਸ ਮੌਕੇ ਹੋਰ ਦਫਤਰੀ ਸਟਾਫ ਅਤੇ ਪਤਵੰਤੇ ਸੱਜਨ ਮੌਜੂਦ ਸਨ।

# ਕਮਿਸ਼ਨਰ ਨੇ ਕੌਂਸਲਰਾਂ ਦੀਆਂ ਸਮੱਸਿਆਵਾਂ ਸੁਣੀਆਂ

**ਨਾਰਾਇਣਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਨਗਰ ਕਮਿਸ਼ਨਰ ਅੰਬਾਲਾ (ਡੀਐੱਮਸੀ) ਸਚਿਨ ਗੁਪਤਾ ਨੇ ਅੱਜ ਇੱਥੇ ਕਾਨਫਰੰਸ ਹਾਲ (ਐੱਸਡੀਐੱਮ ਦਫ਼ਤਰ) ਵਿੱਚ ਨਗਰ ਕੌਂਸਲਰਾਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਨਗਰਪਾਲਿਕਾ ਨਰਾਇਣਗੜ੍ਹ ਖੇਤਰ ਵਿੱਚ ਵਿਕਾਸ ਕਾਰਜਾਂ ਅਤੇ ਸਫਾਈ ਪ੍ਰਣਾਲੀ ਸਬੰਧੀ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਐਸਡੀਐਮ ਸ਼ਾਸ਼ਵਤ ਸਾਂਗਵਾਨ, ਨਗਰ ਕੌਂਸਲ ਪ੍ਰਧਾਨ ਰਿੰਕੀ ਵਾਲੀਆ, ਉਪ ਪ੍ਰਧਾਨ ਆਇਨਾ ਗੁਪਤਾ, ਸਕੱਤਰ ਮੋਹਿਤ ਕੁਮਾਰ, ਐੱਮਈ ਹਰੀਸ਼ ਸ਼ਰਮਾ, ਲੇਖਾਕਾਰ ਅਸ਼ਵਨੀ, ਜੇਈ ਗੁਰਜੀਤ ਅਤੇ ਸੈਨੀਟੇਸ਼ਨ ਇੰਸਪੈਕਟਰ ਵਿਨੋਦ ਬੇਨੀਵਾਲ ਆਦਿ ਮੌਜੂਦ ਸਨ।

ਮੀਟਿੰਗ ਵਿੱਚ ਕੌਂਸਲਰਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਡੀਐੱਮਸੀ ਸਚਿਨ ਗੁਪਤਾ ਨੇ ਕਿਹਾ ਕਿ ਨਾਰਾਇਣਗੜ੍ਹ ਨੂੰ ਮਾਡਲ ਸ਼ਹਿਰ ਬਣਾਉਣ ਲਈ ਇਸ ਨੂੰ ਧਿਆਨ ਵਿੱਚ ਰੱਖ ਕੇ ਕੰਮ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਫ਼ਾਈ ਦੇ ਕੰਮ ਵਿੱਚ ਕੋਈ ਵੀ ਢਿੱਲ ਨਹੀਂ ਵਰਤੀ ਜਾਣੀ ਚਾਹੀਦੀ। ਉਨ੍ਹਾਂ ਕਿਹਾ ਕਿ ਨਗਰ ਪਾਲਿਕਾ ਦੇ ਸਾਰੇ 15 ਵਾਰਡਾਂ ਵਿੱਚ 9 ਫਰਵਰੀ ਤੱਕ ਸੀ ਐਂਡ ਡੀ ਕੂੜਾ ਚੁੱਕਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਗਰ ਪਾਲਿਕਾ ਨੂੰ ਅਜਿਹੇ ਪ੍ਰਾਜੈਕਟ ਬਣਾਉਣੇ ਚਾਹੀਦੇ ਹਨ ਤਾਂ ਜੋ ਨਰਾਇਣਗੜ੍ਹ ਸ਼ਹਿਰ ਸਾਫ਼-ਸੁਥਰਾ ਬਣ ਸਕੇ ਅਤੇ ਇੱਕ ਮਾਡਲ ਸ਼ਹਿਰ ਵਜੋਂ ਵਿਕਸਤ ਹੋ ਸਕੇ।

ਡੀਐੱਮਸੀ ਸਚਿਨ ਗੁਪਤਾ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਨਗਰ ਨਿਗਮ ਦੀ ਜ਼ਮੀਨ ਦੀ ਨਿਸ਼ਾਨਦੇਹੀ ਕਰਨ ਅਤੇ ਇਸ 'ਤੇ ਚਾਰਦੀਵਾਰੀ, ਕੰਡਿਆਲੀ ਤਾਰ ਦੀ ਵਾੜ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ 10 ਮਾਰਚ ਤੱਕ ਸ਼ਹਿਰ ਦੀਆਂ ਸਾਰੀਆਂ ਸਟਰੀਟ ਲਾਈਟਾਂ ਨੂੰ ਐਲਈਡੀ ਲਾਈਟਾਂ ਨਾਲ ਲਗਾਇਆ ਜਾਵੇ ਅਤੇ ਇਸ ਸਬੰਧੀ ਟੈਂਡਰ ਸਬੰਧੀ ਕਾਰਵਾਈ ਜਲਦੀ ਪੂਰੀ ਕੀਤੀ ਜਾਵੇ। ਉਨ੍ਹਾਂ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਕਰਨ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਗਲੀ-ਮੁਹੱਲੇ ਦੇ ਕੁੱਤਿਆਂ ਅਤੇ ਬਾਂਦਰਾਂ ਦੀ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਨਿਯਮਾਂ ਅਨੁਸਾਰ ਢੁਕਵੇਂ ਕਦਮ ਚੁੱਕਣ ਦੇ ਵੀ ਨਿਰਦੇਸ਼ ਦਿੱਤੇ।

ਕੌਂਸਲ ਚੋਣਾਂ ਦੇ ਐਲਾਨ ਮਗਰੋਂ ਜਾਖਲ ਵਿੱਚ ਸਿਆਸਤ ਭਖ ਗਈ ਹੈ। ਕਾਂਗਰਸ ਅਤੇ ਭਾਜਪਾ ਦੇ ਆਗੂਆਂ ਅਤੇ ਵਰਕਰਾਂ ਨੇ ਚੋਣਾਂ ਜਿੱਤਣ ਲਈ ਮੀਟਿੰਗਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ। ਸੂਬੇ ਦੀ ਸੀਮਾ 'ਤੇ ਪੈਂਦੀ ਜਾਖਲ ਮੰਡੀ ਉਪਮੰਡਲ ਟੋਹਾਣਾ ਦੀ ਉਪ ਤਹਿਸੀਲ ਜਾਖਲ 10 ਸਾਲ ਪਹਿਲਾਂ ਪੰਚਾਇਤੀ ਰਾਜ ਸੀ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਵਿਦਿਆਰਥਣਾਂ ਵਿੱਚੋਂ ਅਨੀਮੀਆ ਦੀ ਸਮੱਸਿਆ ਨੂੰ ਦੂਰ ਕਰਨ ਦੇ ਮੰਤਵ ਨਾਲ ਖ਼ੂਨ ਜਾਂਚ ਮੁਹਿੰਮ ਦੀ ਕੀਤੀ ਜਾਵੇਗੀ ਸ਼ੁਰੂਆਤ

**ਤਰਨ ਤਾਰਨ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲਾ ਤਰਨ ਤਾਰਨ ਦੇ ਸਰਕਾਰੀ ਸਕੂਲਾਂ ਦੇ ਵਿੱਚ ਪੜ੍ਹਨ ਵਾਲੀਆਂ ਵਿਦਿਆਰਥਣਾਂ ਵਿੱਚੋਂ ਅਨੀਮੀਆ ਦੀ ਸਮੱਸਿਆ ਨੂੰ ਦੂਰ ਕਰਨ ਦੇ ਮੰਤਵ ਨਾਲ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ 09 ਫਰਵਰੀ ਨੂੰ ਸਥਾਨਕ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਤੋਂ ਖ਼ੂਨ ਜਾਂਚ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ, ਇਨਾ ਗੱਲਾਂ ਦਾ ਪ੍ਰਗਟਾਵਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਆਈ. ਏ. ਐਸ. ਵੱਲੋਂ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕੀਤਾ।

ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿੱਚ ਪੜ੍ਹਨ ਵਾਲੀਆਂ ਵਿਦਿਆਰਥਣਾਂ ਦੀ ਚੰਗੀ ਅਤੇ ਨਰੋਈ ਸਿਹਤ ਲਈ ਹੀਮੋਗਲੋਬਿਨ ਲੈਵਲ ਜਾਂਚ ਮੁਹਿੰਮ ਦੇ ਸ਼ੁਰੂਆਤ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਤਰਨ ਤਾਰਨ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੀਆਂ ਲਗਭਗ 30 ਹਜਾਰ ਵਿਦਿਆਰਥਣਾਂ ਦੇ ਖ਼ੂਨ ਦੀ ਜਾਂਚ ਵਿਸ਼ੇਸ਼ ਉਪਕਰਨਾਂ ਰਾਹੀਂ ਕੀਤੀ ਜਾਵੇਗੀ, ਅਤੇ ਜਿਹੜੀਆਂ ਵੀ ਵਿਦਿਆਰਥਣਾਂ ਅਨੀਮੀਆ ਦੀ ਸਮੱਸਿਆ ਤੋ ਪ੍ਰਭਾਵਿਤ ਪਾਈਆਂ ਜਾਣਗੀਆਂ, ਉਹਨਾਂ ਦਾ ਇਲਾਜ ਜਲਦ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਜਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾਣਗੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ ਸਿਹਤ ਵਿਭਾਗ, ਸਿੱਖਿਆ ਵਿਭਾਗ, ਬਾਲ ਵਿਕਾਸ ਵਿਭਾਗ ਅਤੇ ਹੋਰ ਵਿਭਾਗਾਂ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਜਿਲੇ ਦੇ ਵਿੱਚ ਚਲਾਇਆ ਜਾਵੇਗਾ। ਉਹਨਾਂ ਕਿਹਾ ਕਿ ਅਨੀਮਿਆ ਦੀ ਸਮੱਸਿਆ ਕਾਰਨ ਸਰੀਰਕ ਅਤੇ ਮਾਨਸਿਕ ਵਿਕਾਸ ਉੱਤੇ ਮਾੜਾ ਪ੍ਰਭਾਵ ਪੈਂਦਾ ਹੈ, ਪਰ ਪੰਜਾਬ ਸਰਕਾਰ ਵੱਲੋਂ ਆਪਣੀ ਇਸ ਵਿਸ਼ੇਸ਼ ਮੁਹਿੰਮ ਰਾਹੀਂ ਸਕੂਲ ਪੜ੍ਹਦੀਆਂ ਲੜਕੀਆਂ ਵਿੱਚੋਂ ਅਨੀਮੀਆ ਦੀ ਸੱਮਸਿਆ ਨੂੰ ਦੂਰ ਕਰਨ ਦੇ ਯਤਨ ਕੀਤੇ ਜਾਣਗੇ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ 10 ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਜਿਨਾਂ ਵੱਲੋਂ ਮੁਹਿੰਮ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਛੇਵੀਂ ਤੋਂ 12ਵੀਂ ਜਮਾਤ ਵਿੱਚ ਪੜਨ ਵਾਲੀਆਂ ਵਿਦਿਆਰਥਣਾਂ ਦੇ ਖ਼ੂਨ ਦੀ ਜਾਂਚ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਟੀਮਾਂ ਵੱਲੋਂ ਵਿਦਿਆਰਥਣਾਂ ਦੇ ਕੱਦ, ਭਾਰ ਅਤੇ ਮਾਸ-ਪੇਸ਼ੀਆਂ ਦਾ ਵੀ ਨਿਰੀਖਣ ਕੀਤਾ ਜਾਵੇਗਾ।

ਉਹਨਾਂ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ ਸਿਹਤ ਵਿਭਾਗ ਨੂੰ ਵਿਸ਼ੇਸ਼ ਉਪਕਰਨ ਮੁਹੱਈਆ ਕਰਵਾਏ ਗਏ ਹਨ, ਜਿਨਾਂ ਰਾਹੀਂ ਵਿਦਿਆਰਥਣਾਂ ਨੂੰ ਬਿਨਾਂ ਸੂਈ ਚੁਭਾਏ ਹੀਮੋਗਲੋਬਿਨ ਲੈਵਲ ਦਾ ਪਤਾ ਲਗਾਇਆ ਜਾ ਸਕੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਹੜੀਆਂ ਵੀ ਬੱਚੀਆਂ ਨੂੰ ਅਨੀਮੀਆ ਦੀ ਸਮੱਸਿਆ ਤੋਂ ਪੀੜਤ ਪਾਈਆਂ ਜਾਣਗੀਆਂ, ਉਹਨਾਂ ਦੀ ਸੂਚੀ ਤਿਆਰ ਕਰਕੇ ਉਹਨਾਂ ਦੇ ਇਲਾਜ ਨੂੰ ਸ਼ੁਰੂ ਕੀਤਾ ਜਾਵੇਗਾ।

# ਦੇਸ਼ ਦੀਆਂ ਜੇਲ੍ਹਾਂ ਵਿੱਚ ਬੰਦ ਔਰਤਾਂ ਦੇ ਜੀਵਨ ਪੱਧਰ ’ਚ ਸੁਧਾਰ ਲਈ ਕੌਮੀ ਮਹਿਲਾ ਕਮਿਸ਼ਨ ਵਚਨਬੱਧ : ਡਾ. ਮਨਮੋਹਨ ਸ਼ਰਮਾ

## ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ ਵਿਖੇ ‘ਜੇਲ੍ਹਾਂ ’ਚ ਬੰਦੀ ਔਰਤਾਂ ਨਾਲ ਸਬੰਧਤ ਕਾਨੂੰਨ’ ਬਾਰੇ ਕਾਨੂੰਨ ਸਲਾਹ ਪ੍ਰੋਗਰਾਮ ਮੌਕੇ ਬੰਦੀ ਮਹਿਲਾਵਾਂ ਦੇ ਜੀਵਨ ’ਚ ਸੁਧਾਰ ਬਾਰੇ ਚਰਚਾ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਮਹਿਲਾ ਕਮਿਸ਼ਨ, ਨਵੀਂ ਦਿੱਲੀ ਵੱਲੋਂ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ, ਪੰਜਾਬ ਦੇ ਸਹਿਯੋਗ ਨਾਲ ਭਾਰਤ ਦੇ ਉੱਤਰ-ਪੱਛਮੀ ਖੇਤਰ ਲਈ ‘ਜੇਲ੍ਹਾਂ ’ਚ ਬੰਦੀ ਔਰਤਾਂ ਨਾਲ ਸਬੰਧਤ ਕਾਨੂੰਨ’ ਬਾਰੇ ਇੱਕ ਕਾਨੂੰਨ ਸਲਾਹ ਪ੍ਰੋਗਰਾਮ ਕਰਵਾਇਆ ਗਿਆ।



ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਮਹਿਲਾ ਕਮਿਸ਼ਨ ਦੇ ਕਾਨੂੰਨ ਅਫ਼ਸਰ ਡਾ. ਮਨਮੋਹਨ ਸ਼ਰਮਾ ਨੇ ਕਿਹਾ ਕਿ ਕੌਮੀ ਮਹਿਲਾ ਕਮਿਸ਼ਨ ਇਸ ਗੱਲੋਂ ਵਚਨਬੱਧ ਹੈ ਕਿ ਦੇਸ਼ ਦੀਆਂ ਜੇਲ੍ਹਾਂ ਵਿੱਚ ਬੰਦ ਮਹਿਲਾਵਾਂ ਦੇ ਜੀਵਨ ਪੱਧਰ ਨੂੰ ਉਚਾ ਚੁੱਕਣ ਤੇ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਂਦਾ ਜਾਵੇ ਤਾਂ ਕਿ ਉਹ ਰਿਹਾਅ ਹੋ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਸਨਮਾਨਯੋਗ ਢੰਗ ਨਾਲ ਵਿਚਰਨ ਦੇ ਯੋਗ ਹੋ ਸਕਣ।

ਉਨ੍ਹਾਂ ਕਿਹਾ ਕਿ ਇਸੇ ਲਈ ਕਮਿਸ਼ਨ ਨੇ ਖੋਜ, ਅਕਾਦਮਿਕ ਅਤੇ ਕਾਨੂੰਨੀ ਸੋਧਾਂ ਦੇ ਮਾਮਲੇ ਵਿੱਚ ‘ਸੰਸਥਾਗਤ ਸਹਿਯੋਗ’ ਲਈ ਅਜਿਹੇ ਪ੍ਰੋਗਰਾਮ ਉਲੀਕੇ ਗਏ ਹਨ, ਜਿਸ ਨਾਲ ਵੱਖ-ਵੱਖ ਰਾਜਾਂ ਵਿੱਚ ਮਹਿਲਾ ਕੈਦੀਆਂ ਨਾਲ ਸਬੰਧਤ ਕਾਨੂੰਨਾਂ ਵਿੱਚ ਭਾਰੀ ਅਤੇ ਬਹੁਤ ਹੀ ਕਾਰਜਸ਼ੀਲ ਸੁਧਾਰ ਹੋ ਸਕਦੇ ਹਨ।ਉਦਘਾਟਨੀ ਸਮਾਰੋਹ ਵਿੱਚ ਕਾਨੂੰਨ ਸਲਾਹ ਪ੍ਰੋਗਰਾਮ ਦੀ ਕਨਵੀਨਰ ਡਾ. ਜਸਲੀਨ ਕੇਵਲਾਨੀ ਦੁਆਰਾ ਸੰਪਾਦਿਤ ‘ਤਕਨਾਲੋਜੀ, ਮੀਡੀਆ ਅਤੇ ‘ਯੂਥ’: ਐਕਸਪਲੋਰਿੰਗ ਦ ਕੰਟੈਕਸਟ ਆਫ ਸਸਟੇਨੇਬਲ ਡਿਵੈਲਪਮੈਂਟ ਐਂਡ ਗ੍ਰੋਥ’ ਨਾਮਕ ਇੱਕ ਕਿਤਾਬ ਵੀ ਜਾਰੀ ਕੀਤੀ ਗਈ। ਡਾ. ਜਸਲੀਨ ਕੇਵਲਾਨੀ ਨੇ ਕਿਹਾ ਕਿ ਇਹ ਸਮਾਗਮ ਇਤਿਹਾਸਕ ਹੋ ਨਿਬੜਿਆ ਹੈ, ਕਿਉਂਜੋ ਇਸ ਵਿੱਚ ਜੇਲ੍ਹਾਂ ਵਿੱਚ ਬੰਦ ਔਰਤਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣ ਲਈ ਨਿੱਠ ਕੇ ਚਰਚਾ ਕੀਤੀ ਗਈ ਹੈ, ਜੋ ਕਿ ਮੌਜੂਦਾ ਕਾਨੂੰਨਾਂ ਵਿੱਚ ਪ੍ਰਭਾਵਸ਼ਾਲੀ ਸੁਧਾਰ ਕਰਨ ਅਤੇ ਨੀਤੀ ਨਿਰਮਾਣ ਅਤੇ ਕਾਰਜਸ਼ੀਲ ਸੋਧਾਂ ਵੱਲ ਲੈ ਜਾਵੇਗੀ।

ਪ੍ਰੋਗਰਾਮ ਮੌਕੇ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਦੇ ਡੀਨ ਅਕਾਦਮਿਕ ਪ੍ਰੋ. ਨਰੇਸ਼ ਵਤਸ ਨੇ ਧੰਨਵਾਦ ਕਰਦਿਆਂ ਦੱਸਿਆ ਕਿ ਸਲਾਹ-ਮਸ਼ਵਰਾ ਪ੍ਰੋਗਰਾਮ ਨੇ ਚਾਰ ਅਕਾਦਮਿਕ ਸੈਸ਼ਨਾਂ ਵਿੱਚ ਮਾਹਿਰਾਂ ਦੁਆਰਾ ਵਿਚਾਰ-ਵਟਾਂਦਰੇ ਨੂੰ ਰਿਕਾਰਡ ਕੀਤਾ ਗਿਆ ਅਤੇ ਇਸ ਦੌਰਾਨ ਦਿੱਤੀਆਂ ਗਈਆਂ ਸਿਫ਼ਾਰਸ਼ਾਂ ਨੂੰ ਖੋਜ ਟੀਮ ਨੇ ਰਿਕਾਰਡ ਕੀਤਾ, ਜਿਸ ਨੂੰ ਕੌਮੀ ਮਹਿਲਾ ਕਮਿਸ਼ਨ ਨੂੰ ਭੇਜਿਆ ਜਾਵੇਗਾ ਅਤੇ ਇਸ ਦੁਆਰਾ ਜੇਲਾਂ ਵਿੱਚ ਬੰਦ ਮਹਿਲਾਵਾਂ ਦੇ ਜੀਵਨ ਵਿੱਚ ਸੁਧਾਰ ਹਿਤ ਮੌਜੂਦਾ ਕਾਨੂੰਨਾਂ ਵਿੱਚ ਹੋਰ ਸੁਧਾਰ ਲਿਆਉਣ ਵੱਲ ਕਦਮ ਵਧਾਏ ਜਾਣਗੇ।

ਇਸ ਪ੍ਰੋਗਰਾਮ ਮੌਕੇ ਪੰਜਾਬ, ਹਿਮਾਚਲ ਪ੍ਰਦੇਸ਼, ਉਤਰਾਖੰਡ, ਲੱਦਾਖ ਅਤੇ ਜੰਮੂ ਅਤੇ ਕਸ਼ਮੀਰ ‘ਤੇ ਧਿਆਨ ਕੇਂਦਰਿਤ ਕਰਦੇ ਹੋਏ ਨਿਆਂਪਾਲਿਕਾ, ਪੁਲਿਸ ਅਤੇ ਜੇਲ੍ਹ ਪ੍ਰਸ਼ਾਸਨ, ਕਾਨੂੰਨੀ ਸਹਾਇਤਾ, ਕਾਨੂੰਨੀ ਅਤੇ ਵਿਦਿਅਕ ਸੰਸਥਾਵਾਂ, ਮੈਡੀਸਿਨ, ਖੇਡਾਂ, ਬਾਲ ਨਿਆਂ ਬੋਰਡਾਂ ਦੇ ਰਿਸੋਰਸ ਪਰਸਨ ਵਜੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਪਰਮਜੀਤ ਸਿੰਘ ਧਾਲੀਵਾਲ, ਹਰਿਆਣਾ ਦੇ ਸਾਬਕਾ ਡੀਜੀਪੀ ਜੇਲਾਂ ਡਾ. ਕੇ.ਪੀ. ਸਿੰਘ, ਫ਼ਤਹਿਗੜ੍ਹ ਸਾਹਿਬ ਦੇ ਐਸ.ਐਸ.ਪੀ. ਡਾ. ਰਵਜੋਤ ਗਰੇਵਾਲ, ਕੌਮੀ ਮਹਿਲਾ ਕਮਿਸ਼ਨ ਦੇ ਸਲਾਹਕਾਰ ਬੋਰਡ ਦੇ ਮੈਂਬਰ ਅੰਜਨਾ ਬਿੰਦਲਾ, ਕੇਂਦਰੀ ਜੇਲ੍ਹ ਪਟਿਆਲਾ ਦੇ ਸੁਪਰਡੈਂਟ ਵਰੁਣ ਸ਼ਰਮਾ, ਪੰਜਾਬ ਜੇਲ੍ਹ ਸਿਖਲਾਈ ਸਕੂਲ, ਪਟਿਆਲਾ ਦੇ ਵਾਈਸ ਪ੍ਰਿੰਸੀਪਲ ਮੁਕੇਸ਼ ਕੁਮਾਰ, ਪੰਜਾਬ ਸਟੇਟ ਲੀਗਲ ਸਰਵਿਸ ਅਥਾਰਟੀ ਦੇ ਮੈਂਬਰ ਸਕੱਤਰ ਮਨਜਿੰਦਰ ਸਿੰਘ ਵੀ ਸ਼ਾਮਲ ਹੋਏ।ਇਸ ਮੌਕੇ ਡੀਨ ਖੋਜ ਡਾ. ਕਮਲਜੀਤ ਕੌਰ, ਕਾਰਜਕਾਰੀ ਰਜਿਸਟਰਾਰ ਡਾ. ਇਵਨੀਤ ਵਾਲੀਆ ਤੇ ਕਾਨੂੰਨ ਸਲਾਹ ਪ੍ਰੋਗਰਾਮ ਦੀ ਸਹਿ-ਕਨਵੀਨਰ ਡਾ. ਰਚਨਾ ਸ਼ਰਮਾ ਵੀ ਮੌਜੂਦ ਸਨ।

# ਨਿਗਮ ਕਮਿਸ਼ਨਰ ਵੱਲੋਂ ਪਟਿਆਲਾ ਸ਼ਹਿਰ ਦੀਆਂ ਸੜਕਾਂ ’ਤੇ ਆਵਾਜਾਈ ਸੁਚਾਰੂ ਤੇ ਨਿਯਮਿਤ ਕਰਨ ਲਈ ਨਵੀਆਂ ਤਜਵੀਜ਼ਾਂ ’ਤੇ ਵਿਚਾਰ

## ਆਵਾਜਾਈ ਦਰੁਸਤ ਕਰਨ ਲਈ ਬਾਜ਼ਾਰਾਂ ’ਚ ਨਾਜਾਇਜ਼ ਕਬਜ਼ਿਆਂ ਨੂੰ ਹਟਾਇਆ ਜਾਵੇਗਾ



**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਦੇ ਕਮਿਸ਼ਨਰ ਡਾ. ਰਜਤ ਓਬਰਾਏ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਇੱਕ ਵਿਸ਼ੇਸ਼ ਬੈਠਕ ਮੌਕੇ ਸ਼ਹਿਰ ਦੀਆਂ ਸੜਕਾਂ ‘ਤੇ ਆਵਾਜਾਈ ਸੁਚਾਰੂ ਤੇ ਨਿਯਮਿਤ ਕਰਨ ਲਈ ਨਵੀਆਂ ਤਜਵੀਜ਼ਾਂ ‘ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਐਸ.ਪੀ ਸਿਟੀ ਸਰਫਰਾਜ ਆਲਮ, ਖੇਤਰੀ ਟਰਾਂਸਪੋਰਟ ਅਫ਼ਸਰ ਨਮਨ ਮਾਰਕੰਨ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਡਾ. ਰਜਤ ਓਬਰਾਏ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੇ ਨਿਰਦੇਸ਼ਾਂ ਅਨੁਸਾਰ ਹੋਈ ਇਸ ਬੈਠਕ ਦੌਰਾਨ ਇਹ ਵਿਚਾਰ ਕੀਤਾ ਗਿਆ ਕਿ ਸ਼ਹਿਰ ਦੇ ਅੰਦਰੂਨੀ ਹਿੱਸਿਆਂ ਵਿੱਚ ਭੀੜ ਨੂੰ ਰੋਕਣ ਲਈ ਤੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਵੇਰੇ 7 ਵਜੇ ਤੋਂ ਸ਼ਾਮ 8 ਵਜੇ ਤੱਕ ਹੈਵੀ ਵਾਹਨਾਂ ਦੀ ਆਵਾਜਾਈ ਉਪਰ ਰੋਕ ਲਗਾਉਣ ਦੀ ਤਜਵੀਜ਼ ਉੱਪਰ ਵਿਚਾਰ ਕੀਤਾ ਜਾਵੇਗਾ।

ਇਸ ਤੋਂ ਇਲਾਵਾ ਭੁਪਿੰਦਰਾ ਰੋਡ ‘ਤੇ ਯੂ ਟਰਨ ਨੂੰ ਬੰਦ ਕਰਨ ਦੀ ਤਜਵੀਜ਼ ਵੀ ਘੋਖੀ ਜਾਵੇਗੀ। ਜਦੋਂ ਕਿ ਪਾਸੀ ਰੋਡ ਤੋਂ ਥਾਪਰ ਯੂਨੀਵਰਸਿਟੀ ਦੇ ਟੀ ਪੁਆਇੰਟ ਤੱਕ ਵਾਤਾਵਰਣ ਪਾਰਕ ਤੋਂ ਸਰਵਿਸ ਲੇਨ ਬਣਾਉਣ ਦੀ ਯੋਜਨਾ ਬਾਬਤ ਸਬੰਧਤ ਵਿਭਾਗਾਂ ਨਾਲ ਗੱਲਬਾਤ ਕਰਕੇ ਇਸ ਤਜਵੀਜ਼ ਨੂੰ ਘੋਖਿਆ ਜਾਵੇਗਾ।

ਡਾ. ਰਜਤ ਓਬਰਾਏ ਨੇ ਦੱਸਿਆ ਕਿ ਇਸੇ ਤਰ੍ਹਾਂ ਸ਼ਹਿਰ ਵਿੱਚ ਪਾਰਕਿੰਗ ਦੀ ਸਮੱਸਿਆ ਦੇ ਹੱਲ ਲਈ ਸਿਟੀ ਸੈਂਟਰ ਦੀ ਪਾਰਕਿੰਗ ਬਾਰੇ ਨਗਰ ਸੁਧਾਰ ਟਰਸਟ ਨਾਲ ਰਾਬਤਾ ਕੀਤਾ ਜਾਵੇਗਾ ਅਤੇ ਸ਼ਹਿਰ ਵਿੱਚ ਹੋਰ ਪਾਰਕਿੰਗ ਥਾਂਵਾਂ ਦੀ ਤਲਾਸ਼ ਕੀਤੀ ਜਾਵੇਗੀ।

ਇਸੇ ਤਰ੍ਹਾਂ ਨਿਰਵਿਘਨ ਆਵਾਜਾਈ ਲਈ ਸ਼ਹਿਰ ਅੰਦਰਲੇ ਸਕੂਲਾਂ ਤੇ ਕਾਲਜਾਂ ਦੀ ਛੁੱਟੀ ਦਾ ਸਮਾਂ ਵੱਖ-ਵੱਖ ਕਰਨ ਲਈ ਸਕੂਲ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ ਜਾਵੇਗੀ।

ਇਸ ਬੈਠਕ ਮੌਕੇ ਸੰਯੁਕਤ ਕਮਿਸ਼ਨਰ ਦੀਪਜੋਤ ਕੌਰ ਅਤੇ ਬਬਨਦੀਪ ਸਿੰਘ ਵਾਲੀਆ, ਡੀਐਸਪੀ ਟ੍ਰੈਫਿਕ ਅੱਛਰੂ ਰਾਮ, ਐਕਸੀਐਨ ਲੋਕ ਨਿਰਮਾਣ ਪਿਯੂਸ਼ ਅਗਰਵਾਲ, ਲੈਂਡ ਬਰਾਂਚ ਦੇ ਅਧਿਕਾਰੀ ਆਦਿ ਵੀ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ ਚ ਮਾਪੇ ਅਧਿਆਪਕ ਮਿਲਣੀ



**ਪਾਤੜਾਂ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਆਦੇਸ਼ ਅਨੁਸਾਰ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਪ੍ਰਿੰਸਪਲ ਡਾਕਟਰ ਜਤਿੰਦਰ ਕੁਮਾਰ ਬਾਂਸਲ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਾਤੜਾਂ ਵਿੱਚ ਅਧਿਆਪਕ ਮਾਪੇ ਮਿਲਣੀ ਕਰਵਾਈ ਗਈ।

ਸਮਾਜ ਸੇਵੀ ਬ੍ਰਿਸ਼ਭਾਨ ਬੁਜਰਕ ਨੇ ਦੱਸਿਆ ਕਿ ਮੀਟਿੰਗ ਦਾ ਉਦੇਸ਼ ਬੱਚਿਆਂ ਦੀ ਪ੍ਰੀ ਬੋਰਡ ਪੇਪਰਾਂ ਦੀ ਕਾਰਗੁਜ਼ਾਰੀ ਬਾਰੇ ਮਾਤਾ ਪਿਤਾ ਨੂੰ ਦੱਸਣ, ਸਕੂਲ ਵਿੱਚ ਚੱਲ ਰਹੀਆਂ ਸਕੀਮਾਂ ਅਤੇ ਵਜ਼ੀਫਾ ਸਕੀਮਾਂ ਅਤੇ ਆਉਣ ਵਾਲੇ ਸਾਲ ਲਈ ਦਾਖਲੇ ਨੂੰ ਉਤਸ਼ਾਹਿਤ ਕਰਨਾ ਰਿਹਾ। ਮਾਤਾ ਪਿਤਾ ਨੂੰ ਬੱਚਿਆਂ ਦੀ ਕਾਰਗੁਜ਼ਾਰੀ ਬਾਰੇ ਦੱਸਿਆ ਗਿਆ ਤਾਂ ਜੋ ਉਹ ਆਉਣ ਵਾਲੇ ਪੱਕੇ ਪੇਪਰਾਂ ਲਈ ਬੱਚਿਆਂ ਵੱਲ ਧਿਆਨ ਦੇ ਸਕਣ ਅਤੇ ਜਿਹੜੇ ਵਿਸ਼ੇ ਵਿੱਚ ਬੱਚੇ ਕਮਜ਼ੋਰ ਹਨ ਜਾਂ ਬੱਚਿਆਂ ਦੇ ਨੰਬਰ ਘੱਟ ਆਏ ਹਨ ਤਾਂ ਉਹ ਉਹਨਾਂ ਵਿਸ਼ਿਆਂ ਦੀ ਪੜ੍ਹਾਈ ਵੱਲ ਬੱਚਿਆਂ ਦਾ ਧਿਆਨ ਦੇਣ ਤਾਂ ਕਿ ਆਉਣ ਵਾਲੇ ਸਮੇਂ ਤੇ ਪੇਪਰਾਂ ਵਿੱਚ ਬੱਚਿਆਂ ਦਾ ਨਤੀਜਾ ਸੋ ਪ੍ਰਤੀਸ਼ਤ ਆ ਸਕੇ।

# ਰਾਣੀ ਲਕਸ਼ਮੀ ਬਾਈ ਆਤਮ ਰਕਸ਼ਾ ਪ੍ਰਤੀਯੋਗਤਾ ਤਹਿਤ ਲੜਕੀਆਂ ਦੇ ਸੈਲਫ ਡਿਫੈਂਸ ਮੁਕਾਬਲੇ ਆਯੋਜਿਤ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਣੀ ਲਕਸ਼ਮੀ ਬਾਈ ਆਤਮ ਰਕਸ਼ਾ ਪ੍ਰਤੀਯੋਗਤਾ ਤਹਿਤ ਸੀਨੀ. ਸੈਕੰ./ ਹਾਈ/ਮਿਡਲ ਸਕੂਲਾਂ ਦੀਆਂ ਲੜਕੀਆਂ ਦੇ ਸੈਲਫ ਡਿਫੈਂਸ (ਕਰਾਟੇ) ਬਲਾਕ ਪੱਧਰੀ ਮੁਕਾਬਲੇ ਭੁਨਰਹੇੜੀ-2 ਸਸਸਸ (ਕੰ) ਸਨੌਰ, ਪਟਿਆਲਾ ਵਿਖੇ ਪ੍ਰਿੰਸੀਪਲ ਡਾ. ਸ਼੍ਰੀਮਤੀ ਕਰਮਜੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆਂ) ਸਨੌਰ, ਪਟਿਆਲਾ, ਬਲਾਕ ਨੋਡਲ ਅਫਸਰ ਅਤੇ ਹੈਡ ਮਾਸਟਰ ਨਵਨੀਤ ਸਿੰਘ ਅਤੇ ਬੀ. ਪੀ. ਈ. ਓਂ ਭੁੰਨਰਹੇੜੀ-2 ਸ਼੍ਰੀਮਤੀ ਨੀਰੂ ਬਾਲਾ ਦੀ ਅਗਵਾਈ ਹੇਠ ਕਰਵਾਏ ਗਏ। ਉਨ੍ਹਾਂ ਵੱਲੋ ਜਿ ?ਲਾ ਸਿੱਖਿਆ ਅਫਸਰ (ਸੈ. ਸਿ.) ਪਟਿਆਲਾ ਸੰਜੀਵ ਸ਼ਰਮਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਲੜਕੀਆਂ ਦੀ ਆਤਮ ਰਕਸ਼ਾ ਅਧੀਨ ਕਰਵਾਏ ਜਾ ਰਹੇ ਮੁਕਾਬਲਿਆਂ ਨੂੰ ਬਹੁਤ ਹੀ ਸ਼ਲਾਘਾਯੋਗ ਕਦਮ ਦੱਸਿਆ ਗਿਆ। ਇਸ ਸਬੰਧੀ ਬਲਾਕ ਨੋਡਲ ਅਫਸਰ ਅਤੇ ਹੈਡ ਮਾਸਟਰ ਸ. ਨਵਨੀਤ ਸਿੰਘ ਵਲੋਂ ਦੱਸਿਆ ਗਿਆ ਕਿ ਇੰਨਾਂ ਮੁਕਾਬਲਿਆਂ ਅਧੀਨ ਬਲਾਕ ਭੁਨਰਹੇੜੀ-2 ਦੇ ਸਰਕਾਰੀ ਸਕੂਲਾਂ ਦੇ ਛੇਵੀਂ ਤੋ ਬਾਰਵੀਂ ਜਮਾਤ ਦੇ ਲਗਭਗ 100 ਵਿਦਿਆਰਥਣਾਂ ਵੱਲੋ ਭਾਗ ਲਿਆ ਗਿਆ, ਜਿਨ੍ਹਾਂ ਵਿਚੋਂ 35 ਕਿਲੋ ਭਾਰ ਵਰਗ ਵਿੱਚ ਸਹਸ ਨੈਣ ਕਲਾਂ, 40 ਕਿਲੋਂ ਭਾਰ ਵਰਗ ਵਿੱਚ ਸਮਿਸ ਖਾਕਟਾਂ ਖੁਰਦ, 45 ਕਿਲੋਂ ਵਿੱਚ ਸਮਿਸ ਖਾਂਸੀਆ ਅਤੇ +45 ਕਿਲੋਂ ਭਾਰ ਵਰਗ ਵਿੱਚ ਸਮਿਸ ਖਾਕਟਾਂ ਦੇ ਵਿਦਿਆਰਥੀ ਜੇਤੂ ਰਹੇ। ਇਸ ਤੋਂ ਇਲਾਵਾਂ ਇਸ ਮੌਕੇ ਉੱਤੇ ਫਿਜ਼ੀਕਲ ਐਜੂਕੇਸ਼ਨ ਦੇ ਅਧਿਆਪਕ ਸ਼੍ਰੀਮਤੀ ਸੁਨੀਤਾ ਰਾਣੀ ਲੈਕ. ਫਿਜੀਕਲ ਐਜੂਕੇਸ਼ਨ, ਸ਼੍ਰੀਮਤੀ ਕੁਲਜੀਤ ਕੌਰ ਲੈਕ. ਫਿਜੀਕਲ ਐਜੂਕੇਸ਼ਨ, ਸ਼੍ਰੀਮਤੀ ਸੰਦੀਪ ਕੌਰ. ਡੀ. ਪੀ. ਈ., ਸ਼ਾਹਿਦ ਹਨੀਫ ਡੀ. ਪੀ. ਈ., ਗੌਰਵ ਕੁਮਾਰ, ਡੀ.ਪੀ.ਈ., ਸ਼੍ਰੀ ਰਾਜੇਸ਼ ਕੁਮਾਰ, ਡੀ. ਪੀ. ਈ. ਰਵਿੰਦਰ ਸਿੰਘ ਡੀ. ਪੀ. ਈ. ਅਤੇ ਹੋਰ ਅਧਿਆਪਕ ਮੌਜੂਦ ਰਹੇ।



# ਡੀਟੀਐੱਫ ਵੱਲੋਂ ਐੱਸਡੀਐੱਮ ਦਫ਼ਤਰ ਅੱਗੇ ਮੁਜ਼ਾਹਰੇ ਦਾ ਫ਼ੈਸਲਾ

## ਸਿੱਖਿਆ ਵਿਭਾਗ ਉੱਤੇ ਸਿਆਸੀ ਸ਼ਹਿ ’ਤੇ ਅਧਿਆਪਕ ਦੀ ਬਦਲੀ ਕਰਨ ਦਾ ਦੋਸ਼



**ਪਾਤੜਾਂ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਤਲਾਨਾ ਹਮਲੇ ਦਾ ਸ਼ਿਕਾਰ ਹੋਇਆ ਸਰਕਾਰੀ ਪ੍ਰਾਇਮਰੀ ਸਕੂਲ ਦਾ ਅਧਿਆਪਕ ਸਤਵੀਰ ਚੰਦ ਇਨਸਾਫ਼ ਦੀ ਮੰਗ ਕਰ ਰਿਹਾ ਹੈ। ਵਿਭਾਗ ਨੇ ਬਿਨਾਂ ਕਿਸੇ ਦੋਸ਼ ਅਤੇ ਪੜਤਾਲ ਤੋਂ ਉਸ ਦੀ ਬਦਲੀ ਕਥਿਤ ਤੌਰ ’ਤੇ ਗੁਰਦਾਸਪੁਰ ਕਰ ਦਿੱਤੀ ਹੈ। ਡੈਮੋਕਰੈਟਿਕ ਟੀਚਰਜ਼ ਫਰੰਟ ਦੀ ਬਲਾਕ ਕਮੇਟੀ ਨੇ ਸੱਤਾਧਾਰੀ ਧਿਰ ਦੇ ਇਸ਼ਾਰਿਆਂ ’ਤੇ ਅਧਿਆਪਕ ਖ਼ਿਲਾਫ਼ ਕਾਰਵਾਈ ਦੇ ਦੋਸ਼ ਲਾਉਂਦੇ ਹੋਏ ਐੱਸਡੀਐੱਮ ਪਾਤੜਾਂ ਦੇ ਦਫ਼ਤਰ ਅੱਗੇ ਰੋਸ ਮੁਜ਼ਾਹਰਾ ਕਰਕੇ ‘ਆਪ’ ਸਰਕਾਰ ਦਾ ਪੁਤਲਾ ਫੂਕਣ ਦਾ ਫ਼ੈਸਲਾ ਕੀਤਾ ਹੈ। ਡੀਟੀਐੱਫ ਦੇ ਬਲਾਕ ਪ੍ਰਧਾਨ ਰਾਜੀਵ ਕੁਮਾਰ ਅਤੇ ਸਕੱਤਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਅਧਿਆਪਕ ’ਤੇ ਹੋਏ ਹਮਲੇ ਦੀ ਘਟਨਾ ਦੇ ਪੰਦਰਾਂ ਦਿਨ ਬੀਤਣ ਮਗਰੋਂ ਅਚਾਨਕ ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ) ਵੱਲੋਂ ਸਿਆਸੀ ਸ਼ਹਿ ਹੇਠ ਕਾਰਵਾਈ ਕਰਦਿਆਂ ਗ੍ਰਾਮ ਪੰਚਾਇਤ ਚਿੱਚੜਵਾਲ ਦੀ ਸ਼ਿਕਾਇਤ ਦੇ ਆਧਾਰ ’ਤੇ ਅਧਿਆਕ ਦੀ ਬਦਲੀ ਗੁਰਦਾਸਪੁਰ ਕਰ ਦਿੱਤੀ ਹੈ।

ਉਨ੍ਹਾਂ ਕਿਹਾ ਹੈ ਕਿ ਸਿੱਖਿਆ ਅਧਿਕਾਰੀਆਂ ਨੇ ਪੀੜਤ ਅਧਿਆਪਕ ਨੂੰ ਕੋਈ ਦੋਸ਼ ਸੂਚੀ ਜਾਰੀ ਨਹੀਂ ਕੀਤੀ ਨਾ ਕੋਈ ਪੱਖ ਰੱਖਣ ਦਾ ਮੌਕਾ ਦਿੱਤਾ। ਜ਼ਿਲ੍ਹਾ ਕਾਡਰ ਹੋਣ ਦੇ ਬਾਵਜੂਦ ਜ਼ਿਲ੍ਹੇ ਤੋਂ ਬਾਹਰ ਬਦਲੀ ਕਰ ਦਿੱਤੀ ਹੈ। ਮੈਡੀਕਲ ਛੁੱਟੀ ’ਤੇ ਚੱਲ ਰਹੇ ਅਧਿਆਪਕ ਸਤਵੀਰ ਚੰਦ ਨੂੰ ਉਸੇ ਦਿਨ ਬੀਪੀਈਓ ਪਾਤੜਾਂ ਅਤੇ ਸੀਐੱਚਟੀ ਵੱਲੋਂ ਸਕੂਲ ਤੋਂ ਫ਼ਾਰਗ ਵੀ ਕਰ ਦਿੱਤਾ ਗਿਆ ਹੈ। ਇਸ ਮੌਕੇ ਅਤਿੰਦਰ ਪਾਲ ਸਿੰਘ, ਜਸਪਾਲ ਖਾਂਗ, ਬਲਵਿੰਦਰ ਸਿੰਘ, ਸੁਨੀਲ ਕੁਮਾਰ, ਅਵਤਾਰ ਸਿੰਘ, ਸਤਵੀਰ ਚੰਦ ਆਦਿ ਹਾਜ਼ਰ ਰਹੇ। ਬੀਪੀਈਓ ਪਾਤੜਾਂ ਪ੍ਰੇਮ ਸਿੰਘ ਨੇ ਦੱਸਿਆ ਕਿ ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ) ਵੱਲੋਂ ਆਏ ਹੁਕਮਾਂ ਨੂੰ ਸਿਰਫ਼ ਲਾਗੂ ਕੀਤਾ ਗਿਆ ਹੈ।

# ਸਰਕਾਰੀ ਮਹਿੰਦਰਾ ਕਾਲਜ ਵਿੱਚ ਪੁਸਤਕ ਲੋਕ ਅਰਪਣ ਸਮਾਰੋਹ

## ਸਮਾਗਮ ’ਚ ਜਸਵੀਰ ਰਾਣਾ ਅਤੇ ਹਰਜੀਤ ਕੌਰ ਵਿਰਕ ਦੇ ਨਾਵਲਾਂ ਦੀ ਘੁੰਡ ਚੁਕਾਈ



ਪੁਸਤਕ ਲੋਕ ਅਰਪਣ ਕਰਦੇ ਹੋਏ ਮੁੱਖ ਮਹਿਮਾਨ ਤੇ ਪ੍ਰਬੰਧਕ।

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਮਹਿੰਦਰਾ ਕਾਲਜ ਵਿੱਚ ‘ਸੰਵਾਦ ਅਤੇ ਸਿਰਜਣ ਪ੍ਰਕਿਰਿਆ’ ਸਿਰਲੇਖ ਤਹਿਤ ਪੰਜਾਬੀ ਵਿਭਾਗ ਵੱਲੋਂ ਪੁਸਤਕ ਲੋਕ ਅਰਪਣ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਜਸਵੀਰ ਰਾਣਾ ਦੇ ਨਾਵਲ ‘70% ਪ੍ਰੇਮ ਕਥਾ’ ਅਤੇ ਹਰਜੀਤ ਕੌਰ ਵਿਰਕ ਦੇ ਨਾਵਲ ‘ਘੱਗਰ ਕੰਢੇ ਦੇ ਕਜ਼ਾਕ’ ਨੂੰ ਲੋਕ ਅਰਪਣ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਵਿੱਚ ਪ੍ਰਿੰਸੀਪਲ ਪ੍ਰੋ. ਸੁਖਵਿੰਦਰ ਸਿੰਘ ਨੇ ਜਸਵੀਰ ਰਾਣਾ ਦੀ ਕਹਾਣੀ ਵਿੱਚ ਝਲਕਦੇ ਯਥਾਰਥ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਹਰ ਵਿਅਕਤੀ ਨੂੰ ਕਰਮਸ਼ੀਲ ਰਹਿਣਾ ਚਾਹੀਦਾ ਹੈ। ਮੰਚ ਸੰਚਾਲਨ ਕਰਦਿਆਂ ਪੰਜਾਬੀ ਵਿਭਾਗ ਦੇ ਸਹਾਇਕ ਪ੍ਰੋ. ਸੁਖਚੈਨ ਸਿੰਘ ਨੇ ਦੱਸਿਆ ਕਿ ਜਸਵੀਰ ਰਾਣਾ ਨੇ ਸਾਹਿਤ ਵਿੱਚ ਗਲਪ ਤੇ ਇਤਿਹਾਸ ਦੇ ਸੁਮੇਲ ਨੂੰ ਥਾਂ ਦਿੱਤੀ ਹੈ। ਫਿਰ ਜਸਵੀਰ ਰਾਣਾ ਨੇ ਆਪਣੀ ਹੱਡ ਬੀਤੀ ਸਾਂਝੀ ਕਰਦਿਆਂ ‘70% ਪ੍ਰੇਮ ਕਥਾ’ ਨਾਵਲ ਨੂੰ ਸਵੈ-ਜੀਵਨੀਮੂਲਕ ਨਾਵਲ ਕਿਹਾ। ਉਨ੍ਹਾਂ ਕਿਹਾ ਕਿ ਇਹ ਨਾਵਲ ‘ਮੌਤ ਦਾ ਕਥਾ ਬਿਰਤਾਂਤ’ ਹੈ। ਉਨ੍ਹਾਂ ਅਨੁਸਾਰ ਇਹ ਨਾਵਲ ਪਾਠਕ ਨੂੰ ਆਪਣੇ ਆਪਣੇ ਪੁਰਖਿਆਂ ਦੇ ਰੂ-ਬ-ਰੂ ਕਰਵਾਉਂਦਾ ਹੈ। ਇਸ ਤੋਂ ਬਾਅਦ ਹਰਜੀਤਕੌਰ ਵਿਰਕ ਨੇ ਆਪਣੇ ਸਕੂਲ ਅਧਿਆਪਕ ਤੋਂ ਨਾਵਲਕਾਰ ਬਣਨ ਤੱਕ ਦੇ ਸਫ਼ਰ ਬਾਰੇ ਦੱਸਦਿਆਂ ਆਪਣੇ ਨਾਵਲ ‘ਘੱਗਰ ਕੰਢੇ ਦੇ ਕਜ਼ਾਕ’ ਦੇ ਵਿਸ਼ੇ ’ਤੇ ਪਾਤਰਾਂ ਬਾਰੇ ਗੱਲਾਂ ਸਾਂਝੀਆਂ ਕੀਤੀਆਂ। ਇਸ ਤੋਂ ਬਾਅਦ ਦੋਵੇਂ ਨਾਵਲਾਂ ਨੂੰ ਲੋਕ-ਅਰਪਣ ਕੀਤਾ ਗਿਆ। ਸਮਾਗਮ ਵਿੱਚ ਪ੍ਰਿੰਸੀਪਲ ਸੁਖਵਿੰਦਰ ਸਿੰਘ, ਵਾਈਸ ਪ੍ਰਿੰਸੀਪਲ ਪ੍ਰੋ. ਰੋਮੀ ਗਰਗ, ਕਾਲਜ ਕਾਊਂਸਲ ਦੇ ਪ੍ਰੋ. ਗਗਨਦੀਪ ਚੀਮਾ, ਪ੍ਰੋ. ਪਰਮਿੰਦਰ ਰੇਖੀ. ਪ੍ਰੋ. ਸ਼ਿਵੰਦਰ ਸਿੰਘ ਰੇਖੀ ਤੇ ਪ੍ਰੋ. ਨਵਜੋਤ ਸਿੰਘ ਤੋਂ ਇਲਾਵਾ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਵੀ ਹਿੱਸਾ ਲਿਆ।

# ਕਿਸਾਨਾਂ ਨੇ ਜ਼ਮੀਨ ’ਤੇ ਕਬਜ਼ਾ ਕਾਰਵਾਈ ਰੋਕੀ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਕਾਰਕੁਨਾਂ ਦੇ ਵਿਰੋਧ ਇਕ ਬੈਂਕ ਦੀ ਟੀਮ ਨੂੰ ਨੇੜਲੇ ਪਿੰਡ ਰਣਬੀਰਪੁਰਾ ਵਿੱਚ ਕਿਸਾਨ ਦੇ ਘਰ ਦੀ ਕੁਰਕੀ ਦੀ ਕਾਰਵਾਈ ਟਾਲਣੀ ਪਈ। ਯੂਨੀਅਨ ਆਗੂ ਅਵਤਾਰ ਸਿੰਘ ਕੌਰਜੀਵਾਲਾ ਨੇ ਦੱਸਿਆ ਕਿ ਕਰੋਨਾ ਕਾਲ ’ਚ ਇਸ ਪਿੰਡ ਦੇ ਇੱਕ ਕਿਸਾਨ ਨੇ ਆਪਣੀ ਜ਼ਮੀਨ ਬਲੱਡ ਰਿਲੇਸ਼ਨ ’ਚ ਆਪਣੇ ਪੁੱਤਰ ਦੇ ਨਾਮ ਕਰਵਾ ਦਿੱਤੀ ਸੀ। ਪਰ ਉਸ ਨੇ ਇਕ ਪ੍ਰਾਈਵੇਟ ਕੰਪਨੀ ਤੋਂ ਲੋਨ ਲੈ ਲਿਆ ਗਿਆ ਸੀ, ਜੋ ਨੋਟਬੰਦੀ ਅਤੇ ਕਰੋਨਾ ਕਾਰਨ ਆਈ ਮੰਦੀ ਕਾਰਨ ਕਿਸ਼ਤਾਂ ਨਾ ਮੋੜ ਸਕਿਆ ਤੇ ਬੈਂਕ ਵਲੋਂ ਜ਼ਮੀਨ ਅਤੇ ਘਰ ’ਤੇ ਕਬਜ਼ੇ ਲਈ ਕੋਰਟ ਆਰਡਰ ਲੈ ਲਏ ਗਏ। ਇਸ ਕੜੀ ਵਜੋਂ ਹੀ ਇਸ ਟੀਮ ਨੇ ਕਬਜ਼ਾ ਕਰਵਾਈ ਲਈ ਅੱਜ ਥਾਣਾ ਪਸਿਆਣਾ ਦੀ ਪੁਲੀਸ ਤੱਕ ਪਹੁੰਚ ਕੀਤੀ। ਉਧਰ ਇਸ ਗੱਲ ਦੀ ਭਿਣਕ ਪੈਣ ਕਰਕੇ ਯੂਨੀਅਨ ਦੇ ਆਗੂ ਹਰਮੇਲ ਸਿੰਘ ਤੁੰਗਾ, ਅਵਤਾਰ ਕੌਰਜੀਵਾਲਾ, ਮੇਜਰ ਸਿੰਘ ਅੱਚਲ, ਗੁਰਬਖਸ਼ ਰਣਬੀਰਪੁਰਾ ਆਦਿ ਦੀ ਅਗਵਾਈ ਹੇਠਾਂ ਕਿਸਾਨ ਇਕੱਠੇ ਹੋ ਗਏ। ਇਸ ਦੇ ਚੱਲਦਿਆਂ ਬੈਂਕ ਨੂੰ ਕਬਜ਼ਾ ਕਾਰਵਾਈ ਰੋਕਣੀ ਪਈ।

# ਆਂਗਣਵਾੜੀ ਵਰਕਰਾਂ ਨੇ ਬਜਟ ਦੀਆਂ ਕਾਪੀਆਂ ਫੂਕੀਆਂ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਦੇ ਸੱਦੇ ’ਤੇ ਬਲਾਕ ਪਾਤੜਾਂ ਵਿੱਚ ਬਜਟ ਦੀਆਂ ਕਾਪੀਆਂ ਸਾੜ ਕੇ ਰੋਸ ਮੁਜ਼ਾਹਰਾ ਕੀਤਾ ਗਿਆ। ਸੂਬਾਈ ਵਿੱਤ ਸਕੱਤਰ ਅੰਮ੍ਰਿਤਪਾਲ ਕੌਰ ਨੇ ਕਿਹਾ ਕਿ ਬਜਟ ਵਿੱਚ 26 ਲੱਖ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਬਾਰੇ ਕੋਈ ਜ਼ਿਕਰ ਨਹੀਂ ਕੀਤਾ ਜੋ 4500 ਅਤੇ 2250 ਰੁਪਏ ਪ੍ਰਤੀ ਮਹੀਨਾਂ ’ਤੇ ਗੁਜ਼ਾਰਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬਜਟ ਵਿੱਚ ਆਸ਼ਾ ਵਰਕਰਾਂ ਅਤੇ ਮਿੱਡ-ਡੇਅ ਮੀਲ ਵਰਕਰਾਂ ਅਤੇ ਹੋਰ ਸਕੀਮ ਵਰਕਰਾਂ ਨੂੰ ਵੀ ਨਜ਼ਰ-ਅੰਦਾਜ਼ ਕੀਤਾ ਗਿਆ ਹੈ।

# ਡੱਲੇਵਾਲ ਵੱਲੋਂ ਮਹਾਪੰਚਾਇਤ ’ਚ ਵਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ

**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਢਾਬੀਗੁੱਜਰਾਂ ਬਾਰਡਰ ’ਤੇ ਅੱਜ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 72ਵੇਂ ਦਿਨ ਵੀ ਜਾਰੀ ਰਿਹਾ। ਉਨ੍ਹਾਂ ਇੱਕ ਵੀਡੀਓ ਸੰਦੇਸ਼ ਜਾਰੀ ਕਰਦਿਆਂ 13 ਫਰਵਰੀ ਤੋਂ ਜਾਰੀ ਕਿਸਾਨ ਮੋਰਚੇ ਨੂੰ ਸਾਲ ਪੂਰਾ ਹੋਣ ’ਤੇ 12 ਫਰਵਰੀ ਨੂੰ ਢਾਬੀਗੁੱਜਰਾਂ ਬਾਰਡਰ ’ਤੇ ਕੀਤੀ ਜਾ ਰਹੀ ਮਹਾਪੰਚਾਇਤ ’ਚ ਵਧ=ਚੜ੍ਹ ਕੇ ਸ਼ਿਰਕਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦਾ ਕਹਿਣਾ ਸੀ ਕਿ ਇਸ ਮੌਕੇ ਹੋਇਆ ਇਕੱਠ ਉਨ੍ਹਾਂ ਨੂੰ ਨਵੀਂ ਊਰਜਾ ਪ੍ਰਦਾਨ ਕਰਨ ਦੇ ਤੁਲ ਹੋਵੇਗਾ ਤੇ ਉਹ 14 ਫਰਵਰੀ ਨੂੰ ਕੇਂਦਰ ਸਰਕਾਰ ਨਾਲ ਹੋਣ ਵਾਲੀ ਮੀਟਿੰਗ ਵਿੱਚ ਸ਼ਾਮਲ ਹੋ ਕੇ ਕਿਸਾਨਾਂ ਦਾ ਪੱਖ ਜ਼ੋਰਦਾਰ ਢੰਗ ਨਾਲ ਪੇਸ਼ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਹੀ 11 ਫਰਵਰੀ ਨੂੰ ਰਤਨਪੁਰਾ ਅਤੇ 13 ਫਰਵਰੀ ਨੂੰ ਸ਼ੰਭੂ ਬਾਰਡਰ ’ਤੇ ਵੀ ਮੋਰਚੇ ਨੂੰ ਸਾਲ ਪੂਰਾ ਹੋਣ ’ਤੇ ਮਹਾਪੰਚਾਇਤ ਕੀਤੀ ਜਾ ਰਹੀ ਹੈ। ਇਸੇ ਦੌਰਾਨ ਢਾਬੀਗੁੱਜਰਾਂ ਬਾਰਡਰ ਤੋਂ ਗੱਲਬਾਤ ਕਰਦਿਆਂ ਕਿਸਾਨ ਆਗੂ ਕਾਕਾ ਸਿੰਘ ਕੋਟੜਾ ਅਤੇ ਅਭਿਮੰਨਿਊ ਕੋਹਾੜ ਤੇ ਹੋਰ ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਦਿੱਲੀ ਵਿਧਾਨ ਸਭਾ ਚੋਣ ਦੀ ਕਵਰੇਜ ਕਰਨ ਗਏ ਪੰਜਾਬ ਦੇ ਪੱਤਰਕਾਰਾਂ ਨਾਲ ਦਿੱਲੀ ਪੁਲੀਸ ਵੱਲੋਂ ਕੀਤੇ ਗਏ ਦੁਰਵਿਹਾਰ ਦੀ ਦੋਵੇਂ ਕਿਸਾਨ ਫੋਰਮਾਂ ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ ਅਤੇ ਕਿਸਾਨ ਮਜ਼ਦੂਰ ਮੋਰਚਾ ਨੇ ਮਤਾ ਪਾ ਕੇ ਨਿਖੇਧੀ ਕੀਤੀ ਹੈ।

ਇਸ ਮਾਮਲੇ ਦੀ ਜਗਜੀਤ ਸਿੰਘ ਡੱਲੇਵਾਲ ਨੇ ਵੀ ਨਿਖੇਧੀ ਕੀਤੀ ਹੈ।



# ਮਾਡਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਬਾਰਵੀਂ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ




**ਪਟਿਆਲਾ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਸੀਨੀਅਰ ਸੈਕੰਡਰੀ ਮਾਡਲ ਸਕੂਲ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਇਸ ਮੌਕੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗਿੱਧਾ, ਭੰਗੜਾ ਅਤੇ ਸਕਿੱਟ ਵਰਗੀਆਂ ਪੇਸ਼ਕਾਰੀਆਂ ਨੇ ਸਭ ਦਾ ਮਨ ਮੋਹ ਲਿਆ। ਕਾਮਰਸ ਗਰੁੱਪ ਵਿੱਚੋਂ ਹਰਪ੍ਰੀਤ ਕੌਰ ਨੂੰ ਮਿਸ ਅਤੇ ਗੁਰਜੋਤ ਸਿੰਘ ਨੂੰ ਮਿਸਟਰ ਚੁਣਿਆ ਗਿਆ। ਸਾਇੰਸ ਗਰੁੱਪ ਵਿੱਚੋਂ ਮਨਦੀਪ ਕੌਰ ਨੂੰ ਮਿਸ ਅਤੇ ਓਮਕਾਰਜੀਤ ਸਿੰਘ ਨੂੰ ਮਿਸਟਰ ਚੁਣਿਆ ਗਿਆ ਅਤੇ ਆਰਟਸ ਗਰੁੱਪ ਵਿੱਚੋਂ ਰਿਯਾ ਮਿਸ ਬਣੀ ਅਤੇ ਗੁਰਸੇਵਕ ਨੂੰ ਮਿਸਟਰ ਦਾ ਖਿਤਾਬ ਦੇ ਕੇ ਨਿਵਾਜਿਆ ਗਿਆ। ਬਾਰਵੀਂ ਦੇ ਵਿਦਿਆਰਥੀਆਂ ਵਿੱਚੋਂ ਵਿਦਿਆਰਥਣ ਪੁਸ਼ਪਿੰਦਰ ਕੌਰ ਅਤੇ ਵਿਦਿਆਰਥੀ ਮਹਿਤਾਬ ਸਿੰਘ ਨੂੰ ਡਾਇਨਾਮਿਕ ਦਾ ਖਿਤਾਬ ਦਿੱਤਾ ਗਿਆ। ਬਾਰਵੀਂ ਦੇ ਵਿਦਿਆਰਥੀਆਂ ਵੱਲੋਂ ਭਾਵੁਕ ਹੁੰਦਿਆਂ ਆਪਣੇ ਸਾਰੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦੇ ਦੱਸੇ ਰਸਤੇ ਤੇ ਚੱਲਦੇ ਰਹਿਣ ਦਾ ਪ੍ਰਣ ਵੀ ਲਿਆ। ਡਾ ਬਲਰਾਜ ਸਿੰਘ ਡੀਨ ਕਾਲਜ ਵਿਕਾਸ ਕੌਂਸਲ ਨੇ ਵਿਸ਼ੇਸ਼ ਮਹਿਮਾਨ ਵਜੋਂ ਬੱਚਿਆਂ ਨੂੰ ਹਰ ਮੁਸ਼ਕਿਲ ਦਾ ਹੱਲ ਲੱਭਣ ਵਾਲੇ ਬਨਣ ਲਈ ਪ੍ਰੇਰਿਤ ਕੀਤਾ।ਡਾ ਰਗੀਨਾ ਮੌਣੀ ਸੀਨੀਅਰ ਮੈਡੀਕਲ ਅਫਸਰ ਪੰਜਾਬੀ ਯੂਨੀਵਰਸਿਟੀ ਨੇ ਸ਼ਿਰਕਤ ਕਰਦਿਆਂ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ। ਸਕੂਲ ਦੇ ਇੰਚਾਰਜ ਸ੍ਰ ਸਤਵੀਰ ਸਿੰਘ ਗਿੱਲ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਸਦਾ ਸੱਚ ਅਤੇ ਮਿਹਨਤ ਦੇ ਰਾਹ ਤੇ ਚੱਲਣ ਦਾ ਅਤੇ ਆਪਣੀ ਜਿੰਦਗੀ ਵਿੱਚ ਕਾਮਯਾਬ ਹੋਣ ਦਾ ਸੰਦੇਸ਼ਾ ਦਿੱਤਾ। ਇਸ ਪ੍ਰੋਗਰਾਮ ਵਿੱਚ ਸਾਰੇ ਅਧਿਆਪਕ ਸਾਹਿਬਾਨਾਂ ਨੇ ਵੀ ਵੱਧ ਚੜ ਕੇ ਹਿੱਸਾ ਲਿਆ, ਅੰਤ ਵਿੱਚ ਬਾਰਵੀਂ ਦੇ ਵਿਦਿਆਰਥੀਆਂ ਨੇ ਵੀ ਗੈਸਟ ਆਇਟਮ ਦੀ ਪੇਸ਼ਕਾਰੀ ਦਿੱਤੀ।

# ਗੁਰਮੀਤ ਸਿੰਘ ਖੁੱਡੀਆਂ ਵੱਲੋਂ ਅਧਿਕਾਰੀਆਂ ਨੂੰ ਚਾਲੂ ਮਹੀਨੇ ਦੇ ਅੰਤ ਤੱਕ ਪਸ਼ੂਧਨ ਗਣਨਾ ਮੁਕੰਮਲ ਕਰਨ ਦੇ ਆਦੇਸ਼

## ਪਸ਼ੂ ਪਾਲਣ ਮੰਤਰੀ ਵੱਲੋਂ ਐਲ.ਐਸ.ਡੀ. ਖ਼ਿਲਾਫ਼ ਵਿਆਪਕ ਟੀਕਾਕਰਨ ਮੁਹਿੰਮ ਸ਼ੁਰੂ ਕਰਨ ਦੇ ਹੁਕਮ

**ਚੰਡੀਗੜ੍ਹ, 9 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਵਿਭਾਗ ਦੇ ਅਧਿਕਾਰੀਆਂ ਨੂੰ 21ਵੀਂ ਪਸ਼ੂਧਨ ਗਣਨਾ ਨੂੰ ਫਰਵਰੀ, 2025 ਦੇ ਅੰਤ ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਹਨ।



ਪਸ਼ੂਆਂ ਦੀਆਂ ਨਸਲਾਂ ਅਤੇ ਹੋਰ ਵਿਸ਼ੇਸ਼ਤਾਵਾਂ ਦੇ ਆਧਾਰ ‘ਤੇ ਸ਼੍ਰੇਣੀਬੱਧ ਕੀਤੇ ਗਏ ਪਸ਼ੂਆਂ ਦੀ ਗਿਣਤੀ ਸਬੰਧੀ ਸਟੀਕ ਡੇਟਾ ਇਕੱਤਰ ਕਰਨ ’ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਵਿਆਪਕ ਸਰਵੇਖਣ ਇੱਕ ਮਹੱਤਵਪੂਰਨ ਮਾਪਦੰਡ ਵਜੋਂ ਕੰਮ ਕਰੇਗਾ, ਜੋ ਪਸ਼ੂਧਨ ਖੇਤਰ ਦੀ ਮੌਜੂਦਾ ਸਥਿਤੀ ਨੂੰ ਉਜਾਗਰ ਕਰੇਗਾ ਅਤੇ ਇਸ ਸਬੰਧੀ ਭਵਿੱਖੀ ਯੋਜਨਾਬੰਦੀ ਲਈ ਮਾਰਗਦਰਸ਼ਨ ਕਰੇਗਾ। ਇਸ ਦੇ ਨਾਲ ਹੀ ਇਹ ਲੋੜ ਮੁਤਾਬਕ ਫੈਸਲੇ ਲੈਣ ਅਤੇ ਖੇਤਰ ਵਿੱਚ ਸਥਾਈ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਕਰੇਗਾ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਰਾਜ ਕਿਸਾਨ ਅਤੇ ਖੇਤ ਮਜ਼ਦੂਰ ਕਮਿਸ਼ਨ ਦੇ ਚੇਅਰਮੈਨ ਡਾ. ਸੁਖਪਾਲ ਸਿੰਘ ਸਮੇਤ ਐਸ.ਏ.ਐਸ. ਨਗਰ (ਮੋਹਾਲੀ) ਦੇ ਸੈਕਟਰ-68 ਸਥਿਤ ਪਸ਼ੂਧਨ ਕੰਪਲੈਕਸ ਵਿਖੇ ਵਿਭਾਗ ਵੱਲੋਂ ਲਾਗੂ ਕੀਤੇ ਜਾ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਨ ਲਈ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਅਗਲੇ ਹਫ਼ਤੇ ਤੋਂ ਸੂਬੇ ਵਿੱਚ ਲੰਪੀ ਸਕਿਨ ਬਿਮਾਰੀ (ਐਲ.ਐਸ.ਡੀ.) ਵਿਰੁੱਧ ਵਿਆਪਕ ਟੀਕਾਕਰਨ ਮੁਹਿੰਮ ਸ਼ੁਰੂ ਕਰਨ ਦੇ ਵੀ ਹੁਕਮ ਦਿੱਤੇ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਇਸ ਘਾਤਕ ਬਿਮਾਰੀ ਨੂੰ ਰੋਕਣ ਲਈ ਸਾਰੇ 25 ਲੱਖ ਗਊ ਵੰਸ਼ ਦੇ ਟੀਕਾਕਰਨ ਲਈ ਲੋੜੀਂਦੀ ਗਿਣਤੀ ਵਿੱਚ ਗੌਟ ਪੌਕਸ ਵੈਕਸੀਨ ਦੀਆਂ ਖੁਰਾਕਾਂ ਖਰੀਦੀਆਂ ਗਈਆਂ ਹਨ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਪਟਿਆਲਾ, ਅੰਮ੍ਰਿਤਸਰ, ਬਠਿੰਡਾ, ਸੰਗਰੂਰ, ਗੁਰਦਾਸਪੁਰ ਅਤੇ ਲੁਧਿਆਣਾ ਦੇ ਛੇ ਵੈਟਰਨਰੀ ਪੋਲੀਕਲੀਨਿਕਾਂ ਵਿੱਚ ਸ਼ੁਰੂ ਕੀਤੀਆਂ ਜਾਣ ਵਾਲੀਆਂ ਇਨਡੋਰ ਸੇਵਾਵਾਂ ਸਬੰਧੀ ਪ੍ਰਾਜੈਕਟ ਦੀ ਸਥਿਤੀ ਦਾ ਜਾਇਜ਼ਾ ਵੀ ਲਿਆ। ਇਹਨਾਂ ਪੋਲੀਕਲੀਨਿਕਾਂ ਵਿੱਚ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਲਈ ਕਈ ਤਰ੍ਹਾਂ ਦੀਆਂ ਇਨਡੋਰ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ ਜਿਨ੍ਹਾਂ ਵਿੱਚ ਗੰਭੀਰ ਬਿਮਾਰੀ ਪ੍ਰਬੰਧਨ, ਸਰਜਰੀਆਂ, ਸਰਜਰੀ ਉਪਰੰਤ ਦੇਖਭਾਲ, ਲੈਬ ਟੈਸਟ, ਐਕਸ-ਰੇਅ ਅਤੇ ਅਲਟਰਾਸਾਊਂਡ ਸਹੂਲਤਾਂ ਸ਼ਾਮਲ ਹਨ। ਉਨ੍ਹਾਂ ਡਿਪਟੀ ਡਾਇਰੈਕਟਰਾਂ ਨੂੰ ਹਰੇਕ ਜ਼ਿਲ੍ਹੇ ਦੇ ਉਨ੍ਹਾਂ ਕਿਸਾਨਾਂ ਦੀਆਂ ਸਫਲਤਾ ਦੀਆਂ ਕਹਾਣੀਆਂ ਪ੍ਰਾਪਤ ਕਰਨ ਲਈ ਕਿਹਾ ਜਿਨ੍ਹਾਂ ਨੇ ਪਸ਼ੂ ਪਾਲਣ ਵਿਭਾਗ ਦੀਆਂ ਸੇਵਾਵਾਂ ਤੋਂ ਲਾਭ ਪ੍ਰਾਪਤ ਕੀਤਾ ਹੈ ਤਾਂ ਜੋ ਹੋਰ ਕਿਸਾਨ ਨੂੰ ਵੀ ਉਤਸ਼ਾਹਿਤ ਕੀਤਾ ਜਾ ਸਕੇ।

ਪਸ਼ੂ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਕਿ ਸੂਬੇ ਵਿੱਚ ਪਹਿਲੀ ਵਾਰ ਪਸ਼ੂ ਪਾਲਣ ਖੇਤਰ ਵਿੱਚ ਔਰਤਾਂ ਦੀ ਭੂਮਿਕਾ ਨੂੰ ਧਿਆਨ ਵਿੱਚ ਰੱਖਿਆ ਜਾ ਰਿਹਾ ਹੈ। ਕੁੱਲ 16 ਵੱਖ-ਵੱਖ ਕਿਸਮਾਂ ਦੇ ਜਾਨਵਰਾਂ ਅਤੇ ਪੋਲਟਰੀ ਦੀ ਗਿਣਤੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਡਾਟਾ ਮੋਬਾਈਲ ਐਪਲੀਕੇਸ਼ਨ ਰਾਹੀਂ ਡਿਜੀਟਲ ਤੌਰ ’ਤੇ ਇਕੱਤਰ ਕੀਤਾ ਜਾ ਰਿਹਾ ਹੈ। 64.78 ਲੱਖ ਤੋਂ ਵੱਧ ਘਰਾਂ ਨੂੰ ਕਵਰ ਕਰਨ ਦੇ ਟੀਚੇ ਦੇ ਮੁਕਾਬਲੇ ਗਿਣਤੀਕਾਰਾਂ ਵੱਲੋਂ ਹੁਣ ਤੱਕ 35.36 ਲੱਖ ਤੋਂ ਵੱਧ ਘਰਾਂ ਨੂੰ ਕਵਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਪਿਛਲੀ ਪਸ਼ੂਧਨ ਗਣਨਾ ਦੌਰਾਨ ਕੁੱਲ 45,51,483 ਘਰਾਂ ਨੂੰ ਕਵਰ ਕੀਤਾ ਗਿਆ ਸੀ।

ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਜੀ.ਐਸ. ਬੇਦੀ ਨੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੂੰ ਭਰੋਸਾ ਦਿੱਤਾ ਕਿ ਇਸ ਚੱਲ ਰਹੀ ਪਸ਼ੂਧਨ ਗਣਨਾ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਭਾਗ ਪਸ਼ੂਆਂ ਦੇ ਇਲਾਜ ਦੇ ਨਾਲ-ਨਾਲ ਵੱਖ-ਵੱਖ ਬਿਮਾਰੀਆਂ ਦੇ ਟੀਕਾਕਰਨ ਨਾਲ ਰੋਕਥਾਮ ਉਪਾਵਾਂ ਦੇ ਮਾਮਲੇ ਵਿੱਚ ਬਿਹਤਰ ਕੰਮ ਕਰ ਰਿਹਾ ਹੈ।

ਇਸ ਉੱਚ ਪੱਧਰੀ ਮੀਟਿੰਗ ਵਿੱਚ ਪਸ਼ੂ ਪਾਲਣ ਵਿਭਾਗ ਦੇ ਸਾਰੇ ਜ਼ਿਲ੍ਹਾ ਮੁਖੀ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਬਵਾਸੀਰ ਤੋਂ ਛੁਟਕਾਰਾ ਪਾਉਣ ਲਈ ਮਰੀਜ਼ ਨੇ ਕੀਤਾ ਅਜਿਹਾ ਕੰਮ, ਦੇਖ ਡਾਕਟਰਾਂ ਦੇ ਵੀ ਉੱਡੇ ਹੋਸ਼

**ਏਜੰਸੀਆਂ**

ਨੈਸ਼ਨਲ ਡੈਸਕ 9 ਫਰਵਰੀ। ਪੀ.ਐਮ.ਸੀ.ਐਚ. (ਪਟਨਾ ਮੈਡੀਕਲ ਕਾਲਜ ਅਤੇ ਹਸਪਤਾਲ) ਵਿੱਚ ਇੱਕ ਅਜੀਬ ਮਾਮਲਾ ਸਾਹਮਣੇ ਆਇਆ, ਜਿਸ ਵਿੱਚ ਇੱਕ 45 ਸਾਲਾ ਮਰੀਜ਼ ਪੇਟ ਦਰਦ, ਕਬਜ਼ ਅਤੇ ਖੂਨ ਵਹਿਣ ਦੀ ਸ਼ਿਕਾਇਤ ਕਰਦਾ ਹੋਇਆ ਹਸਪਤਾਲ



ਪਹੁੰਚਿਆ। ਜਦੋਂ ਡਾਕਟਰਾਂ ਨੇ ਇਲਾਜ ਸ਼ੁਰੂ ਕੀਤਾ ਤਾਂ ਸਥਿਤੀ ਸ਼ੁਰੂਆਤੀ ਰਿਪੋਰਟਾਂ ਨਾਲੋਂ ਵੀ ਜ਼ਿਆਦਾ ਹੈਰਾਨ ਕਰਨ ਵਾਲੀ ਨਿਕਲੀ। ਇਸ ਤੋਂ ਬਾਅਦ ਸਰਜਰੀ ਵਿਭਾਗ ਦੇ ਡਾਕਟਰਾਂ ਨੇ ਤੁਰੰਤ ਸਰਜਰੀ ਕਰਨ ਦਾ ਫੈਸਲਾ ਕੀਤਾ। ਡਾਕਟਰਾਂ ਨੇ ਪਾਇਆ ਕਿ ਮਰੀਜ਼ ਦੇ ਗੁਦਾ ਵਿੱਚ 12 ਸੈਂਟੀਮੀਟਰ ਲੰਬਾ ਅਤੇ 6 ਸੈਂਟੀਮੀਟਰ ਵਿਆਸ ਵਾਲਾ ਸਟੀਲ ਦਾ ਗਲਾਸ ਫਸਿਆ ਹੋਇਆ ਸੀ, ਜਿਸ ਕਾਰਨ ਉਸਨੂੰ ਗੰਭੀਰ ਸਮੱਸਿਆਵਾਂ ਹੋ ਰਹੀਆਂ ਸਨ। ਮਰੀਜ਼ ਪੇਟ ਫੁੱਲਣ, ਕਬਜ਼ ਅਤੇ ਮਲ ਤਿਆਗਣ ਵਿੱਚ ਮੁਸ਼ਕਲ ਕਾਰਨ ਹਸਪਤਾਲ ਗਿਆ ਸੀ ਪਰ ਜਦੋਂ ਅਲਟਰਾਸਾਊਂਡ ਰਿਪੋਰਟ ਆਈ ਤਾਂ ਡਾਕਟਰ ਵੀ ਹੈਰਾਨ ਰਹਿ ਗਏ। ਰਿਪੋਰਟ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਗਲਾਸ ਗੁਦਾ ਵਿੱਚ ਫਸਿਆ ਹੋਇਆ ਸੀ, ਜਿਸ ਕਾਰਨ ਪੇਟ ਵਿੱਚ ਤੇਜ਼ ਦਰਦ ਅਤੇ ਹੋਰ ਸਮੱਸਿਆਵਾਂ ਹੋ ਰਹੀਆਂ ਸਨ। ਸਰਜਰੀ ਟੀਮ ਨੇ ਤੁਰੰਤ ਆਪਰੇਸ਼ਨ ਦੀ ਯੋਜਨਾ ਬਣਾਈ ਅਤੇ ਲਗਭਗ ਦੋ ਘੰਟੇ ਦੀ ਸਰਜਰੀ ਤੋਂ ਬਾਅਦ ਗਲਾਸ ਸਫਲਤਾਪੂਰਵਕ ਹਟਾ ਬਾਹਰ ਕੱਢਿਆ ਗਿਆ। ਹੁਣ ਮਰੀਜ਼ ਖ਼ਤਰੇ ਤੋਂ ਬਾਹਰ ਹੈ ਅਤੇ ਉਸਨੂੰ ਨਿਗਰਾਨੀ ਲਈ ਆਈ.ਸੀ.ਯੂ. ਵਿੱਚ ਦਾਖਲ ਕਰਵਾਇਆ ਗਿਆ ਹੈ। ਇਹ ਸਰਜਰੀ ਡਾ. ਪ੍ਰੋ. ਵਿਨੈ ਕੁਮਾਰ ਦੀ ਨਿਗਰਾਨੀ ’ਚ ਕੀਤੀ ਗਈ ਜਿਸ ਵਿਚ ਡਾ. ਸ਼ਰਤ, ਡਾ. ਸ਼ੁਭਮ, ਡਾ. ਰੋਸ਼ਨ ਆਨੰਦ, ਡਾ. ਪੁਸ਼ਪੇਂਦਰ, ਡਾ. ਈਸ਼ਾਨ ਅਤੇ ਡਾ. ਫੁਲਕਾਂਤ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਜਦੋਂ ਡਾਕਟਰਾਂ ਨੇ ਮਰੀਜ਼ ਕੋਲੋਂ ਪੁੱਛਿਆ ਕਿ ਇਹ ਗਲਾਸ ਕਿਵੇਂ ਫਸਿਆ ਤਾਂ ਉਹ ਸੱਚ ਦੱਸਣ ਤੋਂ ਕਤਰਾ ਰਿਹਾ ਸੀ ਪਰ ਜਦੋਂ ਉਸਨੂੰ ਐਕਸ-ਰੇ ਦਿਖਾਇਆ ਗਿਆ ਤਾਂ ਉਸਨੇ ਦੱਸਿਆ ਕਿ ਉਹ ਬਵਾਸੀਰ ਅਤੇ ਕਬਜ਼ ਦੀ ਸਮੱਸਿਆ ਤੋਂ ਪਰੇਸ਼ਾਨ ਸੀ। ਇਸ ਸਮੱਸਿਆ ਨੂੰ ਠੀਕ ਕਰਨ ਲਈ ਉਸਨੇ ਗਲਤੀ ਨਾਲ ਗੁਦਾ ’ਚ ਗਲਾਸ ਫਸਾ ਲਿਆ। ਡਾਕਟਰਾਂ ਅਨੁਸਾਰ, ਮਰੀਜ਼ ਦੀ ਮਾਨਸਿਕ ਹਾਲਤ ਪੂਰੀ ਤਰ੍ਹਾਂ ਠੀਕ ਹੈ, ਫਿਰ ਵੀ ਉਸਨੇ ਇਹ ਕਦਮ ਚੁੱਕਿਆ।

# ਦੁੱਧ ਅਤੇ ਪਨੀਰ ਸ਼ਾਕਾਹਾਰੀ ਨਹੀਂ? ਡਾਕਟਰ ਦੀ ਇਸ ਦਲੀਲ ’ਤੇ ਛਿੜ ਗਈ ਬਹਿਸ

**ਸਰਦੂਲ ਸਿੰਘ**

ਨੈਸ਼ਨਲ ਡੈਸਕ 9 ਫਰਵਰੀ। ਦੁੱਧ ਅਤੇ ਇਸ ਦੇ ਉਤਪਾਦ ਜਿਵੇਂ ਪਨੀਰ, ਦਹੀਂ, ਮੱਖਣ ਆਦਿ ਨੂੰ ਆਮ ਤੌਰ ’ਤੇ ਸ਼ਾਕਾਹਾਰੀ ਮੰਨਿਆ ਜਾਂਦਾ ਹੈ। ਪਰ ਸੋਸ਼ਲ ਮੀਡੀਆ ’ਤੇ ਡਾਕਟਰ ਦੀ ਪੋਸਟ ਤੋਂ ਬਾਅਦ ਇਸ ’ਤੇ ਬਹਿਸ ਸ਼ੁਰੂ ਹੋ ਗਈ ਹੈ। ਇੰਡੀਅਨ ਜਰਨਲ ਆਫ਼ ਮੈਡੀਕਲ ਐਥਿਕਸ ਦੀ ਕਾਰਜਕਾਰੀ ਸੰਪਾਦਕ ਡਾ: ਸਿਲਵੀਆ ਕਰਪਗਮ ਨੇ ਇਹ ਕਹਿ ਕੇ ਵਿਵਾਦ ਨੂੰ ਹੋਰ ਤੇਜ਼ ਕੀਤਾ ਕਿ ਕਿਉਂਕਿ ਦੁੱਧ ਅਤੇ ਪਨੀਰ ਜਾਨਵਰਾਂ ਤੋਂ ਆਉਂਦੇ ਹਨ, ਇਸ ਲਈ ਉਨ੍ਹਾਂ ਨੂੰ ਚਿਕਨ ਜਾਂ ਬੀਫ ਵਾਂਗ ਮਾਸਾਹਾਰੀ ਮੰਨਿਆ ਜਾਣਾ ਚਾਹੀਦਾ ਹੈ। ਦਰਅਸਲ, ਇੱਕ ਡਾਕਟਰ ਸੁਨੀਤਾ ਸਯਾਮਗਰੂ ਨੇ ਇੱਕ ਸ਼ਾਕਾਹਾਰੀ ਥਾਲੀ ਦੀ ਤਸਵੀਰ ਐਕਸ (ਪਹਿਲਾਂ ਟਵਿੱਟਰ) ’ਤੇ ਸ਼ੇਅਰ ਕੀਤੀ ਸੀ। ਸ਼ਾਕਾਹਾਰੀ ਥਾਲੀ ਵਿੱਚ ਪਨੀਰ, ਮੂੰਗੀ ਦੀ ਦਾਲ, ਗਾਜਰ, ਖੀਰੇ ਅਤੇ ਪਿਆਜ਼, ਕੱਚਾ ਨਾਰੀਅਲ, ਅਖਰੋਟ ਅਤੇ ਇੱਕ ਕਟੋਰੀ ਖੀਰ ਦੇ ਨਾਲ ਸਲਾਦ ਸ਼ਾਮਲ ਸੀ। ਉਸਨੇ ਇਸਦਾ ਕੈਪਸ਼ਨ ਦਿੱਤਾ, ÷ਪਤੀ ਦੀ ਸ਼ਾਕਾਹਾਰੀ ਡਿਨਰ ਪਲੇਟ। ਪ੍ਰੋਟੀਨ, ਚੰਗੀ ਚਰਬੀ ਅਤੇ ਫਾਈਬਰ ਨਾਲ ਭਰੀ।÷ ਡਾਕਟਰ ਸੁਨੀਤਾ ਦੀ ਪੋਸਟ ਨੂੰ ਮੁੜ-ਪੋਸਟ ਕਰਦੇ ਹੋਏ, ਡਾਕਟਰ ਕਰਪਗਮ ਨੇ ✓ ’ਤੇ ਲਿਖਿਆ, ÷ਪਨੀਰ ਅਤੇ ਦੁੱਧ ‘ਸ਼ਾਕਾਹਾਰੀ’ ਨਹੀਂ ਹਨ। ਉਹ ਜਾਨਵਰਾਂ ਦੇ ਸਰੋਤ ਭੋਜਨ ਹਨ... ਜਿਵੇਂ ਚਿਕਨ, ਮੱਛੀ, ਬੀਫ ਅਤੇ ਹੋਰ।÷ ਉਨ੍ਹਾਂ ਦੇ ਇਸ ਪ੍ਰਤੀਕਰਮ ਤੋਂ ਬਾਅਦ ਸੋਸ਼ਲ ਮੀਡੀਆ ’ਤੇ ਸ਼ਾਕਾਹਾਰੀ ਅਤੇ ਮਾਸਾਹਾਰੀ ਲੋਕਾਂ ਵਿਚਾਲੇ ਬਹਿਸ ਸ਼ੁਰੂ ਹੋ ਗਈ। ਕਈ ਯੂਜ਼ਰਸ ਨੇ ਉਸ ਦੇ ਬਿਆਨ ਨਾਲ ਅਸਹਿਮਤੀ ਪ੍ਰਗਟਾਈ। ਬਹੁਤ ਸਾਰੇ ਯੂਜ਼ਰਸ ਨੇ ਦਲੀਲ ਦਿੱਤੀ ਕਿ ਪਨੀਰ ਅਤੇ ਦੁੱਧ ਸ਼ਾਕਾਹਾਰੀ ਹਨ ਕਿਉਂਕਿ ਇਹਨਾਂ ਨੂੰ ਪ੍ਰਾਪਤ ਕਰਨ ਲਈ ਕੋਈ ਜਾਨਵਰ ਨਹੀਂ ਮਾਰਿਆ ਜਾਂਦਾ ਹੈ। ਇੱਕ ਯੂਜ਼ਰ ਨੇ



ਲਿਖਿਆ, ÷ਪਨੀਰ ਜਾਂ ਦੁੱਧ ਖਾਣ ਲਈ ਕਿਸੇ ਨੂੰ ਨਹੀਂ ਮਾਰਿਆ ਜਾਂਦਾ।÷ ਇੱਕ ਹੋਰ ਨੇ ਲਿਖਿਆ, ÷ਦੁੱਧ ਉਤਪਾਦ ਜਾਨਵਰਾਂ ਦੇ ਉਤਪਾਦ ਹਨ ਜਿਨ੍ਹਾਂ ਵਿੱਚ ਕਿਸੇ ਜਾਨਵਰ ਨੂੰ ਮਾਰਨ ਦੀ ਲੋੜ ਨਹੀਂ ਹੁੰਦੀ ਹੈ ਅਤੇ ਇਸ ਲਈ ਅਸਲ ਵਿੱਚ ਸ਼ਾਕਾਹਾਰੀ ਹਨ ਨਾ ਕਿ ਮਾਸਾਹਾਰੀ। ਕਿਸੇ ਜਾਨਵਰ ਨੂੰ ਮਾਰਨਾ ਜਾਂ ਨੁਕਸਾਨ ਪਹੁੰਚਾਉਣਾ ਦੁੱਧ ਦੇਣ ਦੀ ਪ੍ਰਣਾਲੀ ’ਤੇ ਨਿਰਭਰ ਕਰਦਾ ਹੈ, ਸ਼ਾਕਾਹਾਰੀ ਦਾ ਮਤਲਬ ਹੈ ਸ਼ਾਕਾਹਾਰੀ ਹੀ ਹੁੰਦਾ ਹੈ।÷ ਇਕ ਯੂਜ਼ਰ ਨੇ ਲਿਖਿਆ, ’ਤਾਂ ਜਦੋਂ ਕੋਈ ਬੱਚਾ ਮਾਂ ਦਾ ਦੁੱਧ ਪੀਂਦਾ ਹੈ... ਕੀ ਤੁਸੀਂ ਇਹੋ ਤਰਕ ਵਰਤੋਗੇ? ਕੀ ਤੁਸੀਂ ਸੱਚਮੁੱਚ ਮਰੀਜ਼ਾਂ ਦਾ ਇਲਾਜ ਕਰਦੇ ਹੋ? ਦੁੱਧ ਅਤੇ ਪਨੀਰ ਦੇ ਸ਼ਾਕਾਹਾਰੀ ਜਾਂ ਮਾਸਾਹਾਰੀ ਹੋਣ ਬਾਰੇ ਬਹਿਸ ਉਦੋਂ ਹੋਰ ਤੇਜ਼ ਹੋ ਗਈ ਜਦੋਂ ਡਾ. ਕਰਪਗਮ ਨੇ ਇਸ ਦੀ ਤੁਲਨਾ ਅੰਡੇ ਨਾਲ ਕੀਤੀ। ਉਨ੍ਹਾਂ ਨੇ ਦਲੀਲ ਦਿੰਦਿਆਂ ਸਵਾਲ ਕੀਤਾ ਕਿ ਜੇਕਰ ਮੁਰਗੀਆਂ ਨੂੰ ਨਹੀਂ ਮਾਰਿਆ ਜਾਂਦਾ ਤਾਂ ਆਂਡੇ ਨੂੰ ਮਾਸਾਹਾਰੀ ਕਿਉਂ ਮੰਨਿਆ ਜਾਂਦਾ ਹੈ। ਇਸ ਨੇ ਬਹਿਸ ਨੂੰ ਹੋਰ ਗਰਮ ਕਰ ਦਿੱਤਾ, ਕੁਝ ਲੋਕਾਂ ਨੇ ਉਸ ’ਤੇ ਗਲਤ ਜਾਣਕਾਰੀ ਫੈਲਾਉਣ ਦਾ ਦੋਸ਼ ਲਗਾਇਆ, ਜਦੋਂ ਕਿ ਦੂਜਿਆਂ ਨੇ ਮਹਿਸੂਸ ਕੀਤਾ ਕਿ ਉਹ ਸਿਰਫ਼ ਲੋਕਾਂ ਨੂੰ ਹੋਰ ਸ਼ਾਮਲ ਕਰਨ ਲਈ ਉਕਸਾਉਣ ਦੀ ਕੋਸ਼ਿਸ਼ ਕਰ ਰਹੀ ਸੀ। ਦਰਅਸਲ, ਦੁੱਧ ਗਾਂ, ਮੱਝ, ਬੱਕਰੀ ਆਦਿ ਦੀਆਂ ਸਤਨ ਗ੍ਰੰਥੀਆਂ ਤੋਂ ਆਉਂਦਾ ਹੈ, ਪਰ ਇਸ ਵਿੱਚ ਕਿਸੇ ਜਾਨਵਰ ਨੂੰ ਨੁਕਸਾਨ ਨਹੀਂ ਪਹੁੰਚਦਾ। ਪਨੀਰ ਦੁੱਧ ਤੋਂ ਬਣਾਇਆ ਜਾਂਦਾ ਹੈ, ਇਸ ਲਈ ਇਸਨੂੰ ਸ਼ਾਕਾਹਾਰੀ ਵੀ ਮੰਨਿਆ ਜਾਂਦਾ ਹੈ। ਦੁੱਧ ਵਿੱਚ ਜਾਨਵਰਾਂ ਦੇ ਸੈੱਲ ਜਾਂ ਟਿਸ਼ੂ ਨਹੀਂ ਹੁੰਦੇ, ਇਸ ਲਈ ਇਹ ਮਾਸਾਹਾਰੀ ਦੀ ਸ਼੍ਰੇਣੀ ਵਿੱਚ ਨਹੀਂ ਆਉਂਦਾ। ਮਾਸਾਹਾਰੀ ਉਦੋਂ ਵਾਪਰਦਾ ਹੈ ਜਦੋਂ ਭੋਜਨ ਵਿੱਚ ਕਿਸੇ ਜੀਵਤ ਜੀਵ ਦਾ ਮਾਸ, ਲਹੂ, ਜਾਂ ਟਿਸ਼ੂ ਸ਼ਾਮਲ ਹੁੰਦਾ ਹੈ। ਪਰੰਪਰਾਗਤ ਭਾਰਤੀ ਪਨੀਰ ਨਿੰਬੂ, ਸਿਰਕੇ ਜਾਂ ਟਾਰਟਰਿਕ ਐਸਿਡ ਤੋਂ ਬਣਾਇਆ ਜਾਂਦਾ ਹੈ, ਜੋ ਕਿ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ। ਹਿੰਦੂ ਧਰਮ ਵਿੱਚ, ਦੁੱਧ ਅਤੇ ਇਸ ਦੇ ਉਤਪਾਦਾਂ ਨੂੰ ਪਵਿੱਤਰ ਅਤੇ ਸਾਤਵਿਕ ਭੋਜਨ ਮੰਨਿਆ ਜਾਂਦਾ ਹੈ।

## ਫਰਿੱਜ ’ਚੋਂ ’ਲੱਡੂ’ ਕੱਢ ਕੇ ਖਾਣਾ ਮਾਸੂਮ ਲਈ ਬਣ ਗਿਆ ਜੁਰਮ ! ਮਤਰੇਈ ਮਾਂ ਨੇ ਗਰਮ ਤਵੇ ’ਤੇ ਬਿਠਾ ਕੇ ਸਾੜਿਆ

ਗਾਜ਼ੀਆਬਾਦ 9 ਫਰਵਰੀ। ਯੂਪੀ ਦੇ ਗਾਜ਼ੀਆਬਾਦ ਤੋਂ ਇੱਕ ਬਹੁਤ ਹੀ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਥਾਨਾ ਥਾਮਸ ’ਚ ਸਥਿਤ ਸ਼ਾਲੀਮਾਰ ਗਾਰਡਨ ਦੀ ਡੀਐੱਲਐੱਫ ਕਲੋਨੀ ’ਚ, ਇੱਕ ਮਤਰੇਈ ਮਾਂ ਨੇ ਆਪਣੇ 4 ਸਾਲ ਦੇ ਬੱਚੇ ਨੂੰ ਫਰਿਜ ਵਿੱਚੋਂ ਲੱਡੂ ਕੱਢਣ ’ਤੇ ਗਰਮ ਤਵੇ ’ਤੇ ਬਿਠਾ ਕੇ ਸਾੜ ਦਿੱਤਾ। ਜਿਸ ਕਾਰਨ ਬੱਚਾ ਬੁਰੀ ਤਰ੍ਹਾਂ ਸੜ ਗਿਆ। ਬੱਚੇ ਦੇ ਪਿਤਾ ਨੇ ਮਤਰੇਈ ਮਾਂ ਤੇ ਸੱਸ ਵਿਰੁੱਧ ਥਾਣੇ ’ਚ ਸ਼ਿਕਾਇਤ ਦਰਜ ਕਰਵਾਈ ਹੈ। ਪਿਤਾ ਦੀ ਸ਼ਿਕਾਇਤ ਦੇ ਆਧਾਰ ’ਤੇ ਪੁਲਸ ਨੇ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਰਾਜੇਸ਼, ਪਿਛਲੇ 20 ਸਾਲਾਂ ਤੋਂ ਟ?ਰਾਂਸ ਹਿੰਡਨ ’ਚ ਆਪਣੇ ਪਰਿਵਾਰ ਨਾਲ ਰਹਿ ਰਿਹਾ ਹੈ, ਜੋ ਮੂਲ



ਰੂਪ ’ਚ ਮਹਾਰਾਸ਼ਟਰ ਦੇ ਨਾਗਪੁਰ ਦਾ ਰਹਿਣ ਵਾਲਾ ਹੈ। ਉਹ ਗਾਂਧੀਨਗਰ ਦੀ ਇੱਕ ਫੈਕਟਰੀ ’ਚ ਦਰਜੀ ਦਾ ਕੰਮ ਕਰਦਾ ਹੈ। ਰਾਜੇਸ਼ ਦਾ ਆਪਣੀ ਪਹਿਲੀ ਪਤਨੀ ਤੋਂ ਦੋ ਸਾਲ ਪਹਿਲਾਂ ਤਲਾਕ ਹੋ ਗਿਆ ਸੀ। ਰਾਜੇਸ਼ ਦੀ ਪਹਿਲੀ ਪਤਨੀ ਤੋਂ ਇੱਕ ਪੁੱਤਰ ਹੈ। ਗੀਤਾਂਸ਼ੂ ਚਾਰ ਸਾਲ ਦਾ ਹੈ। ਰਾਜੇਸ਼ ਨੇ ਅੱਠ ਮਹੀਨੇ ਪਹਿਲਾਂ ਡੀਐੱਲਐੱਫ ਕਾਲੋਨੀ ਵਿੱਚ ਰਹਿਣ ਵਾਲੀ ਇੱਕ ਔਰਤ ਨਾਲ ਦੂਜਾ ਵਿਆਹ ਕੀਤਾ ਸੀ। ਇਹ ਇਸ ਔਰਤ ਦਾ ਦੂਜਾ ਵਿਆਹ ਵੀ ਹੈ। ਔਰਤ ਦੀ ਆਪਣੇ ਪਹਿਲੇ ਪਤੀ ਤੋਂ ਇੱਕ 7 ਸਾਲ ਦੀ ਧੀ ਵੀ ਹੈ। ਰਾਜੇਸ਼ ਨੇ ਦੱਸਿਆ ਕਿ ਜਦੋਂ ਉਹ 30 ਜਨਵਰੀ ਨੂੰ ਕੰਮ ’ਤੇ ਗਿਆ ਸੀ ਤਾਂ ਉਸਦੀ ਪਤਨੀ ਬੱਚਿਆਂ ਨਾਲ ਆਪਣੀ ਮਾਂ ਦੇ ਘਰ ਗਈ ਸੀ। ਇੱਥੇ ਉਸਦੇ ਪੁੱਤਰ ਗੀਤਾਂਸ਼ੂ ਨੇ ਫਰਿੱਜ ਵਿੱਚ ਰੱਖਿਆ ਲੱਡੂ ਕੱਢ ਕੇ ਖਾ ਲਿਆ। ਇਸ ’ਤੇ ਉਸਦੀ ਪਤਨੀ ਗੁੱਸੇ ਵਿੱਚ ਆ ਗਈ ਅਤੇ ਉਸਨੇ ਇੱਕ ਤਲ?ਣ ਵਾਲਾ ਪੈਨ ਗਰਮ ਕੀਤਾ ਤੇ ਆਪਣੇ ਪੁੱਤਰ ਨੂੰ ਉਸ ’ਤੇ ਬਿਠਾਇਆ। ਫਿਰ ਉਸਨੇ ਬੱਚੇ ਨੂੰ ਡਰਾਇਆ ਅਤੇ ਉਸਨੂੰ ਚੁੱਪ ਕਰਵਾ ਦਿੱਤਾ। 5 ਫਰਵਰੀ ਨੂੰ, ਜਦੋਂ ਉਸਨੇ ਬੱਚੇ ਦੇ ਸੜੇ ਹੋਏ ਕੁੱਲ੍ਹੇ ਦੇਖੇ ਤਾਂ ਉਸਨੇ ਆਪਣੇ ਪੁੱਤਰ ਨੂੰ ਪੁੱਛਿਆ। ਜਿਵੇਂ ਹੀ ਉਸਨੂੰ ਸਾਰਾ ਮਾਮਲਾ ਪਤਾ ਲੱਗਾ, ਉਸਨੇ ਥਾਣੇ ਵਿੱਚ ਕੇਸ ਦਰਜ ਕਰਵਾਇਆ।

## ਪੰਜਾਬ ਵਿਚ ਹੀ ਕਿਉਂ ਉਤਾਰਿਆ ਗਿਆ ਡਿਪੋਰਟ ਹੋਏ ਭਾਰਤੀਆਂ ਦਾ ਜਹਾਜ਼ ! ਸਾਹਮਣੇ ਆਇਆ ਵੱਡਾ ਕਾਰਣ

ਨਾਭਾ 9 ਫਰਵਰੀ। ਨਾਭਾ ਵਿਖੇ ਪਹੁੰਚੇ ਪੰਜਾਬ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਬੀਤੇ ਦਿਨੀਂ ਅਮਰੀਕਾ ਸਰਕਾਰ ਵੱਲੋਂ ਡਿਪੋਰਟ ਕੀਤੇ 104 ਭਾਰਤੀਆਂ ਦੇ ਹੱਕ ਵਿਚ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੁੱਢਲੇ ਤੌਰ ’ਤੇ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਬਣਦੀ ਹੈ, ਉਂਝ ਤਾਂ ਮੋਦੀ ਸਾਹਿਬ ਜੱਫੀਆਂ ਪਾਈ ਜਾਂਦੇ ਹਨ ਅਤੇ ਟਰੰਪ ਨੂੰ ਦੋਸਤ ਦੱਸਦੇ ਹਨ। ਦੋਸਤ ਨਾਲ ਗੱਲ ਤਾਂ ਕੀਤੀ ਜਾ ਸਕਦੀ ਸੀ। ਉਨ੍ਹਾਂ ਕਿਹਾ ਕਿ ਡਿਪੋਰਟ ਹੋਏ ਭਾਰਤੀਆਂ ਵਾਲਾ ਜਹਾਜ਼ ਪੰਜਾਬ (ਅੰਮ੍ਰਿਤਸਰ) ਵਿਚ ਹੀ ਕਿਉਂ ਲੈਂਡ ਹੋਇਆ। ਇਹ ਲੋਕ ਇਹ ਸਾਬਤ ਕਰਨਾ ਚਾਹੁੰਦੇ ਹਨ ਕਿ ਪੰਜਾਬ ਦੇ ਲੋਕ ਹੀ ਬਾਹਰ ਜਾਂਦੇ ਹਨ। ਇਸੇ ਕਰਕੇ ਹੀ ਇਨ੍ਹਾਂ ਨੇ ਪੰਜਾਬ ਵਿਚ ਇਸ ਜਹਾਜ਼ ਨੂੰ ਉਤਾਰਿਆ ਹੈ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਰ ਮੁੱਦੇ ’ਤੇ ਸਿਆਸੀ ਰੋਟੀਆਂ ਸੇਕਦੇ ਹਨ, ਜਿਸ ਦੇ ਚੱਲਦੇ ਇਹ ਮੌਕਾ ਵੀ ਹੱਥੋਂ ਨਹੀਂ ਜਾਣ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜੇ ਕਿਸੇ ਵਿਅਕਤੀ ਦਾ ਅਪਰਾਧਕ ਪਿਛੋਕੜ ਹੈ ਤਾਂ ਉਸਦੇ ਖ਼?ਲਾਫ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ਪਰ ਭਾਰਤੀਆਂ ਨੂੰ ਇਸ ਤਰ੍ਹਾਂ ਬੇੜੀਆਂ ਵਿਚ ਜਕੜ ਕੇ ਭੇਜਣਾ, ਅਮਰੀਕਾ ਦਾ ਅਜਿਹਾ ਰਵੱਈਆ ਸ਼ਰਮਨਾਕ ਹੈ। ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਪੰਜਾਬੀਆਂ ਦੇ ਨਾਲ ਖੜ੍ਹੀ ਸੀ, ਅਤੇ ਹੁਣ ਵੀ ਇਨ੍ਹਾਂ ਪਰਿਵਾਰਾਂ ਨਾਲ ਖੜ੍ਹੀ ਹੈ। ਜੋ ਵੀ ਸੰਭਵ ਮਦਦ ਹੋਵੇਗੀ ਉਸ ਤੋਂ ਪੰਜਾਬ ਸਰਕਾਰ ਪਿੱਛੇ ਨਹੀਂ ਹਟੇਗੀ।

# ਪਠਾਨਕੋਟ ਤੇ ਗੁਰਦਾਸਪੁਰ ’ਚ ਚਲਾਇਆ ਜਾਵੇਗਾ ਮਿਸ਼ਨ ‘ਹਰ ਘਰ ਰੇਸ਼ਮ’ : ਮੋਹਿੰਦਰ ਭਗਤ

**ਕਿਸ਼ਨ ਪਾਲ**

ਚੰਡੀਗੜ੍ਹ 9 ਫਰਵਰੀ। ਪੰਜਾਬ ’ਚ ਰੇਸ਼ਮ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਤੇ ਰੇਸ਼ਮ ਦੇ ਉਤਪਾਦਨ ਨੂੰ ਹੋਰ ਹੁਲਾਰਾ ਦੇਣ ਦੇ ਮੱਦੇਨਜ਼ਰ ਰਾਜ ’ਚ ਰੀਲਿੰਗ ਤੇ ਕੋਕੂਨ ਸਟੋਰੇਜ ਯੂਨਿਟ ਸਥਾਪਤ ਕੀਤੇ ਜਾਣਗੇ। ਰੇਸ਼ਮ ਦੇ ਉਤਪਾਦਨ ਨੂੰ ਵਧਾਉਣ ਤੇ ਰੇਸ਼ਮ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਬਿਹਤਰ ਮੌਕੇ ਪ੍ਰਦਾਨ ਕਰਨ ਲਈ ਪਠਾਨਕੋਟ ਅਤੇ ਗੁਰਦਾਸਪੁਰ ਜ਼ਿਲ੍ਹਿਆਂ ’ਚ ਮੁੱਖ ਤੌਰ ’ਤੇ ਮਿਸ਼ਨ ‘ਹਰ ਘਰ ਰੇਸ਼ਮ’ ਸ਼ੁਰੂ ਕੀਤਾ ਜਾਵੇਗਾ। ਇਹ ਪ੍ਰਗਟਾਵਾ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਵੀਰਵਾਰ ਨੂੰ ਪੰਜਾਬ ਸਿਵਲ ਸਕੱਤਰੇਤ ਵਿਖੇ ਬਾਗਬਾਨੀ ਵਿਭਾਗ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਮੀਟਿੰਗ ’ਚ ਵਧੀਕ ਮੁੱਖ ਸਕੱਤਰ (ਬਾਗਬਾਨੀ) ਅਨੁਰਾਗ ਵਰਮਾ ਅਤੇ ਬਾਗਬਾਨੀ ਵਿਭਾਗ ਦੇ ਡਾਇਰੈਕਟਰ ਸ਼ੈਲਿੰਦਰ ਕੌਰ ਮੌਜੂਦ ਰਹੇ। ਇਸ ਦੌਰਾਨ ਜਾਣਕਾਰੀ ਵੀ ਸਾਂਝੀ ਕੀਤੀ ਗਈ ਕਿ 4 ਤੋਂ 9 ਦਸੰਬਰ 2024 ਤੱਕ ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਇਕ ਸਿਲਕ ਐਕਸਪੋ ਕਰਵਾਇਆ ਗਿਆ ਸੀ, ਜਿਸ ਦਾ ਉਦੇਸ਼ ਰਾਜ ’ਚ ਰੇਸ਼ਮ ਉਤਪਾਦਨ ਨੂੰ ਹੁਲਾਰਾ ਦੇਣ ਤੇ ਰੇਸ਼ਮ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਦੀ ਆਮਦਨ ਵਧਾਉਣਾ ਸੀ। ਜ਼ਿਕਰਯੋਗ ਹੈ ਕਿ ਕੇਂਦਰੀ ਰੇਸ਼ਮ ਬੋਰਡ ਨੇ ਆਉਣ ਵਾਲੇ ਸਾਲਾਂ ’ਚ ਇਸ ਪਹਿਲਕਦਮੀ ਲਈ ਸਹਾਇਤਾ ਪ੍ਰਦਾਨ ਕਰਨ ਲਈ ਸਹਿਮਤੀ ਵੀ ਦੇ ਦਿੱਤੀ ਹੈ। ਮੋਹਿੰਦਰ ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਯਤਨਾਂ ਅਤੇ ਐਚ.ਡੀ.ਐਫ.ਸੀ. ਬੈਂਕ ਦੀ ਕਾਰਪੋਰੇਟ ਸੋਸ਼ਲ ਰਿਸਪਾਂਸੀਬਿਲਟੀ ਫੰਡ ਸਕੀਮ (ਸੀ.ਐਸ.ਆਰ.) ਦੇ ਸਾਂਝੇ ਯਤਨਾਂ ਸਦਕਾ



ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਕਿਸਾਨਾਂ ਨੂੰ ਰੇਸ਼ਮ-ਕੀਟ ਬੀਜ ਮੁਹੱਈਆ ਕਰਾਉਣ ’ਚ ਮਦਦ ਮਿਲੇਗੀ, ਜਿਸ ਦਾ ਬਜਟ 14.82 ਲੱਖ ਰੁਪਏ ਹੈ। ਇਹ ਉਪਰਾਲਾ ਵੱਧ ਤੋਂ ਵੱਧ ਕਿਸਾਨਾਂ ਨੂੰ ਰੇਸ਼ਮ ਦੀ ਖੇਤੀ ਲਈ ਪ੍ਰੇਰਿਤ ਕਰਨ ਅਤੇ ਕਿਸਾਨਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ’ਚ ਮਦਦ ਕਰੇਗਾ। ਯੋਜਨਾ ’ਚ ਕਿਸਾਨਾਂ ਨੂੰ ਰੇਸ਼ਮ-ਕੀਟ ਬੀਜ ਸਮੱਗਰੀ ਪ੍ਰਦਾਨ ਕਰਨਾ ਸ਼ਾਮਲ ਹੈ, ਜੋ ਇਸ ਉਦਯੋਗ ਨੂੰ ਹੋਰ ਉਤਸ਼ਾਹਿਤ ਕਰੇਗਾ। ਸੀ.ਐਸ.ਆਰ. ਪ੍ਰੋਗਰਾਮ ਤਹਿਤ, ਐਚ.ਡੀ.ਐਫ.ਸੀ. ਬੈਂਕ ਰੀਲਿੰਗ ਯੂਨਿਟ ਦੀ ਸਥਾਪਨਾ ਲਈ 51.17 ਲੱਖ ਰੁਪਏ ਦੀ ਗ੍ਰਾਂਟ ਪ੍ਰਦਾਨ ਕਰੇਗਾ, ਜਿਸ ਨਾਲ ਕੋਕੂਨ ਤੋਂ ਰੇਸ਼ਮ ਦੇ ਧਾਗੇ ਬਣਾਏ ਜਾਣਗੇ। ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ‘ਫ਼ੇਜ਼ ਯੋਜਨਾ’ ਕਲੱਸਟਰ ਪਹੁੰਚ ਨੂੰ ਉਤਸ਼ਾਹਿਤ ਕਰੇਗੀ, ਜੋ ਕਿਸਾਨਾਂ ਨੂੰ ਖੇਤੀ-ਕਾਰੋਬਾਰੀ ਉੱਦਮੀ ਬਣਨ ਲਈ ਸਿੱਖਿਅਤ ਅਤੇ ਸਿਖਲਾਈ ਦੇਣ ‘ਤੇ ਕੇਂਦਰਿਤ ਹੈ। ਇਸ ਨੂੰ ਸਮਰਥਨ ਦੇਣ ਲਈ, ਅੰਤਰਰਾਜੀ ਅਧਿਐਨ ਟੂਰ ਕਰਵਾਏ ਜਾਣਗੇ, ਜਿਸ ’ਚ ਐਚ.ਡੀ.ਐਫ.ਸੀ. ਬੈਂਕ ਦਾ ਸੀ.ਐਸ.ਆਰ. ਪ੍ਰੋਗਰਾਮ ਸਹਾਇਤਾ ਪ੍ਰਦਾਨ ਕਰੇਗਾ।

## ਕੋਚੀ ਹਵਾਈ ਅੱਡੇ ’ਤੇ ਕੂੜੇ ਦੇ ਟੋਏ ’ਚ ਡਿੱਗਣ ਨਾਲ 3 ਸਾਲਾ ਬੱਚੇ ਦੀ ਮੌਤ

ਕੋਚੀ 9 ਫਰਵਰੀ। ਕੇਰਲ ਦੇ ਕੋਚੀ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਕੰਪਲੈਕਸ ਵਿੱਚ ਸ਼ੁੱਕਰਵਾਰ ਨੂੰ ਕੂੜੇ ਦੇ ਟੋਏ ਵਿੱਚ ਡਿੱਗਣ ਨਾਲ ਇੱਕ 3 ਸਾਲਾ ਬੱਚੇ ਦੀ ਮੌਤ ਹੋ ਗਈ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਬੱਚੇ ਦੀ ਪਛਾਣ ਰਾਜਸਥਾਨ ਦੇ ਰਹਿਣ ਵਾਲੇ ਰਿਧਾਨ ਜਾਜੂ ਵਜੋਂ ਹੋਈ ਹੈ। ਪੁਲਸ ਦੇ ਅਨੁਸਾਰ, ਬੱਚਾ ਆਪਣੇ ਮਾਪਿਆਂ ਨਾਲ ਨੇਦੁੰਬਸੇਰੀ ਪਹੁੰਚਿਆ ਸੀ। ਉਹ ਆਪਣੇ ਵੱਡੇ ਭਰਾ ਨਾਲ ਬਾਹਰ ਖੇਡ ਰਿਹਾ ਸੀ, ਜਦੋਂ ਅਚਾਨਕ ਉਹ ਕੂੜੇ ਨਾਲ ਭਰੇ ਟੋਏ ਵਿੱਚ ਡਿੱਗ ਪਿਆ। ਘਟਨਾ ਦੇ ਸਮੇਂ ਉਸਦੇ ਮਾਤਾ-ਪਿਤਾ ਇੱਕ ਕੈਫੇ ਵਿੱਚ ਬੈਠੇ ਸਨ। ਉਨ੍ਹਾਂ ਕਿਹਾ ਕਿ ਘਟਨਾ ਤੋਂ ਬਾਅਦ ਬੱਚੇ ਨੂੰ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ,



ਪਰ ਉਸਨੂੰ ਬਚਾਇਆ ਨਹੀਂ ਜਾ ਸਕਿਆ। ਕੋਚੀਨ ਇੰਟਰਨੈਸ਼ਨਲ ਏਅਰਪੋਰਟ ਲਿਮਟਿਡ (ਸੀਆਈਏਐਲ) ਵੱਲੋਂ ਜਾਰੀ ਬਿਆਨ ਅਨੁਸਾਰ, ਇਹ ਘਟਨਾ ਅੱਜ ਦੁਪਹਿਰ ਘਰੇਲੂ ਟਰਮੀਨਲ ਦੇ ਨੇੜੇ ਇੱਕ ਕੈਫੇ ਦੇ ਪਿਛਲੇ ਖੇਤਰ ਵਿੱਚ ਵਾਪਰੀ, ਜਿੱਥੇ ਸੈਲਾਨੀਆਂ ਦੇ ਜਾਣ ’ਤੇ ਮਨਾਹੀ ਹੈ। ਪਰਿਵਾਰ ਕੁਝ ਲੋਕਾਂ ਨਾਲ ਕੋਚੀ ਪਹੁੰਚਿਆ ਸੀ ਅਤੇ ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਉਨ੍ਹਾਂ ਦਾ ਬੱਚਾ ਲਾਪਤਾ ਹੈ, ਤਾਂ ਉਨ੍ਹਾਂ ਨੇ 391* ਦੇ ਸੁਰੱਖਿਆ ਸਟਾਫ਼ ਨੂੰ ਸੂਚਿਤ ਕੀਤਾ। ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ ਸੀਸੀਟੀਵੀ ਫੁਟੇਜ ਤੋਂ ਪਤਾ ਲੱਗਾ ਕਿ ਬੱਚਾ ਟੋਏ ਵਿੱਚ ਡਿੱਗ ਗਿਆ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਬੱਚੇ ਨੂੰ ਤੁਰੰਤ ਬਾਹਰ ਕੱਢਿਆ ਗਿਆ ਅਤੇ ਨੇੜਲੇ ਨਿੱਜੀ ਹਸਪਤਾਲ ਲਿਜਾਇਆ ਗਿਆ ਪਰ ਡਾਕਟਰਾਂ ਨੇ ਦੁਪਹਿਰ 1.42 ਵਜੇ ਉਸਨੂੰ ਮ੍ਰਿਤਕ ਐਲਾਨ ਦਿੱਤਾ।

## ਪੰਜਾਬ ਤੋਂ ਵੱਡੀ ਖ਼ਬਰ, ਘਰ ’ਚ ਰੱਖੇ ਪਾਠ ਦੌਰਾਨ ਡਿੱਗੀ ਛੱਤ

ਹਰੀਕੇ ਪੱਤਣ 9 ਫਰਵਰੀ। ਤਰਨਤਾਰਨ ਦੇ ਪਿੰਡ ਸਭਰਾ ’ਚ ਵੱਡਾ ਹਾਦਸਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇਕ ਘਰ ’ਚ ਰੱਖੇ ਸਹਿਜ ਪਾਠ ਦੇ ਭੋਗ ਮੌਕੇ ਘਰ ਦੀ ਛੱਤ ਡਿੱਗ ਗਈ, ਜਿੱਥੇ 20 ਤੋਂ 22 ਜਣੇ ਘਰ ਦੀ ਛੱਤ ਹੇਠਾਂ ਆ ਗਏ ਅਤੇ ਇਕ ਵਿਅਕਤੀ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਹਰਭਜਨ ਸਿੰਘ ਉਰਫ ਲਵਲੀ ਪੁੱਤਰ ਭਗਵਾਨ ਸਿੰਘ ਦੇ ਘਰ ਵਿਖੇ ਸਹਿਜ ਪਾਠ ਦਾ ਭੋਗ ਸੀ ਅਤੇ ਅਨੇਕਾਂ ਲੋਕ ਉਨ੍ਹਾਂ ਦੇ ਘਰ ਆਏ ਹੋਏ ਸਨ। ਦੱਸਿਆ ਜਾ ਰਿਹਾ ਹੈ ਕਿ ਘਰ ਦੀ ਛੱਤ ’ਤੇ ਟੈਂਟ ਲਗਾ ਕੇ ਲੋਕ ਛੱਤ ’ਤੇ ਬੈਠੇ ਹੋਏ ਸਨ ਅਤੇ ਛੱਤ ਕਾਫ਼ੀ ਪੁਰਾਣੀ ਸੀ ਜਿਸ ਕਾਰਨ ਉਹ ਡਿੱਗ ਗਈ ਅਤੇ 20 ਤੋਂ 22 ਜਣੇ ਛੱਤ ਦੇ ਹੇਠਾਂ ਆ ਗਏ ਤੇ ਇਕ ਵਿਅਕਤੀ ਦੀ ਮੌਤ ਹੋ ਗਈ। ਇਸ ਦੌਰਾਨ ਲੋਕਾਂ ਦਾ ਚੀਕ-ਚਿਹਾੜਾ ਪੈ ਗਿਆ ਅਤੇ ਮੌਕੇ ’ਤੇ ਐਬੂਲੈਂਸ ਬੁਲਾ ਕੇ ਜ਼ਖ਼ਮੀਆਂ ਨੂੰ ਇਲਾਜ ਲਈ ਤੁਰੰਤ ਹਸਪਤਾਲ ਦਾਖ਼ਲ ਕਰਵਾਇਆ ਗਿਆ।

## ਸੜਕ ਹਾਦਸੇ ਦੌਰਾਨ ਕਾਰ ਸਵਾਰ ਦੀ ਮੌਤ, ਨੌਜਵਾਨ ਜ਼ਖ਼ਮੀ

ਨਵਾਂਸ਼ਹਿਰ 9 ਫਰਵਰੀ। ਨਵਾਂਸ਼ਹਿਰ ਦੇ ਰੇਲਵੇ ਫਾਟਕ ’ਤੇ ਸਥਿਤ ਜਨਤਾ ਟੈਂਪੂ ਯੂਨੀਅਨ ਨੇੜੇ ਇਕ ਕਾਰ ਬੇਕਾਬੂ ਹੋ ਕੇ ਇਕ ਰੇਹੜੀ ’ਚ ਜਾ ਵੜਨ ਕਾਰਨ ਕਾਰ ’ਚ ਸਵਾਰ ਇਕ ਵਿਅਕਤੀ ਦੀ ਮੌਕੇ ’ਤੇ ਹੀ ਮੌਤ ਹੋ ਗਈ ਅਤੇ 18 ਸਾਲਾ ਨੌਜਵਾਨ ਗੰਭੀਰ ਰੂਪ ਨਾਲ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੌਜਵਾਨ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਪੀ. ਜੀ. ਆਈ. ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਜਦਕਿ ਕਾਰ ਨਾਲ ਟਕਰਾ ਜਾਣ ਕਾਰਨ ਰੇਹੜੀ ਬੁਰੀ ਤਰ੍ਹਾਂ ਨੁਕਸਾਨੀ ਗਈ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਗੰਭੀਰ ਜ਼ਖ਼ਮੀ ਨੌਜਵਾਨ ਨੂੰ ਇਲਾਜ ਲਈ ਦਾਖ਼ਲ ਕਰਵਾਇਆ, ਜਦਕਿ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ। ਪੁਲਸ ਜਾਂਚ ਅਧਿਕਾਰੀ ਏ.ਐਸ.ਆਈ. ਕਰਮਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਨੀਵਾਰ ਰਾਤ ਕਰੀਬ 11.30 ਵਜੇ ਹਾਦਸੇ ਦੀ ਸੂਚਨਾ ਮਿਲੀ ਸੀ। ਉਨ੍ਹਾਂ ਦੱਸਿਆ ਕਿ ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਉਕਤ ਕਾਰ ਨਵਾਂਸ਼ਹਿਰ ਦੇ ਰੇਲਵੇ ਫਾਟਕ ਨੇੜੇ ਜਨਤਾ ਟੈਂਪੂ ਟ?ਰੈਵਲ ਕੋਲ ਕਰਿਆਮ ਸਾਈਡ ਤੋਂ ਆ ਰਹੀ ਸੀ ਤਾਂ ਉਸ ਦੀ ਆਈ.10 ਕਾਰ ਬੇਕਾਬੂ ਹੋ ਕੇ ਸਾਹਮਣੇ ਤੋਂ ਆ ਰਹੇ ਇਕ ਵਾਹਨ ਨੂੰ ਛੂਹ ਕੇ ਇਕ ਕੋਠੀ ਵਿਚ ਜਾ ਵੜੀ। ਜਿਸ ਕਾਰਨ ਕਾਰ ’ਚ ਸਵਾਰ ਜਸਵੀਰ ਸਿੰਘ (35) ਪੁੱਤਰ ਦਰਸ਼ਨ ਸਿੰਘ ਵਾਸੀ ਮਹਿਤਪੁਰ ਉੱਲਦਨੀ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਕਾਰ ’ਚ ਸਵਾਰ ਨੌਜਵਾਨ ਮਨਪ੍ਰੀਤ ਸਿੰਘ (18) ਪੁੱਤਰ ਕਮਲ ਵਾਸੀ ਬਰਨਾਲਾ ਗੰਭੀਰ ਜ਼ਖ਼ਮੀ ਹੋ ਗਿਆ

# ’ਡਰੋਨ’ ਰਾਹੀਂ ਬਾਰਡਰ ਪੱਟੀ ’ਤੇ ਹੁੰਦੀ ਚਿੱਟੇ ਦੀ ਤਸਕਰੀ ਬਣੀ ਵੱਡੀ ਚੁਣੌਤੀ

**ਏਜੰਸੀਆਂ**

ਜਲਾਲਾਬਾਦ 9 ਫਰਵਰੀ। ਸੂਬੇ ਲਈ ਚੁਣੌਤੀ ਬਣ ਚੁੱਕਿਆ ਨਸ਼ੀਲਾ ਪਦਾਰਥ ‘ਚਿੱਟਾ’ ਜਿੱਥੇ ਆਏ ਦਿਨ ਪੰਜਾਬ ਦੀ ਜਵਾਨੀ ਨੂੰ ਆਪਣੀ ਲਪੇਟ ਵਿੱਚ ਲੈ ਰਿਹਾ ਹੈ, ਉਥੇ ਹੀ ਧੁੰਦ ਦੇ ਦਿਨਾਂ ਵਿੱਚ ਬਾਰਡਰ ਪਾਰ ਤੋਂ ‘ਡ?ਰੋਨ’ ਰਾਹੀਂ ਚਿੱਟੇ ਦੀ ਤਸਕਰੀ ਵਧਣ ਨਾਲ ਸਰਹੱਦੀ ਖੇਤਰ ਵਿੱਚ ‘ਚਿੱਟੇ’ ਦੀ ਆਮਦ ਦਾ ਮੁੱਖ ਮਾਰਗ ਬਣ ਚੁੱਕਾ ਹੈ ਅਤੇ ਦਿਨੋਂ-ਦਿਨ ਵਿਸ਼ਾਲ ਹੁੰਦੇ ਜਾ ਰਹੇ ਇਸ ਨੈੱਟਵਰਕ ਨੂੰ ਤੋੜਨਾ ਪੰਜਾਬ ਪੁਲਸ ਲਈ ਵੱਡੀ ਚੁਣੌਤੀ ਬਣਿਆ ਹੋਇਆ ਹੈ। ਜਦਕਿ ਇਸ ਨੈੱਟਵਰਕ ਨੂੰ ਤੋੜਨ ਲਈ ਹੁਣ ਪੰਜਾਬ ਪੁਲਸ ਵੱਲੋਂ ਵੀ ਸਰਗਰਮੀ ਵਿਖਾਉਂਦੇ ਹੋਏ ਪੁਲਸ ਪ੍ਰਸ਼ਾਸਨ ਦੇ ਉਚਅਧਿਕਾਰੀਆਂ ਦੁਆਰਾ ਹੇਠਲੇ ਪੱਧਰ ਦੇ ਪੁਲਸ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਭਰੋਸੇਯੋਗ ਸਤੂਰਾਂ ਦੇ ਮੁਤਾਬਕ, ਚਿੱਟੇ ਦਾ ਵੱਡਾ ਨੈੱਟਵਰਕ ਸਰਹੱਦੀ ਪੱਟੀ ਦੇ ਦਮ ’ਤੇ ਪੂਰੇ ਸੂਬੇ ਵਿੱਚ ਫੈਲਿਆ ਹੋਇਆ ਹੈ ਤੇ ਧੁੰਦ ਦੇ ਦਿਨਾਂ ਵਿੱਚ ਇਹ ਨੈੱਟਵਰਕ ਹੋਰ ਵੀ ਮਜ਼ਬੂਤ ਹੋ ਜਾਂਦਾ ਹੈ। ਧੁੰਦ ਕਾਰਨ ਆਸਮਾਨ ਵਿੱਚ ਉੱਡਦਾ ‘ਡ?ਰੋਨ’ ਨਜ਼ਰੀਂ ਨਹੀਂ ਪੈਂਦਾ ਤੇ ਇਸ ਸਥਿਤੀ ਦਾ ਫਾਇਦਾ ਉਠਾ ਕੇ ਗੁਆਂਢੀ ਮੁਲਕ ਪਾਕਿਸਤਾਨ ’ਚ ਬੈਠੇ ਨਸ਼ਾ ਤਸਕਰ ਇੱਥੋਂ ਦੇ ਨਸ਼ਾ ਤਸਕਰਾਂ ਨਾਲ ਸਾਜ-ਬਾਜ ਹੋ ਕੇ ਵੱਡੀ ਮਾਤਰਾ ਵਿੱਚ ਚਿੱਟੇ ਦੀ ਤਸਕਰੀ ਨੂੰ ਅੰਜਾਮ ਦਿੰਦੇ ਹਨ। ਭਾਵੇਂ ਕਈ ਵਾਰ ਪੰਜਾਬ ਪੁਲਸ ਦੇ ਹੱਥ ਵੱਡੀ ਕਾਮਯਾਬੀ ਵੀ ਲੱਗੀ ਹੈ, ਪਰ ਨਸ਼ੇ ਦੀ ਤਸਕਰੀ ਦੇ ਮੁਕਾਬਲੇ ਇਹ



ਕਾਮਯਾਬੀ ਕੋਈ ਵੱਡਾ ਮਾਰਕਾ ਨਹੀਂ ਰੱਖਦੀ। ਨਤੀਜੇ ਵਜੋਂ ਸਰਹੱਦ ਨਾਲ ਲੱਗਦੇ ਪਿੰਡਾਂ ਵਿੱਚ ਸਰਹੱਦ ਪਾਰ ਤੋਂ ‘ਡ?ਰੋਨ’ ਰਾਹੀਂ ਚਿੱਟਾ ਆਉਣ ਦੀਆਂ ਗਤੀਵਿਧੀਆਂ ਧੁੰਦੇ ਦੇ ਦਿਨਾਂ ਵਿੱਚ ਹੋਰ ਵੀ ਤੇਜ਼ ਹੋ ਜਾਂਦੀਆਂ ਹਨ। ਪਰ ਪੁਲਸ ਪ੍ਰਸ਼ਾਸਨ ਇਸ ਨੈੱਟਵਰਕ ਨੂੰ ਪੂਰਨ ਤੌਰ ’ਤੇ ਤੋੜਨ ਵਿੱਚ ਅਸਮਰੱਥ ਹੀ ਰਿਹਾ ਹੈ। ਜਿਸ ਦੇ ਚੱਲਦਿਆਂ ‘ਚਿੱਟਾ’ ਨਾਂਅ ਦਾ ਇਹ ਨਸ਼ੀਲਾ ਪਦਾਰਥ ਅਨੇਕਾਂ ਘਰਾਂ ਦੇ ਰੋਸ਼ਨ ਚਿਰਾਗਾਂ ਨੂੰ ਬੁਝਾ ਕੇ ਪੰਜਾਬ ਦਾ ਭਵਿੱਖ ਤੇ ਵਰਤਮਾਨ ‘ਹਨੇਰੇ’ ਵੱਲ ਧੱਕ ਰਿਹਾ ਹੈ ਜਿਸ ’ਤੇ ਕਾਬੂ ਪਾਉਣਾ ਸਮੇਂ ਦੀ ਜ਼ਰੂਰਤ ਬਣ ਚੁੱਕਾ ਹੈ। ਜ਼ਿਕਰਯੋਗ ਹੈ ਕਿ ਬੀਤੇ ਕੱਲ੍ਹ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਸ ਪ੍ਰਸ਼ਾਸਨ ਦੇ ਉਚਅਧਿਕਾਰੀਆਂ ਸਮੇਤ ਸਮੂਹ ਜ਼ਿਲ੍ਹਿਆਂ ਦੇ ਐਸ. ਐਸ. ਪੀ. ਸਾਹਿਬਾਨ ਨਾਲ ਮੀਟਿੰਗ ਕਰਦੇ ਹੋਏ ਨਸ਼ੇ ਦੇ ਖਾਤਮੇ ਲਈ ਅਹਿਮ ਨਿਰਦੇਸ਼ ਜਾਰੀ ਕੀਤੇ ਗਏ ਹਨ। ਉਸ ਉਪਰੰਤ ਹੁਣ ਉਚਅਧਿਕਾਰੀਆਂ ਵੱਲੋਂ ਹੇਠਲੇ ਪੱਧਰ ’ਤੇ ਵੀ ਮੀਟਿੰਗਾਂ ਦਾ ਦੌਰ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਦੌਰਾਨ ਨਸ਼ਾ ਤਸਕਰੀ ’ਤੇ ਰੋਕ ਲਾਉਣ ਲਈ ਰਣਨੀਤੀ ਬਣਾਈ ਜਾ ਰਹੀ ਹੈ ਤਾਂ ਜੋ ਨਸ਼ੇ ਦਾ ਲੱਕ ਤੋੜਿਆ ਜਾ ਸਕੇ। ਇਸ ਸਭ ਦੇ ਚੱਲਦਿਆਂ ਇਲਾਕੇ ਦੇ ਸਮਾਜ ਸੇਵੀ ਆਗੂਆਂ ਵੱਲ ਸਰਹੱਦੀ ਖੇਤਰ ’ਚ ਵਧ ਰਹੇ ਨਸ਼ੇ ਦੇ ਨੈੱਟਵਰਕ ਨੂੰ ਤੋੜਨ ਤੇ ਖਾਸ ਤੌਰ ’ਤੇ ਡਰੋਨ ਰਾਹੀਂ ਵਧੀ ਤਸਕਰੀ ’ਤੇ ਨੱਥ ਪਾਉਣ ਦੀ ਮੰਗ ਕੀਤੀ ਜਾ ਰਹੀ ਹੈ ਤਾਂ ਜੋ ਪੰਜਾਬ ਦੀ ਜਵਾਨੀ ਤੇ ਪੰਜਾਬ ਦੇ ਭਵਿੱਖ ਨੂੰ ਨਸ਼ੇ ਦੀ ਮਾਰ ਤੋਂ ਬਚਾਅ ਕੇ ਪੰਜਾਬ ਨੂੰ ਸਿਹਤਮੰਦ ਸੂਬਾ ਬਣਾਇਆ ਜਾ ਸਕੇ।

# ਮੁਰਗਾ ਜਾਨਵਰ ਹੈ ਜਾਂ ਪੰਛੀ? ਮਾਮਲਾ ਹਾਈਕੋਰਟ ਪਹੁੰਚਿਆ ਤਾਂ ਮਿਲਿਆ ਇਹ ਜਵਾਬ

**ਏਜੰਸੀਆਂ**

ਨੈਸ਼ਨਲ ਡੈਸਕ 9 ਫਰਵਰੀ। ਪਹਿਲਾਂ ਮੁਰਗੀ ਆਈ ਜਾਂ ਆਂਡਾ, ਇਹ ਬਹਿਸ ਪੁਰਾਣੀ ਹੋ ਗਈ ਹੈ। ਹੁਣ ਬਹਿਸ ਦਾ ਵਿਸ਼ਾ ਇਹ ਹੈ ਕਿ ਮੁਰਗਾ ਜਾਨਵਰ ਹੈ ਜਾਂ ਪੰਛੀ? ਇਹ ਬਹਿਸ ਸੋਸ਼ਲ ਮੀਡੀਆ ’ਤੇ ਅਕਸਰ ਹੁੰਦੀ ਰਹਿੰਦੀ ਹੈ। ਇਸ ਬਹਿਸ ਦਾ ਮਾਮਲਾ ਅਦਾਲਤ ਤੱਕ ਵੀ ਪਹੁੰਚ ਗਿਆ। ਗੁਜਰਾਤ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਸਵਾਲ ਉਠਾਇਆ ਗਿਆ ਸੀ ਕਿ ਕੀ ਮੁਰਗਿਆਂ ਨੂੰ ਜਾਨਵਰਾਂ ਦੀ ਸ਼੍ਰੇਣੀ ਵਿੱਚ ਰੱਖਿਆ ਜਾਣਾ ਚਾਹੀਦਾ ਹੈ ਜਾਂ ਨਹੀਂ। ਪਟੀਸ਼ਨ ’ਚ ਉਠਾਏ ਗਏ ਇਸ ਸਵਾਲ ਦਾ ਜਵਾਬ ਦੇਣ ਲਈ ਗੁਜਰਾਤ ਹਾਈ ਕੋਰਟ ’ਚ ਸੁਣਵਾਈ ਹੋਈ। ਪਟੀਸ਼ਨ ਵਿੱਚ ਮੰਗ ਕੀਤੀ ਗਈ ਸੀ ਕਿ ਮੁਰਗਿਆਂ ਨੂੰ ਬੁੱਚੜਖਾਨੇ ਵਿੱਚ ਹੀ ਮਾਰਿਆ ਜਾਵੇ ਜਾਂ ਪੋਲਟਰੀ ਫਾਰਮਾਂ ’ਚ। ਮੁਰਗਾ ਹੋਵੇ ਜਾਂ ਮੁਰਗੀ, ਦੋਵਾਂ ਦੇ ਖੰਭ ਹੁੰਦੇ ਹਨ, ਇਸ ਲਈ ਉਹ ਪੰਛੀਆਂ ਦੀ ਸ਼੍ਰੇਣੀ ਵਿਚ ਆਉਂਦੇ ਹਨ, ਫਿਰ ਇਨ੍ਹਾਂ ਨੂੰ ਜਾਨਵਰ ਕਹਿਣ ’ਤੇ ਬਹਿਸ ਕਿਉਂ ਸ਼ੁਰੂ ਹੋ ਗਈ? ਜਾਣੋ, ਮੁਰਗਾ ਜਾਨਵਰ ਹੈ ਜਾਂ ਪੰਛੀ? ਇਸ ਨੂੰ ਕਿਸ ਸ਼੍ਰੇਣੀ ਵਿੱਚ ਰੱਖਿਆ ਜਾਣਾ ਚਾਹੀਦਾ ਹੈ? ਅਦਾਲਤ ਨੇ ਇਸ ਮਾਮਲੇ ’ਚ ਕੀ ਕਿਹਾ ਅਤੇ ਵਿਗਿਆਨ ’ਚ ਇਸ ਸਬੰਧੀ ਕੀ ਦਲੀਲਾਂ ਦਿੱਤੀਆਂ ਗਈਆਂ ਹਨ। ਐਨੀਮਲ ਵੈਲਫੇਅਰ ਫਾਊਂਡੇਸ਼ਨ ਅਤੇ ਅਹਿੰਸਾ ਮਹਾਸੰਘ ਨੇ ਸਾਲ 2023 ’ਚ ਹਾਈ ਕੋਰਟ ’ਚ ਪਟੀਸ਼ਨ ਦਾਇਰ ਕੀਤੀ ਸੀ। ਪਟੀਸ਼ਨ ’ਚ ਚਿਕਨ ਦੀਆਂ ਦੁਕਾਨਾਂ ’ਤੇ ਮੁਰਗਿਆਂ ਦੇ ਕੱਟੇ ਜਾਣ ’ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ ਸੀ। ਪਟੀਸ਼ਨ ’ਚ ਕਿਹਾ ਗਿਆ ਹੈ ਕਿ ਬੁੱਚੜਖਾਨਿਆਂ ’ਚ ਹੀ ਮੁਰਗਿਆਂ ਦਾ ਕਤਲ ਕੀਤਾ ਜਾਣਾ ਚਾਹੀਦਾ ਹੈ। ਪਟੀਸ਼ਨਕਰਤਾ ਨੇ ਕਾਨੂੰਨ ਦੀ ਉਲੰਘਣਾ ਦਾ ਦੋਸ਼ ਲਾਇਆ ਸੀ। ਇਸ ਤੋਂ ਬਾਅਦ ਸੂਬੇ ਭਰ ਦੀਆਂ ਸਥਾਨਕ ਸੰਸਥਾਵਾਂ ਨੇ ਮੀਟ ਦੀਆਂ ਦੁਕਾਨਾਂ ਦੀ ਜਾਂਚ ਕੀਤੀ। ਇਸ ਮਾਮਲੇ ਦੀ ਸੁਣਵਾਈ ਜਸਟਿਸ ਐਨ.ਵੀ. ਅੰਜਾਰੀਆ ਅਤੇ ਜਸਟਿਸ ਨਿਰਲ ਮਹਿਤਾ ਦੀ ਡਿਵੀਜ਼ਨ ਬੈਂਚ ਨੇ ਕੀਤੀ। ਸਰਕਾਰੀ ਵਕੀਲ ਮਨੀਸ਼ਾ ਲਵਕੁਮਾਰ ਨੇ ਸਪੱਸ਼ਟ ਕੀਤਾ ਕਿ ਮੁਰਗਿਆਂ ਐਕਟ ਤਹਿਤ ਜਾਨਵਰਾਂ ਦੀ ਸ਼੍ਰੇਣੀ ਵਿੱਚ ਆਉਂਦੇ ਹਨ। ਯਾਨੀ ਉਨ੍ਹਾਂ ਨੂੰ ਜਾਨਵਰ ਮੰਨਿਆ ਜਾਂਦਾ ਹੈ, ਜਦੋਂ ਕਿ ਮੱਛੀ ਇਸ ਸ਼੍ਰੇਣੀ ਵਿੱਚ ਸ਼ਾਮਲ ਨਹੀਂ ਹੈ। ਅਦਾਲਤ ਨੇ ਇਸ ਪੂਰੇ ਮਾਮਲੇ ਵਿੱਚ ਪਹਿਲਾਂ ਸਰਕਾਰ ਤੋਂ ਰਾਏ ਮੰਗੀ ਸੀ। ਗੁਜਰਾਤ ਸਰਕਾਰ ਨੇ ਇਸ ਸਵਾਲ ਦਾ ਜਵਾਬ ਦਿੱਤਾ ਕਿ ਮੁਰਗਾ ਜਾਨਵਰ ਹੈ ਜਾਂ ਪੰਛੀ? ਸਰਕਾਰ ਨੇ ਕਿਹਾ ਕਿ ਫੂਡ ਐਂਡ ਸੇਫਟੀ ਸਟੈਂਡਰਡ ਐਕਟ ਤਹਿਤ ਮੁਰਗੇ ਨੂੰ ਜਾਨਵਰ ਮੰਨਿਆ ਜਾਂਦਾ ਹੈ ਨਾ ਕਿ ਪੰਛੀ। ਇਸ ਲਈ ਇਸ ਨੂੰ ਜਾਨਵਰ



ਮੰਨਿਆ ਜਾਵੇਗਾ ਅਤੇ ਕਾਨੂੰਨ ਦੀ ਉਲੰਘਣਾ ਨਹੀਂ ਕੀਤੀ ਜਾ ਰਹੀ ਹੈ। ਜੇਕਰ ਵਿਗਿਆਨਕ ਨਜ਼ਰੀਏ ਤੋਂ ਸਮਝਿਆ ਜਾਵੇ ਤਾਂ ਮੁਰਗਾ ਜਾਨਵਰ ਅਤੇ ਪੰਛੀ ਦੋਵੇਂ ਹਨ। ਚਿਕਨ ਨੂੰ ਜਾਨਵਰਾਂ ਦੇ ਰਾਜ ਐਨੀਮਾਲੀਆ ਵਿੱਚ ਸ਼੍ਰੇਣੀਬੱਧ ਕੀਤਾ ਗਿਆ ਹੈ, ਜਿਸ ਵਿੱਚ ਪੌਦਿਆਂ, ਫੰਜਾਈ ਅਤੇ ਬੈਕਟੀਰੀਆ ਵਰਗੇ ਸੂਖਮ ਜੀਵਾਂ ਨੂੰ ਛੱਡ ਕੇ ਸਾਰੇ ਜੀਵਤ ਜੀਵ ਸ਼ਾਮਲ ਹਨ। ਇਸ ਲਈ ਇਸ ਨੂੰ ਜਾਨਵਰ ਮੰਨਿਆ ਜਾ ਸਕਦਾ ਹੈ। ਵਿਗਿਆਨ ਵਿੱਚ ਚਿਕਨ ਨੂੰ ਏਵੀਜ਼ ਦੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ। ਉਹ ਸਾਰੇ ਪੰਛੀ ਜਿਨ੍ਹਾਂ ਦੇ ਖੰਭ ਹਨ ਅਤੇ ਅੰਡੇ ਦਿੰਦੇ ਹਨ, ਨੂੰ ਇਸ ਸ਼੍ਰੇਣੀ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਤਰ੍ਹਾਂ ਮੁਰਗਾ ਪੰਛੀ ਦੀ ਸ਼੍ਰੇਣੀ ਵਿੱਚ ਆਉਂਦਾ ਹੈ। ਜੇਕਰ ਸਰਲ ਭਾਸ਼ਾ ਵਿੱਚ ਸਮਝ ਲਿਆ ਜਾਵੇ ਤਾਂ ਨਿਸ਼ਚਿਤ ਤੌਰ ’ਤੇ ਇਸ ਨੂੰ ਜਾਨਵਰ ਦੀ ਇੱਕ ਕਿਸਮ ਕਿਹਾ ਜਾ ਸਕਦਾ ਹੈ। ਇਸ ਤਰ੍ਹਾਂ, ਉਪਲਬਧ ਪ੍ਰਤੱਖ ਸਬੂਤਾਂ ਤੋਂ, ਇਹ ਸਪੱਸ਼ਟ ਹੈ ਕਿ ਮੁਰਗਾ ਸਭ ਤੋਂ ਪਹਿਲਾਂ ਇੱਕ ਜਾਨਵਰ ਹੈ ਕਿਉਂਕਿ ਇਸ ਨੂੰ ਜਾਨਵਰਾਂ ਲਈ ਬਣਾਏ ਗਏ ਜਾਨਵਰਾਂ ਦੇ ਰਾਜ ਵਿੱਚ ਸਥਾਨ ਦਿੱਤਾ ਗਿਆ ਹੈ। ਫਿਰ ਇਸਨੂੰ ਏਵੀਜ਼ ਵਿੱਚ ਇੱਕ ਸਥਾਨ ਮਿਲਿਆ, ਜੋ ਜਾਨਵਰਾਂ ਲਈ ਵੰਡੀਆਂ ਗਈਆਂ ਬਹੁਤ ਸਾਰੀਆਂ ਸ਼੍ਰੇਣੀਆਂ ਵਿੱਚੋਂ ਇੱਕ ਹੈ।

## ਪੰਜਾਬ ਤੋਂ ਵੱਡੀ ਖ਼ਬਰ, ਘਰ ’ਚ ਰੱਖੇ ਪਾਠ ਦੌਰਾਨ ਡਿੱਗੀ ਛੱਤ, 22 ਲੋਕ ਦੱਬੇ ਗਏ ਹੇਠਾਂ

ਹਰੀਕੇ ਪੱਤਣ 9 ਫਰਵਰੀ। ਤਰਨਤਾਰਨ ਦੇ ਪਿੰਡ ਸਭਰਾ ’ਚ ਵੱਡਾ ਹਾਦਸਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇਕ ਘਰ ’ਚ ਰੱਖੇ ਸਹਿਜ ਪਾਠ ਦੇ ਭੋਗ ਮੌਕੇ ਘਰ ਦੀ ਛੱਤ ਡਿੱਗ ਗਈ, ਜਿੱਥੇ 20 ਤੋਂ 22 ਜਣੇ ਘਰ ਦੀ ਛੱਤ ਹੇਠਾਂ ਆ ਗਏ ਅਤੇ ਇਕ ਵਿਅਕਤੀ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਹਰਭਜਨ ਸਿੰਘ ਉਰਫ ਲਵਲੀ ਪੁੱਤਰ ਭਗਵਾਨ ਸਿੰਘ ਦੇ ਘਰ ਵਿਖੇ ਸਹਿਜ ਪਾਠ ਦਾ ਭੋਗ ਸੀ ਅਤੇ ਅਨੇਕਾਂ ਲੋਕ ਉਨ੍ਹਾਂ ਦੇ ਘਰ ਆਏ ਹੋਏ ਸਨ। ਦੱਸਿਆ ਜਾ ਰਿਹਾ ਹੈ ਕਿ ਘਰ ਦੀ ਛੱਤ ’ਤੇ ਟੈਂਟ ਲਗਾ ਕੇ ਲੋਕ ਛੱਤ ’ਤੇ ਬੈਠੇ ਹੋਏ ਸਨ

## ਪਾਕਿਸਤਾਨ ਨੂੰ ਖੁਫੀਆ ਦਸਤਾਵੇਜ਼ ਭੇਜਣ ਵਾਲਾ ਇਕ ਹੋਰ ਫੌਜੀ ਗ੍ਰਿਫ਼ਤਾਰ

ਅੰਮ੍ਰਿਤਸਰ 9 ਫਰਵਰੀ। ਅੰਮ੍ਰਿਤਸਰ ਦਿਹਾਤੀ ਪੁਲਸ ਨੇ ਪਾਕਿਸਤਾਨ ਵਿਖੇ ਖੁਫੀਆ ਦਸਤਾਵੇਜ਼ ਭੇਜਣ ਵਾਲੇ ਇਕ ਹੋਰ ਫੌਜੀ ਨੂੰ ਗ੍ਰਿਫਤਾਰ ਕਰ ਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਐਸ. ਐਸ. ਪੀ. ਦਿਹਾਤੀ ਚਰਨਜੀਤ ਸਿੰਘ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਮੁਲਜ਼ਮ ਦੀ ਪਛਾਣ ਸੰਦੀਪ ਸਿੰਘ ਪੁੱਤਰ ਹਰਗੋਬਿੰਦ ਸਿੰਘ ਵਾਸੀ ਸਰਦੂਲਗੜ੍ਹ ਵਜੋਂ ਹੋਈ ਹੈ, ਜਿਸ ਨੂੰ ਪਟਿਆਲੇ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਸੰਦੀਪ ਸਿੰਘ ਫੌਜ ਦਾ ਮੁਲਾਜ਼ਮ ਹੈ ਅਤੇ ਇਸ ਸਮੇਂ ਨਾਸਿਕ ਵਿਖੇ ਤਾਇਨਾਤ ਹੈ, ਜੋ ਕਿ ਹੁਣ ਛੁੱਟੀ ’ਤੇ ਸੀ। ਸੰਦੀਪ ਸਿੰਘ ਆਪਣੇ ਸਾਥੀਆਂ ਨਾਲ ਮਿਲ ਕੇ ਫੌਜ ਦੀਆਂ ਵੱਖ-ਵੱਖ ਯੂਨਿਟਾਂ ਅਤੇ ਬ੍ਰਿਗੇਡਾਂ ਦੀ ਖੁਫੀਆ ਜਾਣਕਾਰੀ ਪਾਕਿਸਤਾਨੀ ਖੁਫੀਆ ਏਜੰਸੀਆਂ ਨੂੰ ਭੇਜਦਾ ਸੀ। ਸੰਦੀਪ ਸਿੰਘ ਪਾਸੋਂ ਤਿੰਨ ਮੋਬਾਈਲ ਹਾਸਲ ਕੀਤੇ ਗਏ ਹਨ